ਚੰਡੀਗੜ੍ਹ ਦਫ਼ਤਰ
ਐਸ.ਸੀ.ਓ. 1136
ਸੈਕਟਰ 22 ਬੀ,

Chandigarh Office
S.C.O. 1136
SECTOR 22-B
email: advtdeshpardesh.com

ਰੋਜ਼ਾਨਾ
# ਦੇਸ਼ ਪ੍ਰਦੇਸ਼
ਸੱਚੀ ਖ਼ਬਰ, ਸਹੀ ਡਗਰ, ਸਦਾ ਨਿਡਰ
ਪ੍ਰਕਾਸ਼ਨ ਦਾ 36ਵਾਂ ਸਾਲ
ਚੰਡੀਗੜ੍ਹ ਸੰਸਕਰਣ
CHANDIGARH EDITION
Email - deshpardeshchd@gmail.com
ਮੁੱਖ ਸੰਪਾਦਕ
ਸ਼ਸ਼ੀ ਪਾਲ ਜੈਨ
Des Pardes

'ਮਹਾਰੀ ਸੜਕ' ਐਪ 'ਤੇ ਆਉਣ ਵਾਲੀਆਂ ਸ਼ਿਕਾਇਤਾਂ ਦਾ 10 ਦਿਨਾਂ 'ਚ ਹੋਵੇ ਨਿਪਟਾਰਾ : ਸੀਐਮ ਸੈਣੀ 03



ਸਾਲ 2, ਅੰਕ 11 Ph (Mohali Office) : 0160-2990739; (M) : +91-98156-16078 ਐਤਵਾਰ, 11 ਅਕਤੂਬਰ 2026 ( 25 ਅੱਸੂ, ਨਾਨਕਸ਼ਾਹੀ ਸੰਮਤ 558) RNI NO. CHPUN/25/A1263. ਸਫ਼ੇ - 8 ਮੁੱਲ :₹2


# ਨਸ਼ਿਆਂ ਵਿਰੁੱਧ ਜੰਗ ਦੇ ਆਖ਼ਰੀ ਫੇਜ਼ ਦਾ ਆਗਾਜ਼ !

## ਫ਼ਤਹਿ ਬੁਰਜ ਤੋਂ ਸੀਐਮ ਮਾਨ ਨੇ 23 ਜ਼ਿਲ੍ਹਿਆਂ ਲਈ ਬਾਈਕ ਰੈਲੀ ਨੂੰ ਦਿਖਾਈ ਹਰੀ ਝੰਡੀ

**ਦੇਸ਼ ਪ੍ਰਦੇਸ਼**

**ਮੁਹਾਲੀ, 10 ਅਕਤੂਬਰ (ਦੇਸ਼ ਪ੍ਰਦੇਸ਼ ਬਿਊਰੋ)** : ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਅੱਜ ਛੱਪੜਚਿੜੀ ਦੀ ਇਤਿਹਾਸਕ ਧਰਤੀ ਤੋਂ 'ਯੁੱਧ ਨਸ਼ਿਆਂ ਵਿਰੁੱਧ' ਮੁਹਿੰਮ ਦੇ ਅੰਤਿਮ ਤੇ ਨਿਰਣਾਇਕ ਫੇਜ਼ ਦੀ ਸ਼ੁਰੂਆਤ ਕੀਤੀ। ਇਸ ਮੌਕੇ ਉਨ੍ਹਾਂ ਨੇ ਸੂਬੇ ਦੇ ਸਾਰੇ 23 ਜ਼ਿਲ੍ਹਿਆਂ ਲਈ ਇੱਕ ਵਿਸ਼ੇਸ਼ ਬਾਈਕਰਜ਼ ਰੈਲੀ ਨੂੰ ਹਰੀ ਝੰਡੀ ਦਿਖਾ ਕੇ ਰਵਾਨਾ ਕੀਤਾ, ਤਾਂ ਜੋ ਨਸ਼ਿਆਂ ਖ਼ਿਲਾਫ਼ ਇਸ ਲੜਾਈ ਨੂੰ ਇੱਕ ਵਿਆਪਕ 'ਜਨ ਅੰਦੋਲਨ' ਵਿੱਚ ਬਦਲਿਆ ਜਾ ਸਕੇ। ਇਸ ਮੌਕੇ ਮੁੱਖ ਮੰਤਰੀ ਦੇ ਨਾਲ ਫ਼ ਿ਼ਲਮ 'ਬਾਪੀ' ਦੀ ਟੀਮ, ਮਸ਼ਹੂਰ ਅਦਾਕਾਰਾ ਨੀਰੂ ਬਾਜਵਾ ਅਤੇ ਕੈਬਿਨਟ ਮੰਤਰੀ ਡਾ. ਬਲਬੀਰ ਸਿੰਘ, ਵਿਧਾਇਕ ਕੁਲਵੰਤ ਸਿੰਘ ਵੀ ਵਿਸ਼ੇਸ਼ ਤੌਰ 'ਤੇ ਹਾਜ਼ਰ ਸਨ।

ਇਕੱਠ ਨੂੰ ਸੰਬੋਧਨ ਕਰਦਿਆਂ ਮੁੱਖ ਮੰਤਰੀ ਨੇ ਕਿਹਾ ਕਿ ਛੱਪੜਚਿੜੀ ਦੀ ਧਰਤੀ ਬਾਬਾ ਬੰਦਾ ਸਿੰਘ ਬਹਾਦਰ ਜੀ ਦੇ ਜ਼ੁਲਮ ਅਤੇ ਬੇਇਨਸਾਫ਼ੀ ਵਿਰੁੱਧ ਇਤਿਹਾਸਕ ਸੰਘਰਸ਼ ਦੀ ਪ੍ਰਤੀਕ ਹੈ। ਉਸੇ ਦਲੇਰੀ, ਕੁਰਬਾਨੀ ਅਤੇ ਦ੍ਰਿੜ੍ਹਤਾ ਦੀ ਭਾਵਨਾ ਨਾਲ ਪੰਜਾਬ ਹੁਣ ਨਸ਼ਿਆਂ ਵਿਰੁੱਧ ਇਹ ਜੰਗ ਜਿੱਤੇਗਾ। ਉਨ੍ਹਾਂ ਸਪੱਸ਼ਟ ਕੀਤਾ ਕਿ ਇਹ ਲੜਾਈ ਸਿਰਫ਼ ਸਰਕਾਰ ਜਾਂ ਪੁਲਿਸ ਦੀ ਨਹੀਂ, ਸਗੋਂ ਹਰ ਪੰਜਾਬੀ ਦੀ ਸਾਂਝੀ ਜ਼ਿੰਮੇਵਾਰੀ ਹੈ। ਪੰਜਾਬ ਦੀ ਗੁਆਚੀ ਸ਼ਾਨ ਬਹਾਲ ਕਰਨ ਲਈ ਸੂਬਾ ਸਰਕਾਰ ਨਸ਼ਾ ਤਸਕਰਾਂ ਵਿਰੁੱਧ ਬਿਨਾਂ ਸਮਝੌਤੇ ਤੋਂ ਸਖ਼ਤ ਕਾਰਵਾਈ ਕਰ ਰਹੀ ਹੈ।

ਸੁਝਾਅ ਅਤੇ ਸ਼ਿਕਾਇਤ ਬਾਕਸ: ਬਾਈਕ ਰੈਲੀ ਦੇ ਨਾਲ-ਨਾਲ ਇੱਕ ਵਿਸ਼ੇਸ਼ ਵਾਹਨ ਚੱਲੇਗਾ ਜਿਸ ਵਿੱਚ ਸੁਝਾਅ ਅਤੇ ਸ਼ਿਕਾਇਤ ਬਾਕਸ ਹੋਣਗੇ। ਲੋਕ ਇਸ ਵਿੱਚ ਨਸ਼ਾ ਤਸਕਰਾਂ ਬਾਰੇ ਜਾਣਕਾਰੀ ਦੇ ਸਕਦੇ ਹਨ ਅਤੇ ਸੂਬੇ ਦੇ ਵਿਕਾਸ ਲਈ ਸੁਝਾਅ ਸਾਂਝੇ ਕਰ ਸਕਦੇ ਹਨ। ਸੀ.ਐੱਮ. ਨੇ ਲੋਕਾਂ ਨੂੰ ਅਪੀਲ ਕੀਤੀ ਕਿ ਉਹ 'ਸੇਫ਼ ਪੰਜਾਬ' ਹੈਲਪਲਾਈਨ 'ਤੇ ਤਸਕਰਾਂ ਦੀ ਜਾਣਕਾਰੀ ਬਿਨਾਂ ਝਿਜਕ ਸਾਂਝੀ ਕਰਨ, ਸਰਹੱਦ ਪਾਰੋਂ ਹੁੰਦੀ ਨਸ਼ਾ ਤਸਕਰੀ ਨੂੰ ਰੋਕਣ ਲਈ ਪੰਜਾਬ ਸਰਕਾਰ ਨੇ ਸੀਮਾ ਖੇਤਰਾਂ ਵਿੱਚ ਐਂਟੀ-ਡ੍ਰੋਨ ਸਿਸਟਮ ਤਾਇਨਾਤ ਕੀਤੇ ਹਨ। ਸਰਕਾਰ ਵਲੋਂ ਕੀਤੇ ਗਏ ਯਤਨਾਂ ਦੇ ਵੇਰਵੇ ਸਾਂਝੇ ਕਰਦਿਆਂ ਮੁੱਖ ਮੰਤਰੀ ਨੇ ਦੱਸਿਆ ਸੂਬੇ ਦੇ ਪਿੰਡਾਂ ਤੇ ਸ਼ਹਿਰਾਂ ਵਿੱਚ 15,000 ਦੇ ਲਗਭਗ 'ਵਿਲੇਜ ਐਂਡ ਵਾਰਡ ਡਿਫੈਂਸ ਕਮੇਟੀਆਂ' ਬਣਾਈਆਂ ਗਈਆਂ ਹਨ, ਜਿਨ੍ਹਾਂ ਵਿੱਚ 1.25 ਲੱਖ ਤੋਂ ਵੱਧ ਵਲੰਟੀਅਰ ਵਜੋਂ ਸੇਵਾਵਾਂ ਦੇ ਰਹੇ ਹਨ। ਹੁਣ ਤੱਕ 81,000 ਤੋਂ ਵੱਧ ਨਸ਼ਾ ਤਸਕਰ ਗ੍ਰਿਫ਼ਤਾਰ ਕੀਤੇ ਜਾ ਚੁੱਕੇ ਹਨ। 3,900 ਕਿੱਲੋ ਹੈਰੋਇਨ ਅਤੇ 983 ਕਿੱਲੋ ਅਫ਼ੀਮ ਜ਼ਬਤ ਕੀਤੀ ਗਈ ਹੈ। ਅਦਾਲਤਾਂ ਵਿੱਚ ਸਜ਼ਾ ਦਿਵਾਉਣ ਦੀ ਦਰ 89% ਤੱਕ ਪਹੁੰਚ ਗਈ ਹੈ।

* ਹੈਲਪਲਾਈਨ ਦਾ ਅਸਰ: ਸੇਫ਼ ਪੰਜਾਬ ਹੈਲਪਲਾਈਨ 'ਤੇ 51,979 ਨਾਗਰਿਕਾਂ ਨੇ ਜਾਣਕਾਰੀ ਦਿੱਤੀ, ਜਿਸ ਨਾਲ 25,339 ਗ੍ਰਿਫ਼ਤਾਰੀਆਂ ਹੋਈਆਂ। ਵਿਲੇਜ ਡਿਫੈਂਸ ਕਮੇਟੀਆਂ ਦੀ ਇਤਲਾਹ 'ਤੇ 4,000 ਤੋਂ ਵੱਧ


ਬਾਕੀ ਸਫ਼ਾ 7 'ਤੇ


# ਪੀਐਮ ਮੋਦੀ ਦੇ ਜਨ-ਸੇਵਾ ਦੇ 25 ਸਾਲ ਪੂਰੇ ਹੋਣ 'ਤੇ ਹਰਿਆਣਾ ਮੰਤਰੀ ਮੰਡਲ 'ਚ ਕੀਤਾ ਮਤਾ ਪਾਸ

## ਮੁੱਖ ਮੰਤਰੀ ਨੇ ਕਿਸਾਨਾਂ ਨੂੰ ਪਰਾਲੀ ਨਾ ਸਾੜਨ ਦੀ ਕੀਤੀ ਅਪੀਲ

**ਦੇਸ਼ ਪ੍ਰਦੇਸ਼**

**ਚੰਡੀਗੜ੍ਹ, 10 ਅਕਤੂਬਰ (ਰਾਜੇਂਦਰ ਸਿੰਘ ਜਾਦੌਂ)** : ਹਰਿਆਣਾ ਦੇ ਮੁੱਖ ਮੰਤਰੀ ਨਾਇਬ ਸਿੰਘ ਸੈਣੀ ਦੀ ਪ੍ਰਧਾਨਗੀ ਹੇਠ ਹਰਿਆਣਾ ਮੰਤਰੀ ਮੰਡਲ ਦੀ ਮੀਟਿੰਗ ਵਿੱਚ ਪ੍ਰਧਾਨ ਮੰਤਰੀ ਸ਼੍ਰੀ ਨਰਿੰਦਰ ਮੋਦੀ ਦੇ ਸਰਕਾਰ ਦੇ ਮੁਖੀ ਵਜੋਂ ਜਨ-ਸੇਵਾ ਦੇ 25 ਸਾਲ ਪੂਰੇ ਹੋਣ ਦੇ ਮੌਕੇ ਵਿੱਚ ਧੰਨਵਾਦ ਮਤਾ ਪਾਸ ਕੀਤਾ ਗਿਆ। ਮੁੱਖ ਮੰਤਰੀ ਨਾਇਬ ਸਿੰਘ ਸੈਣੀ ਨੇ ਮੰਤਰੀ ਮੰਡਲ ਦੀ ਮੀਟਿੰਗ ਤੋਂ ਬਾਅਦ ਪੱਤਰਕਾਰਾਂ ਨਾਲ ਗੱਲਬਾਤ ਕਰਦੇ ਹੋਏ ਕਿਹਾ ਕਿ ਹਰਿਆਣਾ ਦੇਸ਼ ਵਿੱਚ ਪਹਿਲਾਂ ਹੇਠਾਂ ਤੋਂ ਨੰਬਰ ਇੱਕ ਹੁੰਦਾ ਸੀ, ਪ੍ਰਧਾਨ ਮੰਤਰੀ ਦੀ ਵਿਜ਼ਨਰੀ ਸੋਚ ਅਤੇ ਭਲਾਈਕਾਰੀ ਨੀਤੀਆਂ ਦੀ ਬਦੌਲਤ ਹੁਣ ਉੱਪਰੋਂ ਨੰਬਰ ਇੱਕ 'ਤੇ ਹੈ। ਪ੍ਰਧਾਨ ਮੰਤਰੀ ਦੀ ਸੰਕਲਪ ਯਾਤਰਾ ਦੌਰਾਨ ਹਰੇਕ ਵਿਅਕਤੀ ਨੂੰ ਲਾਭ, ਗਰੀਬ ਵਿਅਕਤੀ ਨੂੰ ਮਜ਼ਬੂਤ ਬਣਾਉਣ ਅਤੇ ਸਰਲ ਤੇ ਸੁਖਾਲੇ ਜੀਵਨ ਬਾਰੇ ਵਿਸਥਾਰ ਨਾਲ ਜਾਣੂ ਕਰਵਾਇਆ ਗਿਆ ਹੈ। ਉਨ੍ਹਾਂ ਕਿਹਾ ਕਿ ਕਾਂਗਰਸ ਨੇ 55 ਸਾਲ ਰਾਜ ਕੀਤਾ ਅਤੇ ਮੋਦੀ ਜੀ ਨੇ 12 ਸਾਲਾਂ ਵਿੱਚ ਵਿਕਸਤ ਭਾਰਤ ਦਾ ਵਿਜ਼ਨ ਤਿਆਰ ਕੀਤਾ। ਇਸ ਮੌਕੇ ਮੁੱਖ ਮੰਤਰੀ ਨੇ ਕਿਸਾਨਾਂ ਨੂੰ ਅਪੀਲ ਕੀਤੀ ਕਿ ਝੋਨੇ ਦੇ ਸੀਜ਼ਨ ਦੌਰਾਨ ਉਹ ਪਰਾਲੀ ਨੂੰ ਨਾ ਸਾੜਨ। ਪਰਾਲੀ ਨਾਲ ਵਾਤਾਵਰਨ ਦੂਸ਼ਿਤ ਹੁੰਦਾ ਹੈ। ਸਰਕਾਰ ਨੇ ਪਰਾਲੀ ਪ੍ਰਬੰਧਨ ਦੀ ਵਿਵਸਥਾ ਕੀਤੀ ਹੈ। ਕਿਸਾਨਾਂ ਨੂੰ ਉਸ ਦਾ ਲਾਭ ਉਠਾਉਣਾ ਚਾਹੀਦਾ ਹੈ। ਮੁੱਖ ਮੰਤਰੀ ਨੇ ਕਿਹਾ ਕਿ ਕਾਂਗਰਸ ਸਿਰਫ਼ ਨੌਜਵਾਨਾਂ ਨੂੰ ਗੁੰਮਰਾਹ ਕਰ ਰਹੀ ਹੈ। ਪਰ ਨੌਜਵਾਨ ਉਨ੍ਹਾਂ ਦੇ ਚਰਿੱਤਰ ਅਤੇ ਚਿਹਰਿਆਂ ਨੂੰ ਚੰਗੀ ਤਰ੍ਹਾਂ ਪਛਾਣਦੇ ਹਨ। ਉਨ੍ਹਾਂ ਕਿਹਾ ਕਿ ਅੱਜ ਦੇ ਨੌਜਵਾਨ ਨੂੰ ਮੋਦੀ ਦੀਆਂ ਨੀਤੀਆਂ ਬਾਰੇ ਵਿਸਥਾਰ ਨਾਲ ਜਾਣੂ ਕਰਵਾਉਣਾ ਹੈ। ਨੌਜਵਾਨਾਂ ਨੂੰ ਵਿਰੋਧੀ ਧਿਰ ਦੇ ਕਾਰਨਾਮਿਆਂ ਬਾਰੇ ਪੂਰੀ ਜਾਣਕਾਰੀ ਨਹੀਂ ਹੈ। ਨਾਇਬ ਸਿੰਘ ਸੈਣੀ ਨੇ ਕਿਹਾ ਕਿ ਪਿਛਲੇ ਦਿਨੀਂ ਜਦੋਂ ਇੱਕ ਪਾਸੇ ਜੰਤਰ-ਮੰਤਰ 'ਤੇ ਧਰਨਾ ਹੋ ਰਿਹਾ ਸੀ, ਉਸ ਸਮੇਂ ਉਨ੍ਹਾਂ ਜਦੋਂ ਯਮੁਨਾਨਗਰ ਵਿੱਚ ਨਸ਼ਾ ਮੁਕਤ ਮੁਹਿੰਮ ਦੀ ਸ਼ੁਰੂਆਤ ਕੀਤੀ ਤਾਂ ਇੱਕ ਲੱਖ ਨੌਜਵਾਨਾਂ ਨੇ ਹਿੱਸਾ ਲਿਆ। ਹਰਿਆਣਾ ਦੇ ਨੌਜਵਾਨਾਂ ਵਿੱਚ ਪ੍ਰਤਿਭਾ ਦੀ ਕੋਈ ਕਮੀ ਨਹੀਂ ਹੈ, ਉਸ ਦਾ ਸਕਾਰਾਤਮਕ ਰੂਪ ਵਿੱਚ ਉਪਯੋਗ ਕੀਤਾ ਜਾਣਾ ਚਾਹੀਦਾ ਹੈ। ਉਨ੍ਹਾਂ ਦੇ ਸਹਿਯੋਗ ਨਾਲ ਹੀ ਵਿਕਸਤ ਭਾਰਤ ਦਾ ਸੰਕਲਪ ਪੂਰਾ ਹੋ ਸਕੇਗਾ। ਮੁੱਖ ਮੰਤਰੀ ਨੇ ਕਿਹਾ ਕਿ ਇਸ ਮਤੇ ਰਾਹੀਂ ਹਰਿਆਣਾ ਦੀ 3 ਕਰੋੜ ਜਨਤਾ ਵੱਲੋਂ ਉਨ੍ਹਾਂ ਦੀ ਰਾਸ਼ਟਰ ਨੂੰ ਸਮਰਪਿਤ ਲੀਡਰਸ਼ਿਪ, ਅਣਥੱਕ ਮਿਹਨਤ ਅਤੇ ਜਨ-ਭਲਾਈ ਦੇ ਸੰਕਲਪ ਪ੍ਰਤੀ ਧੰਨਵਾਦ ਪ੍ਰਗਟ ਕੀਤਾ ਗਿਆ ਹੈ। ਇਹ ਉਸ ਸੇਵਾ ਭਾਵਨਾ ਦਾ ਅਭਿਨੰਦਨ ਹੈ, ਜਿਸ ਨੇ ਕਰੋੜਾਂ ਦੇਸ਼ ਵਾਸੀਆਂ ਦੇ ਜੀਵਨ ਵਿੱਚ ਆਸ, ਸਨਮਾਨ ਅਤੇ ਵਿਸ਼ਵਾਸ ਜਗਾਇਆ ਹੈ। ਨਾਇਬ ਸਿੰਘ ਸੈਣੀ ਨੇ ਕਿਹਾ ਕਿ ਪ੍ਰਧਾਨ ਮੰਤਰੀ ਜੀ ਨੇ ਭਾਰਤ ਨੂੰ ਵੱਡੇ ਟੀਚੇ ਨਿਰਧਾਰਿਤ ਕਰਨ ਅਤੇ ਉਨ੍ਹਾਂ ਨੂੰ ਪ੍ਰਾਪਤ ਕਰਨ ਦਾ ਆਤਮ-ਵਿਸ਼ਵਾਸ ਦਿੱਤਾ ਹੈ। ਵਿਕਸਤ ਭਾਰਤ ਯਾਤਰਾ ਕੱਢ ਕੇ ਜਨਤਾ ਨੂੰ ਜਾਗਰੂਕ ਕੀਤਾ ਗਿਆ ਜਿਸ ਵਿੱਚ ਆਤਮ-ਨਿਰਭਰਤਾ, ਆਧੁਨਿਕ ਬੁਨਿਆਦੀ ਢਾਂਚਾ ਡਿਜੀਟਲ ਸਸ਼ਕਤੀਕਰਨ ਅਤੇ ਸਵਦੇਸ਼ੀ ਸਮਰੱਥਾ ਪ੍ਰਤੀ ਉਨ੍ਹਾਂ ਦੀ ਅਪੀਲ ਰਾਸ਼ਟਰ ਨਿਰਮਾਣ ਨੂੰ ਨਵੀਂ ਦਿਸ਼ਾ ਦਿੰਦਾ ਹੈ। ਵਿਕਾਸ ਦੇ ਨਾਲ ਵਿਰਾਸਤ ਅਤੇ ਪ੍ਰਗਤੀ ਦੇ ਨਾਲ ਸੱਭਿਆਚਾਰਕ ਸਵੈ-ਮਾਣ ਨੂੰ ਸਨਮਾਨ ਦੇਣ ਦੀ ਉਨ੍ਹਾਂ


ਬਾਕੀ ਸਫ਼ਾ 7 'ਤੇ


# ਦਿੱਲੀ 'ਚ ਚੋਣ ਕਮਿਸ਼ਨ ਖ਼ਿਲਾਫ਼ ਜੰਤਰ ਮੰਤਰ 'ਤੇ ਪ੍ਰਦਰਸ਼ਨ

## ➢ ਜੰਤਰ-ਮੰਤਰ ਵੱਲ ਜਾਣ ਤੋਂ ਪਹਿਲਾਂ ਹੀ ਪੁਲਿਸ ਵਲੋਂ ਕੇਜਰੀਵਾਲ ਤੇ ਮਮਤਾ ਬੈਨਰਜੀ ਸਮੇਤ 1000 ਤੋਂ ਵੱਧ ਪ੍ਰਦਰਸ਼ਨਕਾਰੀ ਹਿਰਾਸਤ 'ਚ

**ਦੇਸ਼ ਪ੍ਰਦੇਸ਼**

**ਨਵੀਂ ਦਿੱਲੀ, 10 ਅਕਤੂਬਰ (ਦੇਸ਼ ਪ੍ਰਦੇਸ਼ ਬਿਊਰੋ)** : ਰਾਜਧਾਨੀ ਦਿੱਲੀ ਵਿੱਚ 10 ਅਕਤੂਬਰ ਨੂੰ ਚੋਣ ਕਮਿਸ਼ਨ ਅਤੇ ਮੁੱਖ ਚੋਣ ਕਮਿਸ਼ਨਰ ਗਿਆਨੇਸ਼ ਕੁਮਾਰ ਖ਼ਿਲਾਫ਼ ਪ੍ਰਦਰਸ਼ਨਾਂ ਦੌਰਾਨ ਸਿਆਸੀ ਮਾਹੌਲ ਤਣਾਅਪੂਰਨ ਹੋ ਗਿਆ। ਵੋਟਰ ਸੂਚੀਆਂ ਦੀ ਵਿਸ਼ੇਸ਼ ਗਹਿਰੀ ਸੋਧ ਅਤੇ ਕਥਿਤ ਤੌਰ 'ਤੇ ਵੋਟਰਾਂ ਦੇ ਨਾਂ ਕੱਟੇ ਜਾਣ ਦੇ ਮੁੱਦੇ 'ਤੇ ਵੱਖ-ਵੱਖ ਸਿਆਸੀ ਪਾਰਟੀਆਂ ਅਤੇ ਨੌਜਵਾਨ ਕਾਰਕੁਨਾਂ ਨੇ ਵਿਰੋਧ ਪ੍ਰਦਰਸ਼ਨ ਕੀਤੇ। ਦਿੱਲੀ ਵਿੱਚ ਜੰਤਰ-ਮੰਤਰ ਵਿਖੇ ਪ੍ਰਦਰਸ਼ਨ ਕਰਨ ਲਈ ਜਾ ਰਹੇ ਸਾਬਕਾ ਮੁੱਖ ਮੰਤਰੀ ਅਰਵਿੰਦ ਕੇਜਰੀਵਾਲ ਅਤੇ ਮਮਤਾ ਬੈਨਰਜੀ ਨੂੰ ਦਿੱਲੀ ਪੁਲਿਸ ਨੇ ਹਿਰਾਸਤ ਵਿੱਚ ਲੈ ਲਿਆ। ਹੁਣ ਤੱਕ ਜੰਤਰ-ਮੰਤਰ, ਕਨਾਟ ਪਲੇਸ ਅਤੇ ਮਿੰਟੋ ਬ੍ਰਿਜ ਸਮੇਤ ਵੱਖ-ਵੱਖ ਇਲਾਕਿਆਂ ਤੋਂ 1,000 ਤੋਂ ਵੱਧ ਪ੍ਰਦਰਸ਼ਨਕਾਰੀਆਂ ਨੂੰ ਵੀ ਹਿਰਾਸਤ ਵਿੱਚ ਲਿਆ ਗਿਆ ਹੈ। ਸੀਜੇਪੀ ਦੇ ਸੰਸਥਾਪਕ ਅਭਿਜੀਤ ਦੀਪਕੇ ਨੂੰ ਮੁੰਬਈ ਤੋਂ ਦਿੱਲੀ ਪਹੁੰਚਣ 'ਤੇ ਜਹਾਜ਼ ਦੇ ਅੰਦਰੋਂ ਹੀ ਹਿਰਾਸਤ ਵਿੱਚ ਲੈ ਲਿਆ ਗਿਆ। ਪੁਲਿਸ ਉਨ੍ਹਾਂ ਦੇ ਨਾਲ ਸੀਜੇਪੀ ਆਗੂਆਂ ਸੌਰਵ ਦਾਸ ਅਤੇ ਆਸ਼ੂਤੋਸ਼ ਰੰਕਾ ਨੂੰ ਵੀ ਆਪਣੇ ਨਾਲ ਲੈ ਗਈ। ਪੁਲਿਸ ਨੇ ਜੰਤਰ-ਮੰਤਰ ਅਤੇ ਆਲੇ-ਦੁਆਲੇ ਦੇ ਇਲਾਕਿਆਂ ਵਿੱਚ ਬੈਰੀਕੇਡ ਲਗਾਏ ਅਤੇ ਵੱਖ-ਵੱਖ ਥਾਵਾਂ 'ਤੇ ਜਾਂਚ ਲਈ ਨਾਕੇ ਕਾਇਮ ਕੀਤੇ। ਕਈ ਪ੍ਰਦਰਸ਼ਨਕਾਰੀਆਂ ਨੂੰ ਰੋਕ ਕੇ ਹਿਰਾਸਤ ਵਿੱਚ ਲਿਆ ਗਿਆ । ਆਕਾਸ਼ਵਾਣੀ ਭਵਨ ਨੇੜੇ ਪੁਲਿਸ ਮੁਲਾਜ਼ਮਾਂ 'ਤੇ ਪੱਥਰਬਾਜ਼ੀ ਦੀ ਘਟਨਾ ਸਾਹਮਣੇ ਆਈ ਹੈ। ਅਧਿਕਾਰੀਆਂ ਅਨੁਸਾਰ, ਇਸ ਘਟਨਾ ਵਿੱਚ ਦੋ ਪੁਲਿਸ ਅਧਿਕਾਰੀ ਜ਼ਖ਼ਮੀ ਹੋ ਗਏ ਅਤੇ ਕਈ ਵਿਅਕਤੀਆਂ ਨੂੰ ਹਿਰਾਸਤ ਵਿੱਚ ਲਿਆ ਗਿਆ ਹੈ। ਘਟਨਾ ਤੋਂ ਬਾਅਦ ਇਲਾਕੇ ਵਿੱਚ ਸੁਰੱਖਿਆ ਪ੍ਰਬੰਧ ਸਖ਼ਤ ਕਰ ਦਿੱਤੇ ਗਏ ਹਨ। ਇਸੇ ਦੌਰਾਨ ਆਮ ਆਦਮੀ ਪਾਰਟੀ ਅਤੇ


ਬਾਕੀ ਸਫ਼ਾ 7 'ਤੇ


## ਭਾਜਪਾ ਵਲੋਂ ਅਰਾਜਕਤਾ ਫੈਲਾਉਣ ਦਾ ਦੋਸ਼

ਭਾਜਪਾ ਦਾ ਕਹਿਣਾ ਹੈ ਕਿ ਅਰਾਜਕਤਾ ਫੈਲਾਈ ਜਾ ਰਹੀ ਹੈ। ਭਾਜਪਾ ਦੇ ਬੁਲਾਰੇ ਸੰਬਿਤ ਪਾਤਰਾ ਨੇ ਕਿਹਾ ਕਿ ਅਸੀਂ ਦਿੱਲੀ ਦੇ ਇੱਕ ਕੋਨੇ ਵਿੱਚ ਅਰਾਜਕਤਾਵਾਦੀ ਤੱਤਾਂ ਦਾ 'ਫਲਾਪ ਸ਼ੋਅ' ਦੇਖ ਰਹੇ ਹਾਂ। ਇਰਾਦਾ ਅੱਗਜ਼ਨੀ ਅਤੇ ਸੜਕੀ ਝੜਪਾਂ ਭੜਕਾਉਣ ਦਾ ਸੀ, ਪਰ ਅੱਜ ਲੋਕਤੰਤਰ ਦੀ ਭੀੜ-ਤੰਤਰ (ਮੌਬ ਰੂਲ) 'ਤੇ ਜਿੱਤ ਹੋਈ ਹੈ ਕਿਉਂਕਿ ਸਾਰੀ ਸਥਿਤੀ ਕਾਬੂ ਹੇਠ ਹੈ। 12 ਤਾਰੀਖ਼ ਲਈ ਪ੍ਰਦਰਸ਼ਨ ਦਾ ਸੱਦਾ ਦਿੱਤਾ ਗਿਆ ਸੀ; ਭਾਰਤ ਵਿੱਚ ਸਥਿਤੀ ਨੂੰ ਅਸਥਿਰ ਕਰਨ ਦੀਆਂ ਕੋਸ਼ਿਸ਼ਾਂ ਕੀਤੀਆਂ ਜਾ ਰਹੀਆਂ ਹਨ। ਇਨ੍ਹਾਂ ਅਰਾਜਕਤਾਵਾਦੀ ਤੱਤਾਂ ਦੀਆਂ ਆਪਣੀਆਂ ਕਤਾਰਾਂ ਵਿੱਚ ਵੀ ਹਫੜਾ-ਦਫੜੀ ਮਚੀ ਹੋਈ ਹੈ। ਆਮ ਆਦਮੀ ਪਾਰਟੀ ਦਾ ਦਾਅਵਾ ਹੈ ਕਿ ਕਾਂਗਰਸ ਨੇ ਸੰਵਿਧਾਨ ਨੂੰ ਬਚਾਉਣ ਦਾ ਠੇਕਾ ਲਿਆ ਹੈ ਅਤੇ ਉਨ੍ਹਾਂ ਨੇ ਵੀ ਅਜਿਹਾ ਹੀ ਕੀਤਾ ਹੈ; ਇਸ ਤਰ੍ਹਾਂ ਨਹੀਂ ਚੱਲੇਗਾ। ਕੱਲ੍ਹ ਜੋ ਹੋਇਆ ਉਸ 'ਤੇ ਨਜ਼ਰ ਮਾਰੋ—ਕੁਝ ਆਗੂ ਰਾਸ਼ਟਰਪਤੀ ਭਵਨ ਗਏ ਸਨ। ਰਾਹੁਲ ਗਾਂਧੀ ਦਾ ਬਿਆਨ ਇੱਕ ਅਯੋਗ ਆਗੂ ਵਾਲਾ ਹੈ; ਮੈਂ ਇਹ ਗੱਲ ਅਫ਼ਸੋਸ ਨਾਲ ਕਹਿ ਰਿਹਾ ਹਾਂ। ਪਾਤਰਾ ਨੇ ਇੱਕ ਸੰਵਿਧਾਨਕ ਸੰਸਥਾ ਬਾਰੇ ਵਰਤੀ ਗਈ ਭਾਸ਼ਾ 'ਤੇ ਟਿੱਪਣੀ ਕੀਤੀ। ਰਾਹੁਲ ਗਾਂਧੀ ਨੇ ਦਾਅਵਾ ਕੀਤਾ ਕਿ ਉਹ ਵੋਟਾਂ ਦੀ ਚੋਰੀ ਦੇ ਮੁੱਦੇ 'ਤੇ ਰਾਸ਼ਟਰਪਤੀ ਕੋਲ ਗਏ ਸਨ ਅਤੇ ਰਾਸ਼ਟਰਪਤੀ ਨੇ ਮੰਨਿਆ ਕਿ ਚੋਰੀ ਅਸਲ ਵਿੱਚ ਹੋਈ ਸੀ। ਜੇਕਰ ਕੋਈ ਸਬੂਤ ਹੈ, ਤਾਂ ਪੇਸ਼ ਕਰੋ।

# ਮੁਲਾਜ਼ਮਾਂ ਅਤੇ ਪੈਨਸ਼ਨਰਾਂ ਨੇ ਵੱਡੀ ਰੈਲੀ ਕਰਕੇ ਪੰਜਾਬ ਸਰਕਾਰ ਨੂੰ ਦਿੱਤੀ ਮੁੜ ਚੁਣੌਤੀ

## 21 ਤੇ 22 ਅਕਤੂਬਰ ਨੂੰ ਸਮੂਹਿਕ ਛੁੱਟੀ ਲੈ ਕੇ ਕੀਤੇ ਜਾਣਗੇ ਰੋਸ ਪ੍ਰਦਰਸ਼ਨ

**ਦੇਸ਼ ਪ੍ਰਦੇਸ਼**

**ਸੰਗਰੂਰ, 10 ਅਕਤੂਬਰ (ਜਸਪਾਲ ਸਿੰਘ ਸਰਾਓ)** : ਪੰਜਾਬ ਮੁਲਾਜ਼ਮ ਤੇ ਪੈਨਸ਼ਨਰਜ਼ ਸਾਂਝਾ ਫਰੰਟ ਅਤੇ ਮੁਲਾਜ਼ਮ ਮੰਚ ਪੰਜਾਬ ਦੀ ਸਾਂਝੀ ਤਾਲਮੇਲ ਕਮੇਟੀ ਵੱਲੋਂ ਆਪਣੀ ਮੰਗਾਂ ਦੇ ਹੱਕ ਵਿੱਚ ਅਤੇ ਪੰਜਾਬ ਸਰਕਾਰ ਦੀਆਂ ਵਾਅਦਾ ਖ਼ਿਲਾਫ਼ੀਆਂ ਦੇ ਵਿਰੋਧ ਵਿੱਚ ਵਿਸ਼ਾਲ ਸੂਬਾ ਪੱਧਰੀ ਰੈਲੀ ਕੀਤੀ ਗਈ ਜਿਸ ਵਿੱਚ ਪੰਜਾਬ ਦੇ ਹਜ਼ਾਰਾਂ ਮੁਲਾਜ਼ਮਾਂ, ਪੈਨਸ਼ਨਰਾਂ ਅਤੇ ਮਾਣਭੱਤਾ (ਮਿੱਡ-ਡੇ-ਮੀਲ, ਆਸ਼ਾ ਤੇ ਆਂਗਣਵਾੜੀ) ਵਰਕਰਾ

# ਸਾਬਕਾ ਮੰਤਰੀ ਸਿਕੰਦਰ ਸਿੰਘ ਮਲੂਕਾ ਵੱਲੋਂ ਪਿੰਡ ਮਲੂਕਾ ਦੇ ਬੂਥ ਨੰਬਰ 39 ਵਿਖੇ ਡੋਰ-ਟੂ-ਡੋਰ ਮੁਹਿੰਮ ਤਹਿਤ ਮੀਟਿੰਗ

## ਇਸ ਮੌਕੇ 11 ਪਰਿਵਾਰਾਂ ਨੇ ਸ਼੍ਰੋਮਣੀ ਅਕਾਲੀ ਦਲ ਵਿੱਚ ਕੀਤੀ ਸ਼ਮੂਲੀਅਤ

ਭਗਤਾ ਭਾਈ 10 ਅਕਤੂਬਰ (ਸਿਕੰਦਰ ਸਿੰਘ ਕੋਇਰ ਸਿੰਘ ਵਾਲਾ)- ਸ਼੍ਰੋਮਣੀ ਅਕਾਲੀ ਦਲ ਵੱਲੋਂ ਪੰਜਾਬ ਦੇ ਲੋਕਾਂ ਨਾਲ ਸਿੱਧਾ ਸੰਪਰਕ ਸਥਾਪਤ ਕਰਨ ਅਤੇ ਪਾਰਟੀ ਦੀਆਂ ਨੀਤੀਆਂ ਤੇ ਵਿਚਾਰਧਾਰਾ ਨੂੰ ਘਰ-ਘਰ ਪਹੁੰਚਾਉਣ ਲਈ ਸ਼ੁਰੂ ਕੀਤੀ ਗਈ ਡੋਰ-ਟੂ-ਡੋਰ ਮੁਹਿੰਮ ਤਹਿਤ ਅੱਜ ਸਾਬਕਾ ਕੈਬਨਿਟ ਮੰਤਰੀ ਸਿਕੰਦਰ ਸਿੰਘ ਮਲੂਕਾ ਨੇ ਪਿੰਡ ਮਲੂਕਾ ਦੇ ਬੂਥ ਨੰਬਰ 39 ਵਿਖੇ ਮੀਟਿੰਗ ਕੀਤੀ।ਇਸ ਮੌਕੇ 11 ਪਰਿਵਾਰਾਂ ਨੇ ਸ਼੍ਰੋਮਣੀ ਅਕਾਲੀ ਦਲ ਵਿੱਚ ਸ਼ਮੂਲੀਅਤ ਕੀਤੀ। ਇਸ ਮੌਕੇ ਸਿਕੰਦਰ ਸਿੰਘ ਮਲੂਕਾ ਨੇ ਪਾਰਟੀ ਵਿੱਚ ਸ਼ਾਮਲ ਹੋਏ ਪਰਿਵਾਰਾਂ ਦਾ ਸਵਾਗਤ ਕਰਦਿਆਂ ਉਨ੍ਹਾਂ ਨੂੰ ਪਾਰਟੀ ਵਿੱਚ ਬਣਦਾ ਮਾਣ-ਸਤਿਕਾਰ ਦੇਣ ਦਾ ਭਰੋਸਾ ਦਿੱਤਾ।

ਇਸ ਸਮੇਂ ਉਨ੍ਹਾਂ ਨੇ ਹਾਜ਼ਰ ਪਾਰਟੀ ਵਰਕਰਾਂ ਅਤੇ ਪਿੰਡ ਵਾਸੀਆਂ ਨਾਲ ਵਿਚਾਰ-ਵਟਾਂਦਰਾ ਕਰਦਿਆਂ ਆਮ ਆਦਮੀ ਪਾਰਟੀ ਦੀ ਸਰਕਾਰ ਦੀਆਂ ਨਾਕਾਮੀਆਂ ਬਾਰੇ ਜਾਣੂ ਕਰਵਾਇਆ। ਉਨ੍ਹਾਂ ਕਿਹਾ ਕਿ ਪੰਜਾਬ ਦੇ ਲੋਕਾਂ ਨੇ ਬਦਲਾਅ ਦੀ ਉਮੀਦ ਨਾਲ ਆਮ ਆਦਮੀ ਪਾਰਟੀ ਨੂੰ ਸੱਤਾ ਸੌਂਪੀ ਸੀ, ਪਰ ਲੋਕ ਅੱਜ ਵੀ ਆਪਣੀਆਂ ਬੁਨਿਆਦੀ ਸਮੱਸਿਆਵਾਂ ਦੇ ਹੱਲ ਦੀ ਉਡੀਕ ਕਰ ਰਹੇ ਹਨ। ਉਨ੍ਹਾਂ ਕਿਹਾ ਕਿ ਸੂਬੇ ਦੇ ਲੋਕਾਂ ਨਾਲ ਕੀਤੇ ਵਾਅਦਿਆਂ ਅਤੇ ਜ਼ਮੀਨੀ ਹਕੀਕਤ ਵਿਚਲਾ ਫ਼ਰਕ ਲੋਕਾਂ ਸਾਹਮਣੇ ਲਿਆਉਣਾ ਸਮੇਂ ਦੀ ਲੋੜ ਹੈ।ਸਰਦਾਰ ਮਲੂਕਾ ਨੇ ਸ਼੍ਰੋਮਣੀ ਅਕਾਲੀ ਦਲ ਦੀ ਸਰਕਾਰ ਸਮੇਂ ਲਾਗੂ ਕੀਤੀਆਂ ਲੋਕ ਭਲਾਈ ਸਕੀਮਾਂ ਅਤੇ ਪੰਜਾਬ ਦੇ ਵਿਕਾਸ ਲਈ ਕੀਤੇ ਕੰਮਾਂ ਬਾਰੇ ਵੀ ਲੋਕਾਂ ਨੂੰ ਜਾਣੂ ਕਰਵਾਇਆ। ਉਨ੍ਹਾਂ ਕਿਹਾ ਕਿ ਸ਼੍ਰੋਮਣੀ ਅਕਾਲੀ ਦਲ ਨੇ ਹਮੇਸ਼ਾ ਪੰਜਾਬ, ਪੰਜਾਬੀਅਤ ਅਤੇ ਸੂਬੇ ਦੇ ਲੋਕਾਂ ਦੇ ਹਿੱਤਾਂ ਦੀ ਰਾਖੀ ਨੂੰ ਤਰਜੀਹ ਦਿੱਤੀ ਹੈ। ਪਾਰਟੀ ਦੀਆਂ ਸਰਕਾਰਾਂ ਸਮੇਂ ਸ਼ੁਰੂ ਕੀਤੀਆਂ ਲੋਕ ਭਲਾਈ ਯੋਜਨਾਵਾਂ ਨੇ ਸਮਾਜ ਦੇ ਵੱਖ-ਵੱਖ ਵਰਗਾਂ ਨੂੰ ਲਾਭ ਪਹੁੰਚਾਇਆ ਅਤੇ ਪੰਜਾਬ ਦੇ ਵਿਕਾਸ ਵਿੱਚ ਅਹਿਮ ਯੋਗਦਾਨ ਪਾਇਆ। ਉਨ੍ਹਾਂ ਕਿਹਾ ਕਿ ਡੋਰ-ਟੂ-ਡੋਰ ਮੁਹਿੰਮ ਦਾ ਮੁੱਖ ਉਦੇਸ਼ ਲੋਕਾਂ ਨਾਲ ਸਿੱਧਾ ਰਾਬਤਾ ਕਾਇਮ ਕਰਨਾ, ਉਨ੍ਹਾਂ ਦੀਆਂ ਸਮੱਸਿਆਵਾਂ ਸੁਣਨਾ ਅਤੇ ਸ਼੍ਰੋਮਣੀ ਅਕਾਲੀ ਦਲ ਦੀਆਂ ਨੀਤੀਆਂ ਤੇ ਪਿਛਲੀ ਸਰਕਾਰ ਦੇ ਕੰਮਾਂ ਬਾਰੇ ਤੱਥਾਂ ਸਮੇਤ ਜਾਣਕਾਰੀ ਦੇਣਾ ਹੈ। ਉਨ੍ਹਾਂ ਪਾਰਟੀ ਵਰਕਰਾਂ ਨੂੰ ਅਪੀਲ ਕੀਤੀ ਕਿ ਉਹ ਘਰ-ਘਰ ਜਾ ਕੇ ਲੋਕਾਂ ਨਾਲ ਸੰਪਰਕ ਬਣਾਉਣ ਅਤੇ ਪਾਰਟੀ ਦੀਆਂ ਨੀਤੀਆਂ ਨੂੰ ਹਰ ਵਰਗ ਤੱਕ ਪਹੁੰਚਾਉਣ ਲਈ ਪੂਰੀ ਤਨਦੇਹੀ ਨਾਲ ਕੰਮ ਕਰਨ।

ਮੀਟਿੰਗ ਦੌਰਾਨ ਉਨ੍ਹਾਂ ਨੇ ਵਰਕਰਾਂ ਨੂੰ ਇਕਜੁੱਟ ਹੋ ਕੇ ਪਾਰਟੀ ਨੂੰ ਹੋਰ ਮਜ਼ਬੂਤ ਕਰਨ ਅਤੇ ਲੋਕਾਂ ਦੇ ਮਸਲਿਆਂ ਨੂੰ ਪਹਿਲ ਦੇ ਆਧਾਰ 'ਤੇ ਉਠਾਉਣ ਲਈ ਪ੍ਰੇਰਿਤ ਕੀਤਾ।

# ਵਿਧਾਇਕ ਬਲਕਾਰ ਸਿੱਧੂ ਦੇ ਜਨਮ ਦਿਨ ਮੌਕੇ ਖ਼ੂਨਦਾਨ ਕੈਂਪ, 72 ਯੂਨਿਟ ਖ਼ੂਨਦਾਨ

ਬਠਿੰਡਾ 10 ਅਕਤੂਬਰ ( ਰਾਣਾ ਸ਼ਰਮਾਂ ) ਹਲਕਾ ਰਾਮਪੁਰਾ ਫੂਲ ਦੇ ਵਿਧਾਇਕ ਬਲਕਾਰ ਸਿੰਘ ਸਿੱਧੂ ਦੇ ਜਨਮ ਦਿਨ ਦੀ ਖੁਸ਼ੀ ਵਿੱਚ ਸਥਾਨਕ ਪੰਚਾਇਤੀ ਧਰਮਸ਼ਾਲਾ ਵਿਖੇ ਵਿਸ਼ਾਲ ਖ਼ੂਨਦਾਨ ਕੈਂਪ

**• ਲੋਕਾਂ ਦੀ ਸੇਵਾ ਅਤੇ ਹਲਕੇ ਦਾ ਵਿਕਾਸ ਮੇਰੀ ਮੁੱਖ ਤਰਜੀਹ: ਬਲਕਾਰ ਸਿੱਧੂ**

ਲਗਾਇਆ ਗਿਆ। ਨਗਰ ਕੌਂਸਲ ਰਾਮਪੁਰਾ ਫੂਲ ਦੀ ਪ੍ਰਧਾਨ ਕਿਰਨਦੀਪ ਕੌਰ ਬਰਾੜ ਦੀ ਅਗਵਾਈ ਹੇਠ ਲਗਾਏ ਗਏ ਇਸ ਕੈਂਪ ਦੌਰਾਨ ਖ਼ੂਨਦਾਨੀਆਂ ਨੇ ਉਤਸ਼ਾਹ ਨਾਲ ਭਾਗ ਲੈਂਦਿਆਂ 72 ਯੂਨਿਟ ਖ਼ੂਨਦਾਨ ਕੀਤਾ। ਇਸ ਮੌਕੇ ਖ਼ੂਨਦਾਨੀਆਂ ਨੂੰ ਸਨਮਾਨਿਤ ਵੀ ਕੀਤਾ ਗਿਆ। ਇਸ ਮੌਕੇ ਵਿਧਾਇਕ ਬਲਕਾਰ ਸਿੰਘ ਸਿੱਧੂ ਨੇ ਕਿਹਾ ਕਿ ਜਨਮ ਦਿਨ ਵਰਗੇ ਖ਼ਾਸ ਮੌਕਿਆਂ ਨੂੰ ਸਮਾਜ ਸੇਵਾ ਦੇ ਕਾਰਜਾਂ ਨਾਲ ਜੋੜਨਾ ਇੱਕ ਚੰਗੀ ਪਹਿਲ ਹੈ। ਖ਼ੂਨਦਾਨ ਮਹਾਨ ਕਾਰਜ ਹੈ, ਕਿਉਂਕਿ ਸਾਡੇ ਵੱਲੋਂ ਦਾਨ ਕੀਤਾ ਖ਼ੂਨ ਕਿਸੇ ਲੋੜਵੰਦ ਮਰੀਜ਼ ਦੀ ਜਾਨ ਬਚਾਉਣ ਵਿੱਚ ਸਹਾਈ ਹੋ ਸਕਦਾ ਹੈ। ਉਨ੍ਹਾਂ ਕਿਹਾ ਕਿ ਸਮਾਜ ਦੀ ਭਲਾਈ ਲਈ ਅਜਿਹੇ ਉਪਰਾਲਿਆਂ ਵਿੱਚ ਨੌਜਵਾਨਾਂ ਅਤੇ ਸਮਾਜਿਕ ਜਥੇਬੰਦੀਆਂ ਦੀ ਸ਼ਮੂਲੀਅਤ ਬਹੁਤ ਜ਼ਰੂਰੀ ਹੈ। ਹਲਕੇ ਦੇ ਵਿਕਾਸ ਸਬੰਧੀ ਗੱਲ ਕਰਦਿਆਂ ਵਿਧਾਇਕ ਬਲਕਾਰ ਸਿੰਘ ਸਿੱਧੂ ਨੇ ਕਿਹਾ ਕਿ ਰਾਮਪੁਰਾ ਫੂਲ ਹਲਕੇ ਦਾ ਸਰਵਪੱਖੀ ਵਿਕਾਸ ਅਤੇ ਲੋਕਾਂ ਦੀਆਂ ਸਮੱਸਿਆਵਾਂ ਦਾ ਹੱਲ ਉਨ੍ਹਾਂ ਦੀਆਂ ਮੁੱਖ ਤਰਜੀਹਾਂ ਵਿੱਚ ਸ਼ਾਮਲ ਹੈ। ਉਨ੍ਹਾਂ ਕਿਹਾ ਕਿ ਹਲਕੇ ਦੇ ਲੋਕਾਂ ਦੀਆਂ ਲੋੜਾਂ ਅਨੁਸਾਰ ਵਿਕਾਸ ਕਾਰਜਾਂ ਨੂੰ ਅੱਗੇ ਵਧਾਉਣ, ਬੁਨਿਆਦੀ ਸਹੂਲਤਾਂ ਵਿੱਚ ਸੁਧਾਰ ਕਰਨ ਅਤੇ ਆਮ ਲੋਕਾਂ ਨੂੰ ਦਰਪੇਸ਼ ਮੁਸ਼ਕਲਾਂ ਦੇ ਹੱਲ ਲਈ ਲਗਾਤਾਰ ਯਤਨ ਕੀਤੇ ਜਾ ਰਹੇ ਹਨ। ਉਨ੍ਹਾਂ ਅਨੁਸਾਰ ਵਿਕਾਸ ਦਾ ਅਸਲ ਮਕਸਦ ਲੋਕਾਂ ਦੇ ਜੀਵਨ ਨੂੰ ਬਿਹਤਰ ਬਣਾਉਣਾ ਅਤੇ ਹਰ ਵਰਗ ਤੱਕ ਲੋੜੀਂਦੀਆਂ ਸਹੂਲਤਾਂ ਪਹੁੰਚਾਉਣਾ ਹੈ। ਉਨ੍ਹਾਂ ਕਿਹਾ ਕਿ ਵਿਕਾਸ ਕਾਰਜਾਂ ਦੇ ਨਾਲ-ਨਾਲ ਸਮਾਜਿਕ ਜ਼ਿੰਮੇਵਾਰੀਆਂ ਨਿਭਾਉਣਾ ਵੀ ਸਾਰਿਆਂ ਦਾ ਫ਼ਰਜ਼ ਹੈ। ਲੋਕਾਂ ਦੇ ਸਹਿਯੋਗ ਨਾਲ ਹਲਕੇ ਨੂੰ ਤਰੱਕੀ ਦੀਆਂ ਲੀਹਾਂ 'ਤੇ ਅੱਗੇ ਲਿਜਾਣ ਲਈ ਯਤਨ ਜਾਰੀ ਰਹਿਣਗੇ। ਇਸ ਮੌਕੇ ਨਗਰ ਕੌਂਸਲ ਰਾਮਪੁਰਾ ਫੂਲ ਦੀ ਪ੍ਰਧਾਨ ਕਿਰਨਦੀਪ ਕੌਰ ਬਰਾੜ, ਸੀਨੀਅਰ ਆਗੂ ਰੌਬੀ ਬਰਾੜ, ਸਿੱਖਿਆ ਹਲਕਾ ਕੋਆਰਡੀਨੇਟਰ ਹਰਪ੍ਰੀਤ ਹੈਪੀ, ਚੇਅਰਮੈਨ ਬੇਅੰਤ ਧਾਲੀਵਾਲ, ਨਗਰ ਪੰਚਾਇਤ ਮਹਿਰਾਜ ਦੇ ਪ੍ਰਧਾਨ ਯੋਧਾ ਮਹਿਰਾਜ, ਹੈਪੀ ਸਰਪੰਚ ਸੀਨੀਅਰ ਆਪ ਆਗੂ ਗੁਰਭਜਨ ਸਿੰਘ ਢਿੱਲੋਂ ਟਰੱਕ ਯੂਨੀਅਨ ਚੇਅਰਮੈਨ ਭੋਲਾ ਸ਼ਰਮਾ ਟਰੱਕ ਯੂਨੀਅਨ ਪ੍ਰਧਾਨ ਸ਼ੇਰ ਬਹਾਦਰ ਧਾਲੀਵਾਲ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਆਗੂ, ਵਰਕਰ, ਸਮਾਜ ਸੇਵੀ ਅਤੇ ਖ਼ੂਨਦਾਨੀ ਮੌਜੂਦ ਸਨ। ਕੈਂਪ ਦੇ ਪ੍ਰਬੰਧਕਾਂ ਨੇ ਖ਼ੂਨਦਾਨੀਆਂ ਦਾ ਧੰਨਵਾਦ ਕਰਦਿਆਂ ਕਿਹਾ ਕਿ ਅਜਿਹੇ ਉਪਰਾਲੇ ਸਮਾਜ ਵਿੱਚ ਮਨੁੱਖਤਾ ਦੀ ਸੇਵਾ ਦੀ ਭਾਵਨਾ ਨੂੰ ਮਜ਼ਬੂਤ ਕਰਦੇ ਹਨ।

# ਸਰਬਹਿੰਦ ਸਮਾਗਮ ਲਈ ਸੰਗਤਾਂ ਸੁਰਿੰਦਰ ਪਾਲ ਸਿੰਘ ਸਿਦਕੀ ਦੀ ਅਗਵਾਈ ਵਿੱਚ ਹੋਈਆਂ ਰਵਾਨਾ

ਸੰਗਰੂਰ 10 ਅਕਤੂਬਰ (ਜਸਪਾਲ ਸਿੰਘ ਸਰਾਓ) ਸੀ? ਸੁਖਮਨੀ ਸਾਹਿਬ ਸੇਵਾ ਸੁਸਾਇਟੀਆਂ ਵੱਲੋਂ ਬਾਬਾ ਬੁੱਢਾ ਜੀ ਤਪ ਅਸਥਾਨ ਸੀ? ਸੁਖਮਨੀ ਸਾਹਿਬ ਸੇਵਾ ਸੁਸਾਇਟੀ ਰਮਦਾਸ (ਜ਼ਿਲ੍ਹਾ ਸ੍ਰੀ ਅੰਮ੍ਰਿਤਸਰ) ਦੇ ਪ?ਬੰਧ ਅਧੀਨ ਹੋ ਰਹੇ 51ਵੇਂ ਸਾਲਾਨਾ ਸਰਬਹਿੰਦ ਸਮਾਗਮ ਅਤੇ ਨਗਰ ਕੀਰਤਨ ਵਿੱਚ ਸ਼ਾਮਲ ਹੋਣ ਲਈ ਨਰਿੰਦਰ ਪਾਲ ਸਿੰਘ ਸਾਹਨੀ ਐਡਵੋਕੇਟ ਸਰਪ੍ਰਸਤ ਸੰਗਰੂਰ ਸੁਸਾਇਟੀ ਦੀ ਰਹਿਨੁਮਾਈ ਹੇਠ ਸਥਾਨਿਕ ਗੁਰਦੁਆਰਾ ਸਾਹਿਬ ਸੰਤ ਪੁਰਾ ਤੋਂ ਸੀ? ਸੁਖਮਨੀ ਸਾਹਿਬ ਸੇਵਾ ਸੁਸਾਇਟੀ ਸੰਗਰੂਰ ਦੇ ਸੇਵਕ ਅਤੇ ਸੰਗਤਾਂ ਨੂੰ ਰਵਾਨਾ ਕਰਨ ਲਈ ਸੰਖੇਪ ਸਮਾਗਮ ਕੀਤਾ ਗਿਆ। ਸੰਗਤਾਂ ਵੱਲੋਂ ਨਿਤਨੇਮ ਬਾਣੀਆਂ ਦੇ ਜਾਪ ਉਪਰੰਤ ਭਾਈ ਰਣਧੀਰ ਸਿੰਘ ਹੋਂਡ ਗ੍ਰੰਥੀ ਨੇ ਅਰਦਾਸ ਕੀਤੀ। ਗੁਰਿੰਦਰ ਸਿੰਘ ਗੁਜਰਾਲ ਨੇ ਸੰਗਤਾਂ ਨੂੰ ਜੀ ਆਇਆਂ ਨੂੰ ਕਿਹਾ ਅਤੇ ਯਾਤਰਾ ਸਬੰਧੀ ਦਿਸ਼ਾ ਨਿਰਦੇਸ਼ ਦਿੱਤੇ ਉਪਰੰਤ ਸੁਰਿਦਰ ਪਾਲ ਸਿੰਘ ਸਿਦਕੀ ਨੂੰ ਯਾਤਰਾ ਜਥੇ ਦੇ ਜਥੇਦਾਰ ਦੀ ਸੇਵਾ ਸੌਂਪੀ ਅਤੇ ਸੁਸਾਇਟੀ ਦੇ ਮੁੱਖ ਸੇਵਾਦਾਰ ਹਰਭਜਨ ਸਿੰਘ ਭੱਟੀ ਦੇ ਨਾਲ ਕਰਮ ਸਿੰਘ ਰਵੀਦਾਸ ਪੁਰਾ, ਹਮੀਰ ਸਿੰਘ, ਮਹਿੰਦਰ ਪਾਲ ਸਿੰਘ ਐਡਵੋਕੇਟ, ਕਰਨੈਲ ਸਿੰਘ, ਸੰਤੋਖ ਸਿੰਘ ਥਲੇਸਾਂ ਨੇ ਸਿਰੋਪਾਓ ਭੇਂਟ ਦੇ ਕੇ ਜਥੇਦਾਰ ਦੀ ਜ਼ਿੰਮੇਵਾਰੀ ਸੌਂਪੀ ਗਈ।ਜੈਕਾਰਿਆਂ ਦੀ ਗੂੰਜ ਵਿੱਚ ਗੁਰਿੰਦਰ ਵੀਰ ਸਿੰਘ ਜਨਰਲ ਸਕੱਤਰ, ਜਸਵਿੰਦਰ ਸਿੰਘ ਵਿੱਕੀ, ਰਾਜਵਿੰਦਰ ਸਿੰਘ ਲੱਕੀ ਸਰਪ੍ਰਸਤ ਨੇ ਜਥੇ ਨੂੰ ਰਵਾਨਾ ਕੀਤਾ। ਇਸ ਜਥੇ ਵਿੱਚ ਸੁਸਾਇਟੀ ਸੇਵਕ ਦਲਵੀਰ ਸਿੰਘ ਬਾਬਾ, ਪ੍ਰੀਮ ਸਿੰਘ ਮੁੱਖ ਸੇਵਾਦਾਰ ਗੁਰਦੁਆਰਾ ਸਾਹਿਬ ਗੁਰੂ ਨਾਨਕ ਪੁਰਾ, ਗੁਰਪ੍ਰੀਤ ਸਿੰਘ ਬਿੱਲੂ, ਗੁਰਕੰਵਲ ਸਿੰਘ, ਹਰਵਿੰਦਰ ਸਿੰਘ ਬਿੱਟੂ, ਰਾਜਿੰਦਰ ਪਾਲ ਸਿੰਘ ਟੋਨੀ, ਬਲਵੰਤ ਸਿੰਘ ਭਿੱਖੀ, ਹਰਫੂਲ ਸਿੰਘ, ਮਨਦੀਪ ਸਿੰਘ ਸ਼ੈਲੀ, ਮਨਿੰਦਰ ਪਾਲ ਸਿੰਘ, ਰਾਵਿੰਦਰ ਸਿੰਘ, ਸੁਰਿੰਦਰ ਸਿੰਘ ਸਰਨਾ ਤੋਂ ਇਲਾਵਾ ਜੋਗਿੰਦਰ ਸਿੰਘ ਲੁਧਿਆਣਾ ਅਤੇ ਬਲੇਸਾਂ ਪਿੰਡ ਦੀ ਸੰਗਤ ਜਸਵਿੰਦਰ ਕੌਰ ਅਤੇ ਗੁਰਮੀਤ ਸਿੰਘ ਦੀ ਅਗਵਾਈ ਵਿੱਚ ਸ਼ਾਮਲ ਹੋਈ। ਯਾਤਰਾ ਦੇ ਰਸਤੇ ਵਿੱਚ ਬੀਬੀ ਸਵਰਨ ਕੌਰ ਮੁੱਖ ਸੇਵਾਦਾਰ ਇਸਤਰੀ ਸਤਿਸੰਗ ਸਭਾ ਦੀ ਅਗਵਾਈ ਵਿੱਚ ਬੀਬੀ ਪਰਵਿੰਦਰ ਕੌਰ, ਕਰਮਿੰਦਰ ਕੌਰ ਸੋਬਤੀ, ਪ੍ਰਿਪਾਲ ਕੌਰ ਸਾਹਨੀ, ਬਲਵੀਰ ਕੌਰ, ਕੁਲਦੀਪ ਕੌਰ, ਗੁਰਜੀਤ ਕੌਰ, ਜਸਮੀਤ ਕੌਰ ਆਦਿ ਨੇ ਸੰਗਤਾਂ ਨੂੰ ਨਾਮ ਜਪਾਇਆ ਅਤੇ ਗੁਰਬਾਣੀ ਪਾਠ ਦੀ ਸੇਵਾ ਨਿਭਾਈ। ਸੰਗਤਾਂ ਨੂੰ ਰਸਤੇ ਵਿੱਚ ਵੱਖ ਵੱਖ ਗੁਰਦੁਆਰਾ ਸਾਹਿਬਾਨ ਦੇ ਦਰਸ਼ਨ ਦੀਦਾਰੇ ਵੀ ਕਰਵਾਏ ਗਏ।

# ਘਰ ਦੀ ਰਜਿਸਟਰੀ ਅਤੇ ਮੋਟਰਸਾਈਕਲ ਦੀ ਐਨਓਸੀ ਸਮੇਤ ਦਸਤਾਵੇਜ਼ ਹੁਏ ਚੋਰੀ

ਰੂਪਨਗਰ, 10 ਅਕਤੂਬਰ (ਨਵੀਨ ਦਰਦੀ) ਰੂਪਨਗਰ ਨਾਲ ਲੱਗਦੇ ਪਿੰਡ ਛੋਟੀ ਰੈਲੋਂ ਦੇ ਵਸਨੀਕ ਗੁਰਦੀਪ ਸਿੰਘ ਪੁੱਤਰ ਰਣਜੀਤ ਸਿੰਘ ਪਿੰਡ ਛੋਟੀ ਰੈਲੋਂ, ਘਰ ਦੀ ਮੁਰੰਮਤ ਦੌਰਾਨ ਘਰ ਦਾ ਸਮਾਨ ਸ਼ਿਫਟ ਕਰਦੇ ਸਮੇਂ ਉਨ੍ਹਾਂ ਦੇ ਮਹੱਤਵਪੂਰਨ ਦਸਤਾਵੇਜ਼ ਜਿਨਾਂ ਵਿੱਚ ਘਰ ਦੀ ਰਜਿਸਟਰੀ ਅਤੇ ਮੋਟਰਸਾਈਕਲ ਦੀ ਐਨਓਸੀ ਜਿਸ ਦਾ ਨੰਬਰ ਪੀਬੀ 12 ਕੇ 2488 ਹੈ ਐਗਰੀਮੈਂਟ ਦੀ ਕਾਪੀ ਅਤੇ ਕੁਝ ਹੋਰ ਦਸਤਾਵੇਜ਼ ਗਵਾਚ ਗਏ, ਜਿਸ ਦੀ ਕਿ ਤੁਰੰਤ ਪੁਲਿਸ ਵਿੱਚ ਰਿਪੋਰਟ ਵੀ ਦਰਜ ਕਰਾਈ ਗਈ ਅਤੇ ਪਿੰਡ ਦੇ ਮੌਤਵਰ ਲੋਕਾਂ ਦੇ ਮੂਹਰੇ ਗੁਰਦੀਪ ਸਿੰਘ ਪੁੱਤਰ ਰਣਜੀਤ ਸਿੰਘ ਨੇ ਕਿਹਾ ਕਿ ਜਿਸ ਨੂੰ ਵੀ ਇਹ ਦਸਤਾਵੇਜ਼ ਮਿਲਣ ਉਹ ਸਾਡੇ ਤੱਕ ਪਹੁੰਚ ਕਰੇ ਜਾਂ ਪਿੰਡ ਦੇ ਸਰਪੰਚ ਨੂੰ ਜਾਂ ਥਾਣੇ ਵਿੱਚ ਇਹ ਦਸਤਾਵੇਜ਼ ਜਮਾ ਕਰਵਾ ਦੇਵੇ ਅਤੇ ਉਸ ਬੰਦੇ ਨੂੰ ਬਣਦਾ ਉਚਿਤ ਇਨਾਮ ਦੇ ਕੇ ਉਸਦਾ ਸਨਮਾਨ ਕੀਤਾ ਜਾਏਗਾ ਪਰਿਵਾਰ ਦਸਤਾਵੇਜ਼ਾਂ ਦੇ ਗਵਾਚਣ ਤੇ ਚਿੰਤਾ ਵਿੱਚ ਹੈ ਕਿਉਂ ਕਿ ਕੋਈ ਸ਼ਰਾਰਤੀ ਅਨਸਰ ਇਹਨਾਂ ਕਾਗਜ਼ਾਂ ਦਾ ਕੋਈ ਗਲਤ ਇਸਤੇਮਾਲ ਨਾ ਕਰ ਸਕੇ।

# ਪੌਸ਼ਟਿਕ ਘਰੇਲੂ ਸਬਜ਼ੀ ਬਗੀਚੀ ਸਬੰਧੀ ਪਿੰਡ ਪਮਾਲੀ ਵਿਖੇ ਜਾਗਰੂਕਤਾ ਕੈਂਪ ਲਗਾਇਆ ਗਿਆ

ਲੁਧਿਆਣਾ, 10 ਅਕਤੂਬਰ (ਸੂਰਜ): ਪੰਜਾਬ ਖੇਤੀਬਾੜੀ ਯੂਨੀਵਰਸਿਟੀ, ਲੁਧਿਆਣਾ ਦੇ ਕਾਲਜ ਆਫ਼ ਹਾਰਟੀਕਲਚਰ ਐਂਡ ਫੌਰੈਸਟਰੀ ਦੇ ਵਿਦਿਆਰਥੀਆਂ ਵੱਲੋਂ ਆਰ.ਏ.ਡਬਲਯੂ.ਈ. ਪਿੰਡ ਪੱਧਰੀ ਸਿਖਲਾਈ ਪ੍ਰੋਗਰਾਮ ਤਹਿਤ ਪਿੰਡ ਪਮਾਲੀ ਵਿਖੇ ਪੌਸ਼ਟਿਕ ਘਰੇਲੂ ਸਬਜ਼ੀ ਬਗੀਚੀ (ਨਿਊਟ੍ਰਿਸ਼ਨ ਗਾਰਡਨ) ਸਬੰਧੀ ਜਾਗਰੂਕਤਾ ਕੈਂਪ ਲਗਾਇਆ ਗਿਆ। ਇਹ ਕੈਂਪ ਗੁਰਦੁਆਰਾ ਸਾਹਿਬ ਦੇ ਲੰਗਰ ਹਾਲ ਵਿਖੇ ਕਰਵਾਇਆ ਗਿਆ। ਕੈਂਪ ਦਾ ਮੁੱਖ ਵਿਸ਼ਾ ਪੰਜਾਬ ਖੇਤੀਬਾੜੀ ਯੂਨੀਵਰਸਿਟੀ ਵੱਲੋਂ ਸਿਫ਼ਾਰਸ਼ ਕੀਤੀ 6ਗ6 ਮੀਟਰ ਦੀ ਪੌਸ਼ਟਿਕ ਘਰੇਲੂ ਸਬਜ਼ੀ ਬਗੀਚੀ ਸੀ। ਕੈਂਪ ਦੌਰਾਨ ਪੰਜਾਬ ਖੇਤੀਬਾੜੀ ਯੂਨੀਵਰਸਿਟੀ ਤੋਂ ਡਾ. ਰਮਾ ਦੇਵੀ ਨੇ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕੀਤੀ। ਵਿਦਿਆਰਥੀਆਂ ਵੱਲੋਂ ਪਿੰਡ ਵਾਸੀਆਂ ਨੂੰ ਪੰਜਾਬੀ ਭਾਸ਼ਾ ਵਿੱਚ ਇਸ ਬਗੀਚੀ ਦੀ ਬਣਤਰ, ਸਬਜ਼ੀਆਂ ਦੀ ਬਿਜਾਈ ਅਤੇ ਸਾਂਭ-ਸੰਭਾਲ ਬਾਰੇ ਜਾਣਕਾਰੀ ਦਿੱਤੀ ਗਈ। ਉਨ੍ਹਾਂ ਨੂੰ ਦੱਸਿਆ ਗਿਆ ਕਿ ਘਰ ਵਿੱਚ ਸਬਜ਼ੀਆਂ ਉਗਾ ਕੇ ਪਰਿਵਾਰ ਲਈ ਤਾਜ਼ੀਆਂ, ਸਾਫ਼-ਸੁਥਰੀਆਂ ਅਤੇ ਪੌਸ਼ਟਿਕ ਸਬਜ਼ੀਆਂ ਪ੍ਰਾਪਤ ਕੀਤੀਆਂ ਜਾ ਸਕਦੀਆਂ ਹਨ।ਵਿਦਿਆਰਥੀਆਂ ਵੱਲੋਂ ਕਿਸਾਨ ਸ. ਸੰਤੋਖ ਸਿੰਘ ਦੇ ਘਰ ਵਿਖੇ ਪੌਸ਼ਟਿਕ ਘਰੇਲੂ ਸਬਜ਼ੀ ਬਗੀਚੀ ਤਿਆਰ ਕੀਤੀ ਗਈ। ਕੈਂਪ ਦੌਰਾਨ ਪਿੰਡ ਵਾਸੀਆਂ ਨੂੰ ਸਬਜ਼ੀਆਂ ਦੇ ਬੀਜਾਂ ਦੀਆਂ ਕਿੱਟਾਂ ਵੀ ਵੰਡੀਆਂ ਗਈਆਂ, ਤਾਂ ਜੋ ਉਹ ਆਪਣੇ ਘਰਾਂ ਵਿੱਚ ਵੀ ਸਬਜ਼ੀਆਂ ਉਗਾਉਣ ਲਈ ਪ੍ਰੇਰਿਤ ਹੋ ਸਕਣ। ਇਸ ਮੌਕੇ ਪਿੰਡ ਦੇ ਸਰਪੰਚ ਸ. ਬੂਟਾ ਸਿੰਘ, ਕਿਸਾਨਾਂ ਅਤੇ ਹੋਰ ਪਿੰਡ ਵਾਸੀਆਂ ਨੇ ਭਾਗ ਲਿਆ। ਕੈਂਪ ਦਾ ਮੁੱਖ ਉਦੇਸ਼ ਪਿੰਡ ਵਾਸੀਆਂ ਨੂੰ ਘਰੇਲੂ ਪੱਧਰ 'ਤੇ ਸਬਜ਼ੀਆਂ ਦੀ ਕਾਸ਼ਤ ਲਈ ਉਤਸ਼ਾਹਿਤ ਕਰਨਾ, ਪਰਿਵਾਰਕ ਪੋਸ਼ਣ ਬਾਰੇ ਜਾਗਰੂਕਤਾ ਵਧਾਉਣਾ ਅਤੇ ਪੰਜਾਬ ਖੇਤੀਬਾੜੀ ਯੂਨੀਵਰਸਿਟੀ ਦੀਆਂ ਸਿਫ਼ਾਰਸ਼ਾਂ ਨੂੰ ਪਿੰਡ ਵਾਸੀਆਂ ਤੱਕ ਪਹੁੰਚਾਉਣਾ ਸੀ।ਇਸ ਪ੍ਰੋਗਰਾਮ ਵਿੱਚ RAWE 402 ਦੇ ਵਿਦਿਆਰਥੀਆਂ ਦੀ ਟੀਮ ਨੇ ਭਾਗ ਲਿਆ। ਟੀਮ ਦੇ ਗਰੁੱਪ ਲੀਡਰ ਅਰਮਾਨ ਸੂਦ ਸਨ। ਟੀਮ ਦੇ ਮੈਂਬਰ

# 'ਮਹਾਰੀ ਸੜਕ' ਐਪ 'ਤੇ ਆਉਣ ਵਾਲੀਆਂ ਸ਼ਿਕਾਇਤਾਂ ਦਾ 10 ਦਿਨਾਂ 'ਚ ਹੋਵੇ ਨਿਪਟਾਰਾ: ਮੁੱਖ ਮੰਤਰੀ ਨਾਇਬ ਸਿੰਘ ਸੈਣੀ

**ਚੰਡੀਗੜ੍ਹ, 10 ਅਕਤੂਬਰ (ਦੇਸ਼ ਪ੍ਰਦੇਸ਼ ਬਿਊਰੋ):**-:- ਹਰਿਆਣਾ ਵਿੱਚ ਸੜਕਾਂ ਦੀ ਮੁਰੰਮਤ ਨਾਲ ਜੁੜੀਆਂ ਸ਼ਿਕਾਇਤਾਂ ਦੇ ਹੱਲ ਲਈ 10 ਦਿਨਾਂ ਦੀ ਸਮਾਂ-ਸੀਮਾ ਤੈਅ ਕੀਤੀ ਗਈ ਹੈ। ਮੁੱਖ ਮੰਤਰੀ ਨਾਇਬ ਸਿੰਘ ਸੈਣੀ ਨੇ ਅਧਿਕਾਰੀਆਂ ਨੂੰ ਨਿਰਦੇਸ਼ ਦਿੱਤੇ ਕਿ 'ਮੇਹਾਰੀ ਸੜਕ' ਐਪ 'ਤੇ ਆਉਣ ਵਾਲੀਆਂ ਸ਼ਿਕਾਇਤਾਂ 'ਤੇ 10 ਦਿਨਾਂ ਦੇ ਅੰਦਰ ਕਾਰਵਾਈ ਕਰਕੇ ਨਿਪਟਾਰਾ ਯਕੀਨੀ ਬਣਾਇਆ ਜਾਵੇ। ਸ਼ਿਕਾਇਤਾਂ ਪੈਂਡਿੰਗ ਨਾ ਰਹਿਣ ਅਤੇ ਸਬੰਧਤ ਅਧਿਕਾਰੀ ਸਮੇਂ ਸਿਰ ਕੰਮ ਪੂਰਾ ਕਰਵਾਉਣ। ਮੁੱਖ ਮੰਤਰੀ ਸਕੱਤਰੇਤ ਵਿੱਚ 'ਮੇ ?ਹਾਰੀ ਸੜਕ' ਐਪ ਅਤੇ ਵੱਖ-ਵੱਖ ਵਿਭਾਗਾਂ ਅਧੀਨ ਸੜਕਾਂ ਦੀ ਸਥਿਤੀ ਦੀ ਸਮੀਖਿਆ ਕਰ ਰਹੇ ਸਨ।

ਸੀਐਮਸੈਣੀ ਨੇ ਕਿਹਾ ਕਿ ਸੜਕ ਨਿਰਮਾਣ ਦੀ ਗੁਣਵੱਤਾ ਨਾਲ ਕੋਈ ਸਮਝੌਤਾ ਨਹੀਂ ਹੋਣਾ ਚਾਹੀਦਾ। ਉਨ੍ਹਾਂ ਨਿਰਦੇਸ਼ ਦਿੱਤੇ ਕਿ ਸੜਕ ਨਿਰਮਾਣ ਵਿੱਚ ਟਾਈਲਾਂ ਦੀ ਬਜਾਏ ਆਰ.ਸੀ.ਸੀ. ਜਾਂ ਤਾਰਕੋਲ ਦੀ ਵਰਤੋਂ ਕੀਤੀ ਜਾਵੇ। ਪੰਚਾਇਤ ਵਿਭਾਗ, ਹਰਿਆਣਾ ਰਾਜ ਖੇਤੀਬਾੜੀ ਮਾਰਕੀਟਿੰਗ ਬੋਰਡ ) ਸਮੇਤ ਸਾਰੇ ਵਿਭਾਗਾਂ ਦੀਆਂ ਸੜਕਾਂ ਪੀ.ਡਬਲਿਊ.ਡੀ. ਦੇ ਤੈਅ ਗੁਣਵੱਤਾ ਮਾਪਦੰਡਾਂ ਅਨੁਸਾਰ ਬਣਾਈਆਂ ਜਾਣ। ਜੇਕਰ ਕਿਸੇ ਅਧਿਕਾਰੀ ਦੀ ਦੇਖ-ਰੇਖ ਹੇਠ ਬਣੀ ਸੜਕ ਸਮੇਂ ਤੋਂ ਪਹਿਲਾਂ ਖਰਾਬ ਹੁੰਦੀ ਹੈ ਅਤੇ ਜਾਂਚ ਵਿੱਚ ਲਾਪਰਵਾਹੀ ਸਾਹਮਣੇ ਆਉਂਦੀ ਹੈ, ਤਾਂ ਸਬੰਧਤ ਅਧਿਕਾਰੀ ਦੀ ਕਾਰਗੁਜ਼ਾਰੀ ਨੂੰ ਉਸ ਦੀ ਏ.ਸੀ.ਆਰ. ਨਾਲ ਜੋੜਿਆ ਜਾਵੇਗਾ। ਬੈਠਕ ਵਿੱਚ ਪੀ.ਡਬਲਿਊ.ਡੀ ਅਧਿਕਾਰੀਆਂ ਨੇ ਦੱਸਿਆ ਕਿ ਵਿਭਾਗ ਹਰ ਜ਼ਿਲ੍ਹੇ ਵਿੱਚ ਇੱਕ ਮਾਡਲ ਰੋਡ ਬਣਾ ਰਿਹਾ ਹੈ। ਮੁੱਖ ਮੰਤਰੀ ਨੇ ਨਿਰਦੇਸ਼ ਦਿੱਤੇ ਕਿ 18 ਫੁੱਟ ਤੋਂ ਵੱਧ ਚੌੜੀਆਂ ਸੜਕਾਂ 'ਤੇ ਰੋਡ ਮਾਰਕਿੰਗ, ਕਿਨਾਰਿਆਂ ਦੀ ਲਾਈਨ ਅਤੇ ਮੋੜਾਂ ਨੂੰ ਬਿਹਤਰ ਬਣਾਇਆ ਜਾਵੇ। ਗੁਰੂਗ੍ਰਾਮ, ਫਰੀਦਾਬਾਦ ਅਤੇ ਪੰਚਕੂਲਾ ਵਰਗੇ ਸ਼ਹਿਰਾਂ ਵਿੱਚ ਸੜਕਾਂ ਨੂੰ ਆਕਰਸ਼ਕ ਬਣਾਉਣ 'ਤੇ ਵੀ ਵਿਸ਼ੇਸ਼ ਧਿਆਨ ਦਿੱਤਾ ਜਾਵੇ ਅਧਿਕਾਰੀਆਂ ਨੇ ਦੱਸਿਆ ਕਿ ਗੁਰੂਗ੍ਰਾਮ ਵਿੱਚ 10 ਆਈਕੋਨਿਕ ਸੜਕਾਂ ਵਿਕਸਿਤ ਕੀਤੀਆਂ ਜਾਣਗੀਆਂ। ਇਹਨਾਂ 'ਤੇ ਸਮਾਰਟ ਲਾਈਟਾਂ, ਸਟ ?ਰੀਟ ਫਰਨੀਚਰ ਅਤੇ ਹਰਿਆਵਲ ਦੇ ਨਾਲ ਨੋ-ਸਮੋਕਿੰਗ ਜ਼ੋਨ, ਦਿਵਿਆਂਗਜਨਾਂ ਲਈ ਵੀਲ੍ਹਚੇਅਰ ਅਤੇ ਡਿਸਪਲੇ 'ਤੇ ਜਾਗਰੂਕਤਾ ਸੰਦੇਸ਼ ਵਰਗੀਆਂ ਸਹੂਲਤਾਂ ਹੋਣਗੀਆਂ।

ਐਚਐਸਆਈਆਈਡੀਸੀ ਅਤੇ ਐਚਐਸਵੀਪੀ ਦੇ ਅਧਿਕਾਰੀਆਂ ਨੂੰ ਨਿਰਦੇਸ਼ ਦਿੱਤੇ ਗਏ ਕਿ ਉਨ੍ਹਾਂ ਦੇ ਅਧੀਨ ਖੇਤਰਾਂ ਵਿੱਚ ਸੜਕਾਂ ਖਰਾਬ ਹਾਲਤ ਵਿੱਚ ਨਾ ਰਹਿਣ। ਸੈਕਟਰਾਂ ਦੀਆਂ ਸੜਕਾਂ 'ਤੇ ਮਾਰਕਿੰਗ, ਪੱਟੀਆਂ ਅਤੇ ਰੰਗ-ਰੋਗਨ ਸਮੇਤ ਸੁੰਦਰੀਕਰਨ ਦਾ ਧਿਆਨ ਰੱਖਿਆ ਜਾਵੇ। ਮੁੱਖ ਮੰਤਰੀ ਨੇ ਕਿਹਾ ਕਿ ਬਰਸਾਤ ਕਾਰਨ ਨਿਰਮਾਣ ਕਾਰਜ ਪ੍ਰਭਾਵਿਤ ਨਾ ਹੋਵੇ, ਇਸ ਲਈ ਟੈਂਡਰ ਅਤੇ ਹੋਰ ਪ੍ਰਕਿਰਿਆਵਾਂ ਸਮੇਂ ਸਿਰ ਪੂਰੀਆਂ ਕੀਤੀਆਂ ਜਾਣ ਮੁੱਖ ਮੰਤਰੀ ਨੇ ਨਿਰਦੇਸ਼ ਦਿੱਤੇ ਕਿ ਕਾਲੋਨਾਈਜ਼ਰਾਂ ਦੁਆਰਾ ਵਿਕਸਿਤ ਕੀਤੀਆਂ ਕਾਲੋਨੀਆਂ ਵਿੱਚ ਸੜਕਾਂ ਦੀ ਦੇਖਭਾਲ ਅਤੇ ਮੁਰੰਮਤ ਦੀ ਜ਼ਿੰਮੇਵਾਰੀ ਸਬੰਧਤ ਕਾਲੋਨਾਈਜ਼ਰ ਦੀ ਹੋਵੇਗੀ।

ਮੀਟਿੰਗ ਦੌਰਾਨ ਪੀਡਬਲਿਊਡੀ (ਬੀ ਐਂਡ ਆਰ) ਵਿਭਾਗ ਦੇ ਵਾਧੂ ਸਕੱਤਰ ਏ.ਕੇ. ਸਿੰਘ, ਸਿੰਚਾਈ ਅਤੇ ਜਲ ਸਰੋਤ ਵਿਭਾਗ ਦੇ ਵਾਧੂ ਸਕੱਤਰ ਅਨੁਰਾਗ ਅਗਰਵਾਲ, ਵਿਕਾਸ ਅਤੇ ਪੰਚਾਇਤ ਵਿਭਾਗ ਦੇ ਵਾਧੂ ਸਕੱਤਰਵਿਜੇਂਦਰਾ ਕੁਮਾਰ, ਸ਼ਹਿਰੀ ਸਥਾਨਕ ਸਰਕਾਰ ਵਿਭਾਗ ਦੇ ਕਮਿਸ਼ਨਰ ਅਤੇ ਸਕੱਤਰ ਅਸ਼ੋਕ ਮੀਣਾ, ਮੁੱਖ ਮੰਤਰੀ ਦੇ ਉਪ ਪ੍ਰਧਾਨ ਸਕੱਤਰ ਡਾ. ਯਸ਼ਪਾਲ ਸਿੰਘ ਸਮੇਤ ਵੱਖ-ਵੱਖ ਅਧਿਕਾਰੀ ਮੌਜੂਦ ਸਨ।

# ਗੁਰਪ੍ਰਤਾਪ ਸਿੰਘ ਪਡਿਆਲਾ ਨੇ ਕੀਤਾ ਸ੍ਰੀ ਰਾਮਲੀਲਾ ਡਰਾਮਾਟਿਕ ਕਲੱਬ ਖਰੜ ਦਾ ਉਦਘਾਟਨ

ਸ਼ਸ਼ੀ ਪਾਲ ਜੈਨ

**ਖਰੜ 10 ਅਕਤੂਬਰ**-ਸ੍ਰੀ ਰਾਮਲੀਲਾ ਡਰਾਮਾਟਿਕ ਕਲੱਬ ਖਰੜ ਵੱਲੋਂ ਸ੍ਰੀ ਰਾਮਲੀਲਾ ਦੇ ਮੰਚਨ ਦੀ ਪਹਿਲੀ ਨਾਈਟ ਦਾ ਸ਼ਾਨਦਾਰ ਆਗਾਜ਼ ਕੀਤਾ ਗਿਆ। ਇਸ ਮੌਕੇ ਰਾਮਲੀਲਾ ਦੇ ਮੰਚਨ ਦਾ ਉਦਘਾਟਨ ਗੁਰਪ੍ਰਤਾਪ ਸਿੰਘ ਪਡਿਆਲਾ, ਜਨਰਲ ਸਕੱਤਰ ਪੰਜਾਬ ਕਿਸਾਨ ਕਾਂਗਰਸ ਨੇ ਕੀਤਾ। ਸਮਾਗਮ ਦੌਰਾਨ ਇਲਾਕਾ ਨਿਵਾਸੀਆਂ ਅਤੇ ਸਰਧਾਲੂਆਂ ਵਿੱਚ ਭਾਰੀ ਉਤਸਾਹ ਦੇਖਣ ਨੂੰ ਮਿਲਿਆ।

ਇਸ ਮੌਕੇ ਕਲੱਬ ਦੇ ਸਮੂਹ ਅਹੁਦੇਦਾਰਾਂ ਅਤੇ ਮੈਂਬਰਾਂ ਵੱਲੋਂ ਪਹੁੰਚੇ ਮਹਿਮਾਨਾਂ ਦਾ ਸਵਾਗਤ ਕੀਤਾ ਗਿਆ। ਰਾਮਲੀਲਾ ਦੀ ਪਹਿਲੀ ਨਾਈਟ ਵਿੱਚ ਸਰਵਣ ਦਾ ਆਪਣੇ ਮਾਤਾ ਪਿਤਾ ਨੂੰ ਤੀਰਥ ਯਾਤਰਾ ਵਿੱਚ ਲਿਜਾਣਾ ਅਤੇ ਰਾਜਾ ਦਸ਼ਰਥ ਵੱਲੋਂ ਤੀਰ ਸਰਵਣ ਦੇ ਲੱਗਣਾ ਦਰਸਾਇਆ ਗਿਆ। ਰਾਮਲੀਲਾ ਵਿਚ ਵੱਡੀ ਗਿਣਤੀ ਵਿੱਚ ਲੋਕਾਂ ਨੇ ਪਹੁੰਚ ਕੇ ਪ੍ਰਭੂ ਸ੍ਰੀ ਰਾਮ ਜੀ ਦੇ ਜੀਵਨ ਨਾਲ ਸਬੰਧਤ ਪ੍ਰਸੰਗਾਂ ਦਾ ਆਨੰਦ ਮਾਣਿਆ।ਇਸ ਮੌਕੇ ਸੰਬੋਧਨ ਕਰਦਿਆਂ ਪਡਿਆਲਾ ਨੇ ਕਿਹਾ ਕਿ ਪ੍ਰਭੂ ਸ੍ਰੀ ਰਾਮ ਜੀ ਦਾ ਜੀਵਨ ਸਾਨੂੰ ਸੱਚਾਈ, ਮਰਿਆਦਾ, ਤਿਆਗ, ਸੇਵਾ ਅਤੇ ਆਪਣੇ ਫਰਜਾਂ ਦੀ ਪਾਲਣਾ ਕਰਨ ਦੀ ਪ੍ਰੇਰਨਾ ਦਿੰਦਾ ਹੈ। ਉਨਾਂ ਦੇ ਆਦਰਸ ਅੱਜ ਵੀ ਸਮਾਜ ਲਈ ਪ੍ਰਸੰਗਿਕ ਹਨ

ਉਨਾਂ ਸ੍ਰੀ ਰਾਮਲੀਲਾ ਡਰਾਮਾਟਿਕ ਕਲੱਬ ਖਰੜ ਦੇ ਸਮੂਹ ਅਹੁਦੇਦਾਰਾਂ ਅਤੇ ਮੈਂਬਰਾਂ ਨੂੰ ਰਾਮਲੀਲਾ ਦੇ ਮੰਚਨ ਦੀ ਸ਼ੁਰੂਆਤ ਲਈ ਵਧਾਈ ਦਿੱਤੀ। ਕਲੱਬ ਵੱਲੋਂ ਮੁੱਖ ਮਹਿਮਾਨ ਦਾ ਸਨਮਾਨ ਚਿੰਨ ਦੇ ਕੇ ਸਨਮਾਨਿਤ ਕੀਤਾ ਗਿਆ।ਮੁੱਖ ਮਹਿਮਾਨ ਗੁਰਪ੍ਰਤਾਪ ਸਿੰਘ ਪਡਿਆਲਾ ਨੇ ਇਕ ਲੱਖ ਰੁਪਏ ਕਲੱਬ ਨੂੰ ਮਾਲੀ ਮਦਦ ਕੀਤੀ। ਇਸ ਮੌਕੇ ਹੋਰਨਾਂ ਤੋਂ ਇਲਾਵਾ ਸੁਰਜੀਤ ਸਿੰਘ ਜਨਰਲ ਸਕੱਤਰ ਐਸ ਸੀ ਵਿੰਗ, ਰਵਿੰਦਰ ਸਿੰਘ ਬੋਬੀ, ਕੁਲਵਿੰਦਰ ਸਿੰਘ, ਮੁਕੇਸ਼ ਰਾਣਾ ਸਾਬਕਾ ਐਮਸੀ, ਪਿ ?ਰੰਸ ਸ਼ਰਮਾ, ਸ਼ਿਵ ਚਰਨ ਪਿੰਕੀ, ਵਰਿੰਦਰ ਭਾਮਾ, ਯੋਗੇਸ ਕਪਿਲ, ਪੰਕਜ ਚੱਡਾ, ਸ਼ਾਮ ਸੁੰਦਰ ਲਾਂਬਾ, ਹਰਗੋਪਾਲ ਬਿੱਲੂ, ਪਰਵੀਨ ਕਰਵੱਲ, ਜਗਦੀਸ਼ ਧੀਮਾਨ, ਅਜੇ ਕੁਮਾਰ ਬੱਬੂ, ਮਿੰਕੀ ਸੈਣੀ, ਸਰਬਜੀਤ ਸਿੰਘ ਅਤੇ ਪਿ ?ਸ ਸੈਣੀ ਆਦਿ ਹਾਜ਼ਰ ਸਨ।

# ਪਿੰਡ ਝਿੰਗੜਾ ਕਲਾਂ 'ਚ ਸਾਬਕਾ ਸਰਪੰਚ ਅਤੇ ਪੰਚ ਸਮੇਤ 70 ਲੋਕ ਕਾਂਗਰਸ ਪਾਰਟੀ 'ਚ ਸ਼ਾਮਲ

**ਨਿਊ - ਚੰਡੀਗੜ੍ਹ, 10 ਅਕਤੂਬਰ (ਜੇ.ਕੇ ਬੱਤਰਾ)**- ਨਿਊ ਚੰਡੀਗੜ੍ਹ ਦੇ ਝਿੰਗੜਾ ਕਲਾਂ ਪਿੰਡ ਵਿੱਚ ਕਾਂਗਰਸ ਪਾਰਟੀ ਦੀ ਇੱਕ ਵੱਡੀ ਜਨਤਕ ਮੀਟਿੰਗ ਦਾ ਆਯੋਜਨ ਪ੍ਰਸਿੱਧ ਸੀਨੀਅਰ ਕਾਂਗਰਸੀ ਨੇਤਾ ਗੁਰਪ੍ਰਤਾਪ ਸਿੰਘ ਪਡਿਆਲਾ, ਜਨਰਲ ਸਕੱਤਰ (ਪੰਜਾਬ ਕਿਸਾਨ ਕਾਂਗਰਸ) ਦੁਆਰਾ ਕੀਤਾ ਗਿਆ। ਮੀਟਿੰਗ ਦੌਰਾਨ ਗੁਰਪ੍ਰਤਾਪ ਸਿੰਘ ਪਡਿਆਲਾ ਨੇ ਪਿੰਡ ਵਾਸੀਆਂ ਨੂੰ ਸੰਬੋਧਨ ਕੀਤਾ ਅਤੇ ਕਾਂਗਰਸ ਪਾਰਟੀ ਦੀਆਂ ਨੀਤੀਆਂ ਬਾਰੇ ਵਿਸਥਾਰ ਨਾਲ ਦੱਸਿਆ। ਇਸ ਮੌਕੇ ਗੁਰਪ੍ਰਤਾਪ ਸਿੰਘ ਪਡਿਆਲਾ ਨੇ ਪੰਜਾਬ ਵਿੱਚ ਆਮ ਆਦਮੀ ਪਾਰਟੀ ਦੀ ਸਰਕਾਰ 'ਤੇ ਨਿਸ਼ਾਨਾ ਸਾਧਦੇ ਹੋਏ ਦੋਸ਼ ਲਗਾਇਆ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਪੰਜਾਬ ਦੇ ਲੋਕਾਂ ਨੂੰ ਧੋਖਾ ਦੇ ਰਹੀ ਹੈ। ਉਨ੍ਹਾਂ ਕਿਹਾ ਕਿ ਪੰਜਾਬ ਦੇ ਖਜ਼ਾਨੇ ਵਿੱਚ ਵੱਡੇ ਪੱਧਰ 'ਤੇ ਗਬਨ ਹੋ ਰਿਹਾ ਹੈ ਅਤੇ ਦਿੱਲੀ ਵਿੱਚ ਕੁਝ ਅਖੌਤੀ ਆਗੂ ਪੰਜਾਬੀਆਂ ਦਾ ਪੈਸਾ ਲੁੱਟ ਰਹੇ ਹਨ। ਇਸ ਦੌਰਾਨ, ਮੁੱਖ ਮੰਤਰੀ ਭਗਵੰਤ ਸਿੰਘ ਮਾਨ ਹਰ ਰੋਜ਼ ਆਪਣੇ ਭਾਸ਼ਣਾਂ ਵਿੱਚ ਝੂਠ ਬੋਲ ਰਹੇ ਸਨ। ਪੰਜਾਬ ਦੇ ਹਿੱਤਾਂ ਅਤੇ ਖਜ਼ਾਨੇ ਦੀ ਰੱਖਿਆ ਕਰਨਾ ਉਨ੍ਹਾਂ ਦਾ ਫਰਜ਼ ਹੈ, ਪਰ ਉਹ ਆਪਣੇ ਹੀ ਦੁਸ਼ਮਣਾਂ ਤੋਂ ਡਰਦੇ ਹੋਏ ਚੁੱਪ ਰਹਿੰਦੇ ਹਨ। ਉਨ੍ਹਾਂ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਆਉਣ ਵਾਲੀਆਂ 2027 ਦੀਆਂ ਚੋਣਾਂ ਵਿੱਚ ਕਾਂਗਰਸ ਪਾਰਟੀ ਨੂੰ ਦੁਬਾਰਾ ਚੁਣਨ ਤਾਂ ਜੋ ਦਿੱਲੀ ਦੇ ਗੁੰਡਿਆਂ ਨੂੰ ਉਨ੍ਹਾਂ ਦੇ ਇੱਕ-ਇੱਕ ਪੈਸੇ ਲਈ ਜਵਾਬਦੇਹ ਬਣਾਇਆ ਜਾ ਸਕੇ ਅਤੇ ਪੰਜਾਬ ਨੂੰ ਵਿਕਾਸ ਦੇ ਰਾਹ 'ਤੇ ਵਾਪਸ ਲਿਆਂਦਾ ਜਾ ਸਕੇ। ਮੀਟਿੰਗ ਦੌਰਾਨ, ਗੁਰਪ੍ਰਤਾਪ ਸਿੰਘ ਪਡਿਆਲਾ ਦੀ ਅਗਵਾਈ ਹੇਠ, ਹਰੀ ਸਿੰਘ (ਸਾਬਕਾ ਸਰਪੰਚ), ਕਰਮਜੀਤ ਸਿੰਘ (ਪੰਚਾਇਤ), ਸੰਦੀਪ ਸਿੰਘ (ਪੰਚਾਇਤ), ਮਨਜੀਤ ਕੌਰ (ਪੰਚਾਇਤ), ਜਤਿੰਦਰ ਸਿੰਘ (ਪੰਚਾਇਤ), ਜੋਗਾ ਸਿੰਘ, ਹਰਪ੍ਰੀਤ ਸਿੰਘ, ਮਨਪ੍ਰੀਤ ਸਿੰਘ ਅਤੇ ਗੁਰਦੀਪ ਝਿੰਗੜਾ ਸਮੇਤ ਲਗਭਗ 70 ਲੋਕ ਕਾਂਗਰਸ ਪਾਰਟੀ ਵਿੱਚ ਸ਼ਾਮਲ ਹੋਏ। ਗੁਰਪ੍ਰਤਾਪ ਸਿੰਘ ਪਡਿਆਲਾ ਨੇ ਨਵੇਂ ਮੈਂਬਰਾਂ ਦਾ ਪਾਰਟੀ ਵਿੱਚ ਸਵਾਗਤ ਕੀਤਾ। ਸੁਰਜੀਤ ਸਿੰਘ ਲਖਨੌਰ, ਜੌਲੀ ਪਡਿਆਲਾ, ਰਵਿੰਦਰ ਸਿੰਘ (ਸਾਬਕਾ ਸਰਪੰਚ), ਕੁਲਵਿੰਦਰ ਸਿੰਘ ਨਗਲੀਆਂ ਅਤੇ ਸਖੀ ਸਮੇਤ ਵੱਡੀ ਗਿਣਤੀ ਵਿੱਚ ਪਿੰਡ ਵਾਸੀ ਮੌਜੂਦ ਸਨ।

# ਖਰੜ ਦੀ ਬੰਗਾਲਾ ਬਸਤੀ 'ਚ ਨਸ਼ਿਆਂ ਖਿਲਾਫ ਲੋਕਾਂ ਨੇ ਲਗਾਈ ਪੁਲੀਸ ਕੋਲ ਗੁਹਾਰ

ਸ਼ਸ਼ੀ ਪਾਲ ਜੈਨ

**ਖਰੜ, 10 ਅਕਤੂਬਰ**-ਖਰੜ ਦੀ ਬੰਗਾਲਾ ਬਸਤੀ ਵਿਖੇ ਅੱਜ ਪੁਲਿਸ ਵੱਲੋਂ ਕਾਸੋ ਆਪਰੇਸ਼ਨ ਤਹਿਤ ਕੀਤੀ ਗਈ ਚੈਕਿੰਗ ਦੌਰਾਨ ਸਥਾਨਕ ਲੋਕਾਂ ਨੇ ਖੁੱਲ ਕੇ ਨਸ਼ਿਆਂ ਦੀ ਵਿਕਰੀ ਖਿਲਾਫ ਆਵਾਜ ਉਠਾਈ। ਲੋਕਾਂ ਨੇ ਪੁਲਿਸ ਨੂੰ ਅਪੀਲ ਕੀਤੀ ਕਿ ਇਲਾਕੇ ਵਿੱਚ ਨਸ਼ਿਆਂ ਦੀ ਵਿਕਰੀ ਨੂੰ ਸਖਤੀ ਨਾਲ ਰੋਕਿਆ ਜਾਵੇ। ਉਨਾਂ ਕਿਹਾ ਕਿ ਉਹ ਇਲਾਕੇ ਵਿੱਚ ਨਸ਼ਿਆਂ ਦੀ ਕਥਿਤ ਵਿਕਰੀ ਤੋਂ ਤੰਗ ਆ ਚੁੱਕੇ ਹਨ ਅਤੇ ਇਸ ਸਮੱਸਿਆ ਨੂੰ ਖਤਮ ਕਰਨਾ ਬੇਹੱਦ ਜ਼ਰੂਰੀ ਹੈ। ਇਸ ਮੌਕੇ ਡੀਐੱਸਪੀ ਦੀਸਾਨ ਸਿੰਗਲਾ

ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਨਸ਼ਿਆਂ ਵਿਰੁੱਧ ਖੁੱਲ ਕੇ ਸਾਹਮਣੇ ਆਉਣ ਵਾਲੇ ਲੋਕਾਂ ਦਾ ਧੰਨਵਾਦ ਕੀਤਾ। ਉਨਾਂ ਕਿਹਾ ਕਿ ਨਸ਼ਿਆਂ ਦੀ ਅਲਾਮਤ ਨੂੰ ਖਤਮ ਕਰਨ ਲਈ ਪੁਲਿਸ ਅਤੇ ਆਮ ਲੋਕਾਂ ਦਾ ਸਹਿਯੋਗ ਬਹੁਤ ਜ਼ਰੂਰੀ ਹੈ। ਉਨ੍ਹਾਂ ਇਲਾਕਾ ਵਾਸੀਆਂ ਨੂੰ ਅਪੀਲ ਕੀਤੀ ਕਿ ਉਹ ਨਸ਼ਾ ਤਸਕਰੀ ਸਬੰਧੀ ਜਾਣਕਾਰੀ ਪੁਲਿਸ ਨਾਲ ਸਾਂਝੀ ਕਰਨ ਉਨਾਂ ਕਿਹਾ ਕਿ ਨਸ਼ੇ ਦੀ ਵਰਤੋਂ ਕਰਦੇ ਫੜੇ ਗਏ ਵਿਅਕਤੀਆਂ ਨੂੰ ਨਸਾ ਛੁਡਾਊ ਕੇਂਦਰਾਂ ਵਿੱਚ ਭੇਜਣ ਦੀ ਕਾਰਵਾਈ ਵੀ ਕੀਤੀ ਗਈ ਹੈ। ਉਨਾਂ ਦੱਸਿਆ ਕਿ ਅੱਜ ਦੀ ਚੈਕਿੰਗ ਦੌਰਾਨ ਵੀ ਸੱਕ ਦੇ ਆਧਾਰ 'ਤੇ ਕਈ ਵਿਅਕਤੀਆਂ ਨੂੰ ਹਿਰਾਸਤ ਵਿੱਚ ਲਿਆ ਗਿਆ ਹੈ। ਇਨਾਂ ਤੋਂ ਪੁੱਛਗਿੱਛ ਅਤੇ ਜਾਂਚ ਪੜਤਾਲ ਤੋਂ ਬਾਅਦ ਤੱਥਾਂ ਦੇ ਆਧਾਰ 'ਤੇ ਬਣਦੀ ਕਾਨੂੰਨੀ ਕਾਰਵਾਈ ਕੀਤੀ ਜਾਵੇਗੀ ਇਸ ਤੋਂ ਇਲਾਵਾ ਬੰਗਾਲਾ ਬਸਤੀ ਵਿੱਚੋਂ ਬਿਨਾਂ ਨੰਬਰ ਪਲੇਟਾਂ ਵਾਲੇ ਵਾਹਨਾਂ ਸਮੇਤ ਕੁਝ ਹੋਰ ਸੱਕੀ ਵਾਹਨ ਵੀ ਕਬਜੇ ਵਿੱਚ ਲਏ ਗਏ ਹਨ।

# ਸ੍ਰੀ ਸੁਖਮਨੀ ਗਰੁੱਪ ਆਫ਼ ਇੰਸਟੀਚਿਊਸ਼ਨਜ਼ ਵਿਖੇ ਸ੍ਰੀ ਸੁਖਮਨੀ ਸਾਹਿਬ ਦੇ ਪਾਠ ਨਾਲ ਨਵੇਂ ਅਕਾਦਮਿਕ ਸੈਸ਼ਨ ਦੀ ਸ਼ੁਰੂਆਤ

**ਡੇਰਾਬੱਸੀ, 10 ਅਕਤੂਬਰ (ਸੁਖਵਿੰਦਰ ਸੈਣੀ)** —ਸ੍ਰੀ ਸੁਖਮਨੀ ਗਰੁੱਪ ਆਫ਼ ਇੰਸਟੀਚਿਊਸ਼ਨਜ਼ , ਡੇਰਾਬੱਸੀ ਵਿਖੇ ਅਕਾਦਮਿਕ ਸੈਸ਼ਨ 2026-27 ਦੀ ਸੁਚੱਜੀ ਅਤੇ ਸਫ਼ਲ ਸ਼ੁਰੂਆਤ ਲਈ ਸ੍ਰੀ ਸੁਖਮਨੀ ਸਾਹਿਬ ਦੇ ਪਾਠ ਕਰਵਾਏ ਗਏ। ਇਸ ਮੌਕੇ ਸੰਸਥਾ ਦੀ ਤਰੱਕੀ, ਵਿਦਿਆਰਥੀਆਂ ਦੇ ਸੁਨਹਿਰੀ ਭਵਿੱਖ ਅਤੇ ਸਭਨਾਂ ਦੀ ਚੜ੍ਹਦੀ ਕਲਾ ਲਈ ਅਰਦਾਸ ਕੀਤੀ ਗਈ।

ਇਸ ਧਾਰਮਿਕ ਸਮਾਗਮ ਵਿੱਚ ਸੰਸਥਾ ਦੇ ਵੱਖ-ਵੱਖ ਵਿਭਾਗਾਂ ਦੇ ਵਿਦਿਆਰਥੀਆਂ, ਅਧਿਆਪਕਾਂ, ਸਟਾਫ਼ ਮੈਂਬਰਾਂ ਅਤੇ ਸ਼ਰਧਾਲੂਆਂ ਨੇ ਉਤਸ਼ਾਹ ਨਾਲ ਸ਼ਮੂਲੀਅਤ ਕੀਤੀ। ਪਾਠ ਦੇ ਭੋਗ ਉਪਰੰਤ ਰੂਹਾਨੀ ਕੀਰਤਨ ਕੀਤਾ ਗਿਆ ਅਤੇ ਸੰਗਤਾਂ ਨੂੰ ਗੁਰੂ ਕਾ ਲੰਗਰ ਵਰਤਾਇਆ ਗਿਆ। ਸਮੁੱਚਾ ਸਮਾਗਮ ਸ਼ਰਧਾ, ਸੇਵਾ ਅਤੇ ਆਪਸੀ ਸਦਭਾਵਨਾ ਦੇ ਮਾਹੌਲ ਵਿੱਚ ਸੰਪੰਨ ਹੋਇਆ।ਚੇਅਰਮੈਨ ਪ੍ਰੋ. ਕੰਵਲਜੀਤ ਸਿੰਘ ਅਤੇ ਡਾਇਰੈਕਟਰ ਡਾ. ਦਮਨਜੀਤ ਸਿੰਘ ਨੇ ਵਿਦਿਆਰਥੀਆਂ ਦਾ ਸਵਾਗਤ ਕਰਦਿਆਂ ਨਵੇਂ ਅਕਾਦਮਿਕ ਸੈਸ਼ਨ ਲਈ ਸ਼ੁਭਕਾਮਨਾਵਾਂ ਦਿੱਤੀਆਂ। ਉਨ੍ਹਾਂ ਵਿਦਿਆਰਥੀਆਂ ਨੂੰ ਪੜ੍ਹਾਈ ਦੇ ਨਾਲ-ਨਾਲ ਨੈਤਿਕ ਕਦਰਾਂ-ਕੀਮਤਾਂ, ਅਨੁਸ਼ਾਸਨ ਅਤੇ ਸੇਵਾ ਭਾਵਨਾ ਨੂੰ ਆਪਣੇ ਜੀਵਨ ਦਾ ਹਿੱਸਾ ਬਣਾਉਣ ਲਈ ਪ੍ਰੇਰਿਤ ਕੀਤਾ ।ਜ਼ਿਕਰਯੋਗ ਹੈ ਕਿ ਸੰਸਥਾ ਵਿੱਚ ਲਾਅ, ਫਾਰਮੇਸੀ, ਕੰਪਿਊਟਰ ਸਾਇੰਸ ਅਤੇ ਇੰਜੀਨੀਅਰਿੰਗ, ਆਰਟੀਫੀਸ਼ੀਅਲ ਇੰਟੈਲੀਜੈਂਸ ਅਤੇ ਮਸ਼ੀਨ ਲਰਨਿੰਗ, ਡਿਪਲੋਮਾ, ਪੈਰਾ-ਮੈਡੀਕਲ ਸਾਇੰਸਿਜ਼, ਹਾਸਪਿਟੈਲਿਟੀ,ਸਮੇਤ ਵੱਖ-ਵੱਖ ਕੋਰਸ ਚਲਾਏ ਜਾ ਰਹੇ ਹਨ।

# ਮਾਤਾ ਜਵਾਲਾ ਜੀ ਦੀ ਪਾਵਨ ਜੋਤ ਨਾਲ ਰੁਸ਼ਨਾਏਗਾ ਹਲਕਾ ਡੇਰਾਬੱਸੀ

## ਗੁਰਦਰਸ਼ਨ ਸਿੰਘ ਸੈਣੀ ਅੱਜ ਕਰਨਗੇ 'ਸਾਂਝ ਦੀ ਜੋਤ ਯਾਤਰਾ' ਦਾ ਆਗਾਜ਼; ਡੇਰਾਬੱਸੀ, ਲਾਲੜੂ ਤੇ ਜ਼ੀਰਕਪੁਰ ਸਮੇਤ ਪਿੰਡਾਂ ਵਿੱਚ ਹੋਣਗੇ ਦਰਸ਼ਨ

**

## ਸੰਪਾਦਕੀ

# ਲੋਕਤੰਤਰ 'ਚ ਅਸਹਿਮਤੀ ਦੀ ਆਵਾਜ਼ ਕਿੰਨੀ ਆਜ਼ਾਦ ?

ਦਿੱਲੀ ਦੇ ਜੰਤਰ-ਮੰਤਰ 'ਤੇ ਚੋਣ ਕਮਿਸ਼ਨ ਦੀ ਕਾਰਗੁਜ਼ਾਰੀ ਵਿਰੁੱਧ ਹੋਏ ਪ੍ਰਦਰਸ਼ਨ ਅਤੇ ਸਿਆਸੀ ਆਗੂਆਂ ਤੇ ਕਾਰਕੁਨਾਂ ਨੂੰ ਹਿਰਾਸਤ ਵਿੱਚ ਲਏ ਜਾਣ ਦੀਆਂ ਖ਼ਬਰਾਂ ਨੇ ਇੱਕ ਵਾਰ ਫਿਰ ਲੋਕਤੰਤਰ ਵਿੱਚ ਵਿਰੋਧ ਦੇ ਅਧਿਕਾਰ ਬਾਰੇ ਗੰਭੀਰ ਸਵਾਲ ਖੜ੍ਹੇ ਕੀਤੇ ਹਨ। ਕਿਸੇ ਵੀ ਲੋਕਤੰਤਰੀ ਪ੍ਰਣਾਲੀ ਦੀ ਤਾਕਤ ਸਿਰਫ਼ ਚੋਣਾਂ ਕਰਵਾਉਣ ਵਿੱਚ ਨਹੀਂ, ਸਗੋਂ ਨਾਗਰਿਕਾਂ ਨੂੰ ਸਰਕਾਰ ਅਤੇ ਸੰਵਿਧਾਨਕ ਸੰਸਥਾਵਾਂ ਦੀਆਂ ਨੀਤੀਆਂ 'ਤੇ ਸਵਾਲ ਉਠਾਉਣ ਦਾ ਮੌਕਾ ਦੇਣ ਵਿੱਚ ਵੀ ਹੁੰਦੀ ਹੈ। ਵੋਟਰ ਸੂਚੀਆਂ ਦੀ ਅਸਆਈਆਰ ਨੂੰ ਲੈ ਕੇ ਵਿਰੋਧੀ ਪਾਰਟੀਆਂ ਵੱਲੋਂ ਜਤਾਈਆਂ ਜਾ ਰਹੀਆਂ ਚਿੰਤਾਵਾਂ ਨੂੰ ਨਜ਼ਰਅੰਦਾਜ਼ ਨਹੀਂ ਕੀਤਾ ਜਾਣਾ ਚਾਹੀਦਾ। ਵੋਟ ਦਾ ਅਧਿਕਾਰ ਲੋਕਤੰਤਰ ਦੀ ਬੁਨਿਆਦ ਹੈ। ਜੇ ਕਿਸੇ ਯੋਗ ਨਾਗਰਿਕ ਦਾ ਨਾਂ ਵੋਟਰ ਸੂਚੀ ਵਿੱਚੋਂ ਗਲਤੀ ਨਾਲ ਹਟਦਾ ਹੈ, ਤਾਂ ਇਹ ਸਿਰਫ਼ ਪ੍ਰਸ਼ਾਸਨਿਕ ਗਲਤੀ ਨਹੀਂ, ਸਗੋਂ ਉਸ ਦੇ ਲੋਕਤੰਤਰੀ ਅਧਿਕਾਰ ਨੂੰ ਪ੍ਰਭਾਵਿਤ ਕਰਨ ਵਾਲਾ ਮਾਮਲਾ ਬਣ ਸਕਦਾ ਹੈ। ਇਸ ਲਈ ਚੋਣ ਕਮਿਸ਼ਨ ਦੀ ਜ਼ਿੰਮੇਵਾਰੀ ਹੈ ਕਿ ਉਹ ਪ੍ਰਕਿਰਿਆ ਨੂੰ ਪਾਰਦਰਸ਼ੀ ਬਣਾਏ ਅਤੇ ਹਰ ਜਾਇਜ਼ ਸ਼ਿਕਾਇਤ ਦਾ ਸਮੇਂ ਸਿਰ ਨਿਪਟਾਰਾ ਕਰੇ। ਪਰ ਇਸ ਮਾਮਲੇ ਦਾ ਦੂਜਾ ਪੱਖ ਵੀ ਸਮਝਣਾ ਜ਼ਰੂਰੀ ਹੈ। ਦਿੱਲੀ ਪੁਲਿਸ ਨੇ ਪ੍ਰਦਰਸ਼ਨ ਲਈ ਇਜਾਜ਼ਤ ਨਾ ਹੋਣ ਅਤੇ ਕਾਨੂੰਨ-ਵਿਵਸਥਾ ਵਿਗੜਨ ਦੀ ਸੰਭਾਵਨਾ ਨੂੰ ਕਾਰਵਾਈ ਦਾ ਆਧਾਰ ਦੱਸਿਆ। ਰਿਪੋਰਟਾਂ ਮੁਤਾਬਕ, 10 ਅਕਤੂਬਰ ਨੂੰ ਹਜ਼ਾਰਾਂ ਲੋਕਾਂ ਨੂੰ ਹਿਰਾਸਤ ਵਿੱਚ ਲਿਆ ਗਿਆ ਅਤੇ ਕਈ ਆਗੂਆਂ ਨੂੰ ਜੰਤਰ-ਮੰਤਰ ਪਹੁੰਚਣ ਤੋਂ ਪਹਿਲਾਂ ਹੀ ਰੋਕ ਦਿੱਤਾ ਗਿਆ। ਪ੍ਰਸ਼ਾਸਨ ਦੀ ਜ਼ਿੰਮੇਵਾਰੀ ਜਨਤਕ ਸੁਰੱਖਿਆ ਯਕੀਨੀ ਬਣਾਉਣਾ ਹੈ, ਪਰ ਸੁਰੱਖਿਆ ਦੇ ਨਾਂ 'ਤੇ ਕੀਤੀ ਹਰ ਕਾਰਵਾਈ ਦੀ ਕਾਨੂੰਨੀ ਲੋੜ ਅਤੇ ਅਨੁਪਾਤਕਤਾ ਦੀ ਜਾਂਚ ਵੀ ਹੋਣੀ ਚਾਹੀਦੀ ਹੈ। ਲੋਕਤੰਤਰ ਵਿੱਚ ਸ਼ਾਂਤਮਈ ਪ੍ਰਦਰਸ਼ਨ ਕੋਈ ਸਰਕਾਰੀ ਮਿਹਰਬਾਨੀ ਨਹੀਂ, ਸਗੋਂ ਸੰਵਿਧਾਨਕ ਅਧਿਕਾਰ ਹੈ। ਇਸ ਅਧਿਕਾਰ ਦੇ ਨਾਲ ਜਨਤਕ ਕਾਨੂੰਨ-ਵਿਵਸਥਾ ਦੀ ਪਾਲਣਾ ਵੀ ਲਾਜ਼ਮੀ ਹੈ। ਇਸ ਲਈ ਨਾ ਤਾਂ ਪ੍ਰਦਰਸ਼ਨਕਾਰੀਆਂ ਨੂੰ ਕਾਨੂੰਨ ਤੋਂ ਉੱਪਰ ਮੰਨਿਆ ਜਾ ਸਕਦਾ ਹੈ ਅਤੇ ਨਾ ਹੀ ਪ੍ਰਸ਼ਾਸਨ ਨੂੰ ਅਸੀਮਤ ਅਧਿਕਾਰ ਦਿੱਤੇ ਜਾ ਸਕਦੇ ਹਨ। ਸਭ ਤੋਂ ਅਹਿਮ ਗੱਲ ਇਹ ਹੈ ਕਿ ਵੋਟਰ ਸੂਚੀਆਂ ਬਾਰੇ ਉੱਠੇ ਸਵਾਲਾਂ ਦਾ ਜਵਾਬ ਸਿਆਸੀ ਬਿਆਨਬਾਜ਼ੀ ਜਾਂ ਗ੍ਰਿਫ਼ਤਾਰੀਆਂ ਨਾਲ ਨਹੀਂ, ਸਗੋਂ ਤੱਥਾਂ, ਪਾਰਦਰਸ਼ਤਾ ਅਤੇ ਨਿਰਪੱਖ ਜਾਂਚ ਨਾਲ ਦਿੱਤਾ ਜਾਵੇ। ਚੋਣ ਕਮਿਸ਼ਨ ਨੂੰ ਸ਼ਿਕਾਇਤਾਂ ਦੇ ਨਿਪਟਾਰੇ ਅਤੇ ਵੋਟਰਾਂ ਦੇ ਅਧਿਕਾਰਾਂ ਦੀ ਸੁਰੱਖਿਆ ਬਾਰੇ ਸਪੱਸ਼ਟ ਜਾਣਕਾਰੀ ਦੇਣੀ ਚਾਹੀਦੀ ਹੈ ਅੰਤ ਵਿੱਚ, ਲੋਕਤੰਤਰ ਦੀ ਅਸਲ ਪਰਖ ਇਸ ਗੱਲ ਨਾਲ ਹੁੰਦੀ ਹੈ ਕਿ ਉਹ ਆਪਣੇ ਆਲੋਚਕਾਂ ਨਾਲ ਕਿਵੇਂ ਪੇਸ਼ ਆਉਂਦਾ ਹੈ। ਜੰਤਰ-ਮੰਤਰ 'ਤੇ ਉੱਠੀ ਆਵਾਜ਼ ਨੂੰ ਦਬਾਉਣ ਦੀ ਬਜਾਏ ਉਸ ਵਿੱਚ ਉਠਾਏ ਸਵਾਲਾਂ ਦਾ ਜਵਾਬ ਦੇਣਾ ਹੀ ਲੋਕਤੰਤਰੀ ਭਰੋਸੇ ਨੂੰ ਮਜ਼ਬੂਤ ਕਰ ਸਕਦਾ ਹੈ। ਸਰਕਾਰ, ਪੁਲਿਸ ਅਤੇ ਚੋਣ ਕਮਿਸ਼ਨ—ਤਿੰਨਾਂ ਲਈ ਇਹ ਮੌਕਾ ਹੈ ਕਿ ਉਹ ਕਾਨੂੰਨ ਦੀ ਪਾਲਣਾ ਦੇ ਨਾਲ ਨਾਗਰਿਕਾਂ ਦੇ ਅਧਿਕਾਰਾਂ ਦਾ ਸਤਿਕਾਰ ਵੀ ਯਕੀਨੀ ਬਣਾਉਣ।

## ਇੱਕ ਨਜ਼ਰ...

### ਸਪੀਕਰ ਪੰਜਾਬ ਵਿਧਾਨ ਸਭਾ ਸ. ਕੁਲਤਾਰ ਸਿੰਘ ਸੰਧਵਾਂ ਵੱਲੋਂ ਤੀਰਥ ਯਾਤਰਾ ਯੋਜਨਾ ਤਹਿਤ ਸ਼ਰਧਾਲੂਆਂ ਦੀ ਬੱਸ ਸ੍ਰੀ ਅੰਮ੍ਰਿਤਸਰ ਸਾਹਿਬ ਲਈ ਰਵਾਨਾ

**ਕੋਟਕਪੂਰਾ, 10 ਅਕਤੂਬਰ (ਗੁਰਪ੍ਰੀਤ ਸਿੰਘ ਔਲਖ)** : ਪੰਜਾਬ ਸਰਕਾਰ ਵੱਲੋਂ ਸ਼ੁਰੂ ਕੀਤੀ ਗਈ ਤੀਰਥ ਯਾਤਰਾ ਯੋਜਨਾ ਤਹਿਤ ਸਪੀਕਰ ਪੰਜਾਬ ਵਿਧਾਨ ਸਭਾ ਸ. ਕੁਲਤਾਰ ਸਿੰਘ ਸੰਧਵਾਂ ਵੱਲੋਂ ਕੋਟਕਪੂਰਾ ਅਤੇ ਪਿੰਡ ਨਾਨਕਸਰ ਤੋਂ ਸ਼ਰਧਾਲੂਆਂ ਦੀ ਬੱਸ ਸ੍ਰੀ ਅੰਮ੍ਰਿਤਸਰ ਸਾਹਿਬ ਵਿਖੇ ਧਾਰਮਿਕ ਸਥਾਨਾਂ ਦੇ ਦਰਸ਼ਨਾਂ ਲਈ ਰਵਾਨਾ ਕੀਤੀ ਗਈ। ਇਸ ਮੌਕੇ ਸਪੀਕਰ ਸ. ਸੰਧਵਾਂ ਨੇ ਕਿਹਾ ਕਿ ਤੀਰਥ ਯਾਤਰਾ ਯੋਜਨਾ ਦਾ ਮੁੱਖ ਉਦੇਸ਼ ਲੋਕਾਂ ਨੂੰ ਧਾਰਮਿਕ ਸਥਾਨਾਂ ਦੇ ਦਰਸ਼ਨ ਕਰਵਾਉਣ ਦੀ ਸਹੂਲਤ ਪ੍ਰਦਾਨ ਕਰਨਾ ਹੈ, ਤਾਂ ਜੋ ਸ਼ਰਧਾਲੂ ਬਿਨਾਂ ਕਿਸੇ ਮੁਸ਼ਕਲ ਦੇ ਆਪਣੀ ਆਸਥਾ ਅਨੁਸਾਰ ਪਵਿੱਤਰ ਸਥਾਨਾਂ ਦੇ ਦਰਸ਼ਨ ਕਰ ਸਕਣ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਲੋਕਾਂ ਦੀਆਂ ਧਾਰਮਿਕ ਭਾਵਨਾਵਾਂ ਦਾ ਸਤਿਕਾਰ ਕਰਦੀ ਹੈ ਅਤੇ ਅਜਿਹੇ ਉਪਰਾਲਿਆਂ ਰਾਹੀਂ ਸ਼ਰਧਾਲੂਆਂ ਨੂੰ ਸਹੂਲਤਾਂ ਮੁਹੱਈਆ ਕਰਵਾਉਣ ਲਈ ਵਚਨਬੱਧ ਹੈ। ਉਨ੍ਹਾਂ ਨੇ ਯਾਤਰਾ ਤੇ ਜਾ ਰਹੇ ਸ਼ਰਧਾਲੂਆਂ ਨੂੰ ਸ਼ੁਭਕਾਮਨਾਵਾਂ ਦਿੱਤੀਆਂ ਅਤੇ ਉਨ੍ਹਾਂ ਦੀ ਸੁਖਦ ਤੇ ਸੁਰੱਖਿਅਤ ਯਾਤਰਾ ਦੀ ਕਾਮਨਾ ਕੀਤੀ।

### ਮੁਲਾਜ਼ਮਾਂ ਨੂੰ ਹਕ ਦੇਣ ਦੀ ਬਜਾਏ ਮਾਮਲੇ ਨੂੰ ਕਾਨੂੰਨੀ ਪ੍ਰਕਿਰਿਆ 'ਚ ਉਲਝਾਇਆ : ਕੰਬੋਜ

**ਪਟਿਆਲਾ, 10 ਅਕਤੂਬਰ (ਰਾਜਿੰਦਰ ਥਿੰਦ)** : ਮਹਿੰਗਾਈ ਭੱਤਾ (ਡੀ. ਏ. ਮਾਮਲੇ) 'ਚ ਪੰਜਾਬ ਸਰਕਾਰ ਦੇ ਮੁਖ ਸਕਤਰ ਵਲੋਂ ਪੰਜਾਬ ਤੇ ਹਰਿਆਣਾ ਹਾਈ ਕੋਰਟ 'ਚ ਮੁਆਫ਼ੀ ਮੰਗਣਾ ਇਸ ਗਲ ਦਾ ਸਬੂਤ ਹੈ ਕਿ ਸਰਕਾਰ ਨੇ ਸੂਬੇ ਦੇ ਮੁਲਾਜ਼ਮਾਂ ਨਾਲ ਵਡਾ ਧੋਖਾ ਕੀਤਾ ਹੈ। ਕਾਂਗਰਸ ਪਾਰਟੀ ਲੰਬੇ ਸਮੇਂ ਤੋਂ ਮੁਲਾਜ਼ਮਾਂ ਨਾਲ ਹੋ ਰਹੀ ਬੇਇਨਸਾਫ਼ੀ ਦਾ ਮੁਦਾ ਉਠਾਉਂਦੀ ਆ ਰਹੀ ਹੈ ਤੇ ਹੁਣ ਸਰਕਾਰ ਦੀ ਕਾਰਵਾਈ ਨੇ ਕਾਂਗਰਸ ਦੇ ਪਖ ਨੂੰ ਸਹੀ ਸਾਬਤ ਕਰ ਦਿਤਾ ਹੈ। ਇਹ ਗਲ ਕਾਂਗਰਸ ਪਾਰਟੀ ਦੇ ਸਾਬਕਾ ਵਿਧਾਇਕ ਹਰਦਿਆਲ ਸਿੰਘ ਕੰਬੋਜ ਨੇ ਕਹੀ। ਸਾਬਕਾ ਵਿਧਾਇਕ ਹਰਦਿਆਲ ਕੰਬੋਜ ਨੇ ਕਿਹਾ ਕਿ ਮਾਨ ਸਰਕਾਰ ਨੇ ਹਾਈ ਕੋਰਟ ਦੇ ਫ਼ੈਸਲੇ ਵਿਰੁਧ ਸੁਪਰੀਮ ਕੋਰਟ 'ਚ ਦਾਇਰ ਪਟੀਸ਼ਨ 'ਚ ਜਾਣ—ਬੁਝ ਕੇ ਗ਼ਲਤੀਆਂ ਕੀਤੀਆਂ ਤਾਂ ਜੋ ਕਿਸੇ ਤਰ੍ਹਾਂ ਇਸ ਮਾਮਲੇ ਨੂੰ ਚੋਣਾਂ ਤਕ ਟਾਲਿਆ ਜਾ ਸਕੇ । ਮੁਲਾਜ਼ਮਾਂ ਨੂੰ ਉਨ੍ਹਾਂ ਦਾ ਹਕ ਦੇਣ ਦੀ ਬਜਾਏ ਸਰਕਾਰ ਵਲੋਂ ਕਾਨੂੰਨੀ ਪ੍ਰਕਿਰਿਆ ਦਾ ਸਹਾਰਾ ਲੈ ਕੇ ਮਾਮਲੇ ਨੂੰ ਲਟਕਾਉਣ ਦੀ ਕੋਸਿ ਼ਸ਼ ਕਰਨਾ ਬੇਹਦ ਨਿਰਾਸ਼ਾਜਨਕ ਹੈ। ਕੰਬੋਜ ਨੇ ਕਿਹਾ ਕਿ ਇਹ ਤਾਂ ਅਜੇ ਸ਼ੁਰੂਆਤ ਹੈ ਤੇ ਆਉਣ ਵਾਲੇ ਦਿਨਾਂ 'ਚ ਸਰਕਾਰ ਦੇ ਹੋਰ ਮਾਮਲਿਆਂ ਦਾ ਵੀ ਪਰਦਾਫਾਸ਼ ਹੋਵੇਗਾ। ਉਨ੍ਹਾਂ ਦਾਅਵਾ ਕੀਤਾ ਕਿ ਜਲਦੀ ਹੀ ਮੁਖ ਮੱਤਰੀ ਨੂੰ ਮੁਲਾਜ਼ਮਾਂ ਨਾਲ ਕੀਤੇ ਗਏ ਵਿਸ਼ਵਾਸਘਾਤ ਲਈ ਮੁਆਫ਼ੀ ਮੰਗਣੀ ਪਵੇਗੀ।

### ਕੇ.ਐੱਸ. ਮਾਨ ਵੱਲੋਂ ਅੱਜ 11 ਅਕਤੂਬਰ ਨੂੰ ਪੰਜਾਬ ਸਾਂਝੀਵਾਲਤਾ ਦਲ ਦੇ ਇਕੱਠ ਵਿੱਚ ਪਹੁੰਚਣ ਦੀ ਅਪੀਲ

**ਕੋਟ ਈਸੇ ਖਾਂ, 10 ਅਕਤੂਬਰ (ਸੰਜੀਵ ਸੂਦ)** : ਹਲਕਾ ਧਰਮਕੋਟ ਦੇ ਕਸਬਾ ਕੋਟ ਈਸੇ ਖਾਂ ਤੋਂ ਸਮਾਜ ਸੇਵੀ ਅਤੇ ਨੌਜਵਾਨ ਆਗੂ ਕੇ.ਐੱਸ. ਮਾਨ (ਕੁਲਵਿੰਦਰ ਸਿੰਘ ਮਾਨ ਜਿੰਮ ਵਾਲੇ) ਵੱਲੋਂ ਮੋਗਾ ਰੋਡ 'ਤੇ ਪਿੰਡ ਜਨੇਰ ਅਤੇ ਲੋਹਾਰਾ ਦੇ ਵਿਚਕਾਰ ਸਥਿਤ ਮਾਨ ਹਵੇਲੀ (ਢਾਬਾ) ਵਿਖੇ ਪੱਤਰਕਾਰ ਭਾਈਚਾਰੇ ਨਾਲ ਪ੍ਰੈੱਸ ਕਾਨਫਰੰਸ ਕੀਤੀ ਗਈ। ਇਸ ਮੌਕੇ ਉਨ੍ਹਾਂ ਨੇ ਪੰਜਾਬ ਦੇ ਵੱਖ-ਵੱਖ ਮੁੱਦਿਆਂ 'ਤੇ ਆਪਣੇ ਵਿਚਾਰ ਸਾਂਝੇ ਕੀਤੇ ਅਤੇ ਇਲਾਕੇ ਦੇ ਲੋਕਾਂ ਨੂੰ ਆਉਣ ਵਾਲੇ ਇਕੱਠ ਵਿੱਚ ਸ਼ਾਮਲ ਹੋਣ ਦਾ ਸੱਦਾ ਦਿੱਤਾ। ਪ੍ਰੈੱਸ ਕਾਨਫਰੰਸ ਦੌਰਾਨ ਕੇ.ਐੱਸ. ਮਾਨ ਨੇ ਦੱਸਿਆ ਕਿ 11 ਅਕਤੂਬਰ, ਦਿਨ ਐਤਵਾਰ, ਦੁਪਹਿਰ 3 ਵਜੇ ਮਾਨ ਹਵੇਲੀ ਵਿਖੇ ਪੰਜਾਬ ਸਾਂਝੀਵਾਲਤਾ ਦਲ ਵੱਲੋਂ ਇੱਕ ਵੱਡਾ ਜਨਤਕ ਇਕੱਠ ਕੀਤਾ ਜਾ ਰਿਹਾ ਹੈ। ਉਨ੍ਹਾਂ ਦੇ ਦਾਅਵੇ ਅਨੁਸਾਰ, ਇਸ ਇਕੱਠ ਦੌਰਾਨ ਹਲਕਾ ਧਰਮਕੋਟ ਤੋਂ ਵਿਧਾਨ ਸਭਾ ਚੋਣਾਂ ਲਈ ਉਨ੍ਹਾਂ ਦੇ ਨਾਮ ਦਾ ਅਧਿਕਾਰਤ ਐਲਾਨ ਕਰਦਿਆਂ ਉਮੀਦਵਾਰੀ ਸੰਬੰਧੀ ਫ਼ੈਸਲਾ ਲਿਆ ਜਾਵੇਗਾ। ਉਨ੍ਹਾਂ ਕਿਹਾ ਕਿ ਇਸ ਸਮਾਗਮ ਵਿੱਚ ਪਾਰਟੀ ਦੇ ਸੀਨੀਅਰ ਆਗੂਆਂ, ਵਕੀਲਾਂ ਅਤੇ ਪੰਜਾਬ ਦੀ ਬਿਹਤਰੀ ਲਈ ਕੰਮ ਕਰਨ ਵਾਲੀਆਂ ਹੋਰ ਸ਼ਖ਼ਸੀਅਤਾਂ ਦੇ ਪਹੁੰਚਣ ਦੀ ਉਮੀਦ ਹੈ। ਇਸ ਦੌਰਾਨ ਪੰਜਾਬ ਦੇ ਮੌਜੂਦਾ ਹਾਲਾਤ, ਲੋਕਾਂ ਦੀਆਂ ਸਮੱਸਿਆਵਾਂ ਅਤੇ ਸੂਬੇ ਦੇ ਭਵਿੱਖ ਬਾਰੇ ਵਿਚਾਰ-ਵਟਾਂਦਰਾ ਕੀਤਾ ਜਾਵੇਗਾ। ਕੇ.ਐੱਸ. ਮਾਨ ਨੇ ਇਲਾਕਾ ਵਾਸੀਆਂ ਅਤੇ ਹਲਕਾ ਧਰਮਕੋਟ ਦੇ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਵੱਧ ਤੋਂ ਵੱਧ ਗਿਣਤੀ ਵਿੱਚ ਇਕੱਠ ਵਿੱਚ ਸ਼ਾਮਲ ਹੋਣ ਅਤੇ ਉਨ੍ਹਾਂ ਦਾ ਸਾਥ ਦੇਣ। ਉਨ੍ਹਾਂ ਕਿਹਾ ਕਿ ਉਨ੍ਹਾਂ ਦਾ ਉਦੇਸ਼ ਨਸ਼ਿਆਂ ਦੀ ਦਲਦਲ ਵਿੱਚ ਫਸ ਰਹੀ ਨੌਜਵਾਨ ਪੀੜ੍ਹੀ ਨੂੰ ਬਚਾਉਣਾ ਅਤੇ ਪੰਜਾਬ ਨੂੰ ਮੁੜ ਖੁਸ਼ਹਾਲ ਸੂਬਾ ਬਣਾਉਣ ਲਈ ਯਤਨ ਕਰਨਾ ਹੈ। ਉਨ੍ਹਾਂ ਨੇ ਲੋਕਾਂ ਨੂੰ ਇਸ ਇਕੱਠ ਵਿੱਚ ਸ਼ਮੂਲੀਅਤ ਕਰਕੇ ਪੰਜਾਬ ਦੇ ਭਵਿੱਖ ਬਾਰੇ ਆਪਣੇ ਵਿਚਾਰ ਸਾਂਝੇ ਕਰਨ ਦੀ ਅਪੀਲ ਵੀ ਕੀਤੀ।

### ਭਾਈ ਘਨੱਈਆ ਏਕਤਾ ਕਾਲਜ ਆਫ ਨਰਸਿੰਗ ਵਿਖੇ ਵਿਸ਼ਵ ਮਾਨਸਿਕ ਸਿਹਤ ਦਿਵਸ ਮਨਾਇਆ

**ਧਰਮਕੋਟ, 10 ਅਕਤੂਬਰ (ਸੰਜੀਵ ਸੂਦ /ਜਗਰਾਜ ਸਿੰਘ ਸੰਘਾ)** : ਭਾਈ ਘਨੱਈਆ ਏਕਤਾ ਕਾਲਜ ਆਫ ਨਰਸਿੰਗ ਵਿਖੇ ਵਿਸ਼ਵ ਮਾਨਸਿਕ ਸਿਹਤ ਦਿਵਸ ਬੜੇ ਉਤਸ਼ਾਹ ਨਾਲ ਮਨਾਇਆ ਗਿਆ। ਜਿਵੇਂ ਕਿ ਅੱਜਕੱਲ ਦੀ ਭੱਜਦੌੜ ਵਾਲੀ ਜ਼ਿੰਦਗੀ ਵਿੱਚ ਤਕਰੀਬਨ ਹਰ ਇੱਕ ਵਿਅਕਤੀ ਮਾਨਸਿਕ ਤਣਾਅ ਵਿਚੋਂ ਲੰਘ ਰਿਹਾ ਹੈ ਤਾਂ ਇਸ ਮੌਕੇ ਕਾਲਜ ਦੇ ਪ੍ਰਿੰਸੀਪਲ ਡਾ. ਦਲਜੀਤ ਕੌਰ ਤੂਰ ਜੀ ਨੇ ਵਿਦਿਆਰਥੀਆਂ ਨੂੰ ਤਣਾਅ ਤੋਂ ਰਾਹਤ ਲਈ Relaxation Technique ਦੀ ਵਿਸ਼ੇਸ਼ ਥੈਰੇਪੀ ਪ੍ਰਦਾਨ ਕੀਤੀ। ਉਨ੍ਹਾਂ ਨੇ ਦੱਸਿਆ ਕਿ ਆਉਣ ਵਾਲੇ ਸਮੇਂ ਵਿੱਚ ਨਰਸਿੰਗ ਵਿਦਿਆਰਥੀਆਂ ਦੀ ਡਿਊਟੀ ਕਮਿਊਨਿਟੀ ਖੇਤਰ ਵਿੱਚ ਅਤੇ ਸਮਾਜ ਵਿੱਚ ਮਾਨਸਿਕ ਸਿਹਤ ਨੂੰ ਲੈ ਕੇ ਬਹੁਤ ਅਹਿਮ ਭੂਮਿਕਾ ਨਿਭਾਏਗੀ। ਇਸ ਮੌਕੇ ਸਹਾਇਕ ਪ੍ਰੋਫੈਸਰ ਸ਼੍ਰੀਮਤੀ ਰੁਪਿੰਦਰ ਕੌਰ (ਮਾਨਸਿਕ ਸਿਹਤ ਨਰਸਿੰਗ ਵਿਭਾਗ) ਨੇ ਵਿਦਿਆਰਥੀਆਂ ਨੂੰ ਮਾਨਸਿਕ ਬਿਮਾਰੀਆਂ ਦੇ ਸ਼ੁਰੂਆਤੀ ਲੱਛਣਾਂ ਦੀ ਪਛਾਣ ਅਤੇ ਸਮੇਂ ਸਿਰ ਨਿਦਾਨ ਬਾਰੇ ਵਿਸਥਾਰ ਨਾਲ ਜਾਣਕਾਰੀ ਦਿੱਤੀ। ਵਿਦਿਆਰਥੀਆਂ ਨੇ ਇਸ ਪ੍ਰੋਗਰਾਮ ਵਿੱਚ ਬੜੇ ਉਤਸ਼ਾਹ ਨਾਲ ਭਾਗ ਲੈ ਕੇ ਥੈਰੇਪੀ ਦਾ ਲਾਭ ਲਿਆ ਅਤੇ ਪ੍ਰੋਗਰਾਮ ਦੇ ਅੰਤ ਵਿੱਚ ਵਿਦਿਆਰਥੀਆਂ ਨਾਲ ਇੱਕ ਇੰਟਰਐਕਟਿਵ ਸੈਸ਼ਨ ਵੀ ਕੀਤਾ ਗਿਆ। ਵਿਦਿਆਰਥੀਆਂ ਨੇ ਦੱਸਿਆ ਕੇ ਪ੍ਰਿੰਸੀਪਲ ਡਾ. ਦਲਜੀਤ ਕੌਰ ਤੂਰ ਜੀ ਨੇ ਜੋ ਥੈਰੇਪੀ ਕਰਵਾਈ ਹੈ ਉਸ ਨਾਲ ਉਹਨਾਂ ਨੇ ਵੀ ਬਹੁਤ ਮਾਨਸਿਕ ਸ਼ਾਂਤੀ ਦਾ ਅਨੁਭਵ ਕੀਤਾ ਅਤੇ ਉਹ ਡਾ. ਦਲਜੀਤ ਕੌਰ ਤੂਰ ਜੀ ਵਲੋਂ ਕਾਰਵਾਈ ਗਈ ਇਹ ਥੈਰੇਪੀ ਆਪਣੇ ਤੱਕ ਹੀ ਸੀਮਿਤ ਨਾ ਰੱਖ ਕੇ ਅੱਗੇ ਸਮਾਜ ਵਿੱਚ ਵੀ ਇਸ ਥੈਰੇਪੀ ਨਾਲ ਲੋਕਾਂ ਨੂੰ ਮਾਨਸਿਕ ਸਿਹਤ ਪ੍ਰਤੀ ਜਾਗਰੂਕ ਕਰਨਗੇ।

# ਸੋਸ਼ਲ ਮੀਡੀਆ: ਰਿਸ਼ਤੇ, ਭਾਵਨਾਵਾਂ ਅਤੇ ਦਿਲ ਟੁੱਟਣ ਦਾ ਦਰਦ

ਸੋਸ਼ਲ ਮੀਡੀਆ ਆਧੁਨਿਕ ਜੀਵਨ ਵਿੱਚ ਮਨੁੱਖੀ ਰਿਸ਼ਤਿਆਂ ਨੂੰ ਪ੍ਰਭਾਵਿਤ ਕਰਨ ਵਾਲੀਆਂ ਸਭ ਤੋਂ ਸ਼ਕਤੀਸ਼ਾਲੀ ਤਾਕਤਾਂ ਵਿੱਚੋਂ ਇੱਕ ਬਣ ਚੁੱਕਾ ਹੈ। ਵ ਹਾਟਸਐਪ ਅਤੇ ਫੇਸਬੁੱਕ ਵਰਗੇ ਪਲੇਟਫਾਰਮਾਂ ਨੇ ਸਾਡੇ ਗੱਲਬਾਤ ਕਰਨ, ਭਾਵਨਾਵਾਂ ਪ੍ਰਗਟ ਕਰਨ, ਦੋਸਤੀ ਕਾਇਮ ਰੱਖਣ ਅਤੇ ਪਰਿਵਾਰ ਨਾਲ ਜੁੜੇ ਰਹਿਣ ਦੇ ਢੰਗ ਨੂੰ ਪੂਰੀ ਤਰ੍ਹਾਂ ਬਦਲ ਦਿੱਤਾ ਹੈ। ਇੱਕ ਸੁਨੇਹਾ ਕੁਝ ਹੀ ਸਕਿੰਟਾਂ ਵਿੱਚ ਦੁਨੀਆ ਦੇ ਦੂਜੇ ਕੋਨੇ ਤੱਕ ਪਹੁੰਚ ਸਕਦਾ ਹੈ, ਇੱਕ ਤਸਵੀਰ ਸੈਂਕੜੇ ਲੋਕਾਂ ਤੱਕ ਪਹੁੰਚ ਸਕਦੀ ਹੈ ਅਤੇ ਇੱਕ ਛੋਟਾ ਜਿਹਾ ਸੁਨੇਹਾ ਕਿਸੇ ਵਿਅਕਤੀ ਨੂੰ ਇਹ ਅਹਿਸਾਸ ਕਰਵਾ ਸਕਦਾ ਹੈ ਕਿ ਉਸਨੂੰ ਯਾਦ ਕੀਤਾ ਜਾ ਰਿਹਾ ਹੈ।

ਪਰ ਇਸ ਅਸਾਧਾਰਣ ਜੁੜਾਅ ਦੇ ਪਿੱਛੇ ਇੱਕ ਹੋਰ ਸੱਚ ਵੀ ਹੈ। ਸੋਸ਼ਲ ਮੀਡੀਆ ਕਈ ਵਾਰ ਇਕੱਲੇਪਣ, ਗਲਤਫਹਿਮੀ, ਈਰਖਾ, ਭਾਵਨਾਤਮਕ ਨਿਰਾਸ਼ਾ ਅਤੇ ਦਿਲ ਟੁੱਟਣ ਦਾ ਕਾਰਨ ਵੀ ਬਣ ਸਕਦਾ ਹੈ। ਜਿਹੜੀ ਤਕਨਾਲੋਜੀ ਲੋਕਾਂ ਨੂੰ ਨੇੜੇ ਲਿਆਉਂਦੀ ਹੈ, ਉਹੀ ਕਈ ਵਾਰ ਉਨ੍ਹਾਂ ਵਿਚਕਾਰ ਦੂਰੀ ਵੀ ਪੈਦਾ ਕਰ ਦਿੰਦੀ ਹੈ। ਸਭ ਤੋਂ ਵੱਡੀ ਵਿਡੰਬਨਾ ਇਹ ਹੈ ਕਿ ਸਾਡੇ ਕੋਲ ਸੈਂਕੜੇ ਆਨਲਾਈਨ ਸੰਪਰਕ ਹੋ ਸਕਦੇ ਹਨ, ਫਿਰ ਵੀ ਅਸੀਂ ਅੰਦਰੋਂ ਬਹੁਤ ਇਕੱਲੇ ਮਹਿਸੂਸ ਕਰ ਸਕਦੇ ਹਾਂ।

**ਰਿਸ਼ਤਿਆਂ ਦੀ ਨਵੀਂ ਭਾਸ਼ਾ**

ਪਹਿਲਾਂ ਰਿਸ਼ਤੇ ਮੁੱਖ ਤੌਰ 'ਤੇ ਆਹਮੋ-ਸਾਹਮਣੇ ਗੱਲਬਾਤ, ਚਿੱਠੀਆਂ, ਫੋਨ ਕਾਲਾਂ ਅਤੇ ਸਾਂਝੇ ਤਜਰਬਿਆਂ ਰਾਹੀਂ ਵਿਕਸਿਤ ਹੁੰਦੇ ਸਨ। ਅੱਜ ਗੱਲਬਾਤ ਦਾ ਵੱਡਾ ਹਿੱਸਾ ਸਕ੍ਰੀਨ ਰਾਹੀਂ ਹੋਣ ਲੱਗ ਪਿਆ ਹੈ। ਸਵੇਰ ਦੀ ਸਤਿ ਸ੍ਰੀ ਅਕਾਲ ਦਾ ਸੁਨੇਹਾ, ਜਨਮਦਿਨ ਦੀ ਵਧਾਈ, ਕੋਈ ਤਸਵੀਰ, ਵੌਇਸ ਮੈਸੇਜ ਜਾਂ ਇੱਕ ਛੋਟਾ ਜਿਹਾ ਇਮੋਜੀ ਵੀ ਪਿਆਰ ਅਤੇ ਸਨੇਹ ਦੇ ਪ੍ਰਗਟਾਵੇ ਦਾ ਸਾਧਨ ਬਣ ਸਕਦਾ

# ਸਿਟੀ ਰੋਡ 'ਤੇ ਟ੍ਰੈਫਿਕ ਦਾ ਬੁਰਾ ਹਾਲ, ਦੁਕਾਨਦਾਰਾਂ ਦੇ ਕਬਜ਼ਿਆਂ ਤੇ ਸੜਕ ਵਿਚਾਲੇ ਖੜ੍ਹੇ ਵਾਹਨਾਂ ਨੇ ਲੋਕਾਂ ਦੇ ਛੁਡਾਏ ਪਸੀਨੇ

ਬਟਾਲਾ, 10 ਅਕਤੂਬਰ (ਸੰਜੀਵ ਨਈਅਰ) ਬਟਾਲਾ ਦੀ ਸਿਟੀ ਰੋਡ 'ਤੇ ਟ੍ਰੈਫਿਕ ਦੀ ਬਦਤਰ ਸਥਿਤੀ ਨੇ ਆਮ ਲੋਕਾਂ ਦੀਆਂ ਮੁਸ਼ਕਲਾਂ ਵਧਾ ਦਿੱਤੀਆਂ ਹਨ। ਸੜਕ ਦੇ ਵੱਡੇ ਹਿੱਸੇ 'ਤੇ ਦੁਕਾਨਦਾਰਾਂ ਵੱਲੋਂ ਕਥਿਤ ਤੌਰ 'ਤੇ ਕੀਤੇ ਗਏ ਕਬਜ਼ਿਆਂ ਅਤੇ ਦੁਕਾਨਾਂ 'ਤੇ ਆਉਣ ਵਾਲੇ ਗਾਹਕਾਂ ਵੱਲੋਂ ਸੜਕ ਦੇ ਵਿਚਕਾਰ ਵਾਹਨ ਖੜ੍ਹੇ ਕਰਨ ਕਾਰਨ ਆਵਾਜਾਈ ਬੁਰੀ ਤਰ੍ਹਾਂ ਪ੍ਰਭਾਵਿਤ ਹੋ ਰਹੀ ਹੈ। ਇਸ ਕਾਰਨ ਰਾਹਗੀਰਾਂ ਨੂੰ ਭਾਰੀ ਪ੍ਰੇਸ਼ਾਨੀ ਦਾ ਸਾਹਮਣਾ ਕਰਨਾ ਪੈ ਰਿਹਾ ਹੈ, ਪਰ ਸਥਿਤੀ ਨੂੰ ਦੇਖ ਕੇ ਪ੍ਰਸ਼ਾਸਨ ਦੀ ਕਾਰਗੁਜ਼ਾਰੀ 'ਤੇ ਵੀ ਸਵਾਲ ਖੜ੍ਹੇ ਹੋ ਰਹੇ ਹਨ। ਸਿਟੀ ਰੋਡ 'ਤੇ ਕਈ ਥਾਵਾਂ 'ਤੇ ਸੜਕ ਦੀ ਵਰਤੋਂ ਆਵਾਜਾਈ ਦੀ ਬਜਾਏ ਦੁਕਾਨਾਂ ਦੇ ਸਾਹਮਣੇ ਸਮਾਨ ਰੱਖਣ ਅਤੇ ਵਾਹਨ ਖੜ੍ਹੇ ਕਰਨ ਲਈ ਹੁੰਦੀ ਦਿਖਾਈ ਦਿੰਦੀ ਹੈ। ਇਸ ਕਾਰਨ ਸੜਕ ਦੀ ਚੌੜਾਈ ਘਟ ਜਾਂਦੀ ਹੈ ਅਤੇ ਵਾਹਨਾਂ ਦੀਆਂ ਲੰਮੀਆਂ ਕਤਾਰਾਂ ਲੱਗ

ਜਾਂਦੀਆਂ ਹਨ। ਸਭ ਤੋਂ ਵੱਧ ਮੁਸ਼ਕਲ ਉਨ੍ਹਾਂ ਲੋਕਾਂ ਨੂੰ ਹੁੰਦੀ ਹੈ, ਜਿਨ੍ਹਾਂ ਨੂੰ ਆਪਣੇ ਕੰਮਾਂ ਲਈ ਸਮੇਂ ਸਿਰ ਮੰਜ਼ਿਲ 'ਤੇ ਪਹੁੰਚਣਾ ਹੁੰਦਾ ਹੈ। ਲੋਕਾਂ ਦਾ ਕਹਿਣਾ ਹੈ ਕਿ ਟ੍ਰੈਫਿਕ ਪੁਲਿਸ ਨੂੰ ਸਿਰਫ਼ ਚਲਾਨ ਕੱਟਣ ਤੱਕ ਸੀਮਤ ਰਹਿਣ ਦੀ ਬਜਾਏ ਸੜਕਾਂ 'ਤੇ ਆਵਾਜਾਈ ਸੁਚਾਰੂ ਬਣਾਉਣ ਲਈ ਵੀ ਠੋਸ ਕਦਮ ਚੁੱਕਣੇ ਚਾਹੀਦੇ ਹਨ। ਜੇਕਰ ਕੋਈ ਵਿਅਕਤੀ ਜਾਣਬੁੱਝ ਕੇ ਟ੍ਰੈਫਿਕ ਨਿਯਮਾਂ ਦੀ ਉਲੰਘਣਾ ਕਰਦਾ ਹੈ ਜਾਂ ਸੜਕ ਵਿਚਕਾਰ ਵਾਹਨ ਖੜ੍ਹਾ ਕਰਕੇ ਹੋਰਨਾਂ ਲਈ ਮੁਸ਼ਕਲ ਪੈਦਾ ਕਰਦਾ ਹੈ ਤਾਂ ਉਸ ਖ਼ਿਲਾਫ਼ ਮੌਕੇ 'ਤੇ ਨਿਯਮਾਂ ਅਨੁਸਾਰ ਸਖ਼ਤ ਕਾਰਵਾਈ ਕੀਤੀ ਜਾਣੀ ਚਾਹੀਦੀ ਹੈ। ਜ਼ਿਕਰਯੋਗ ਹੈ ਕਿ ਗਾਂਧੀ ਚੌਕ ਬਟਾਲਾ ਵਿਖੇ ਵਿਧਾਇਕ ਅਮਨਸ਼ੇਰ ਸਿੰਘ ਸ਼ੈਰੀ ਕਲਸੀ ਦੇ ਯਤਨਾਂ ਨਾਲ ਟ੍ਰੈਫਿਕ ਲਾਈਟਾਂ ਲੱਗਣ ਤੋਂ ਬਾਅਦ ਆਵਾਜਾਈ ਪ੍ਰਬੰਧ ਵਿੱਚ ਕਾਫ਼ੀ ਸੁਧਾਰ ਦੇਖਣ ਨੂੰ ਮਿਲਿਆ ਹੈ। ਇਹ ਕਦਮ ਟ੍ਰੈਫਿਕ ਵਿਵਸਥਾ ਨੂੰ ਬਿਹਤਰ ਬਣਾਉਣ ਵੱਲ ਇੱਕ ਚੰਗਾ ਉਪਰਾਲਾ ਹੈ, ਪਰ ਇਸ ਦੇ ਨਾਲ ਹੀ ਸ਼ਹਿਰ ਦੀਆਂ ਹੋਰ ਪ੍ਰਮੁੱਖ ਸੜਕਾਂ 'ਤੇ ਵੀ ਨਿਯਮਾਂ ਦੀ ਸਖ਼ਤੀ ਨਾਲ ਪਾਲਣਾ ਕਰਵਾਉਣ ਦੀ ਲੋੜ ਹੈ। ਹੁਣ ਲੋੜ ਹੈ ਕਿ ਟ੍ਰੈਫਿਕ ਪੁਲਿਸ ਅਤੇ ਸਬੰਧਤ ਪ੍ਰਸ਼ਾਸਨ ਸਿਟੀ ਰੋਡ 'ਤੇ ਨਿਯਮਤ ਨਿਗਰਾਨੀ ਕਰਨ, ਸੜਕਾਂ ਤੋਂ ਨਾਜਾਇਜ਼ ਕਬਜ਼ੇ ਹਟਾਉਣ ਅਤੇ ਆਵਾਜਾਈ ਵਿੱਚ ਰੁਕਾਵਟ ਪਾਉਣ ਵਾਲੇ ਵਾਹਨਾਂ ਖ਼ਿਲਾਫ਼ ਕਾਰਵਾਈ ਕਰਨ। ਲੋਕਾਂ ਨੂੰ ਉਮੀਦ ਹੈ ਕਿ ਪ੍ਰਸ਼ਾਸਨ ਇਸ ਸਮੱਸਿਆ ਨੂੰ ਗੰਭੀਰਤਾ ਨਾਲ ਲੈਂਦਿਆਂ ਅਜਿਹੇ ਕਦਮ ਚੁੱਕੇਗਾ, ਜਿਨ੍ਹਾਂ ਨਾਲ ਸਿਟੀ ਰੋਡ 'ਤੇ ਟ੍ਰੈਫਿਕ ਜਾਮ ਤੋਂ ਰਾਹਤ ਮਿਲੇਗੀ ਅਤੇ ਆਮ ਲੋਕਾਂ ਦਾ ਸਫ਼ਰ ਸੁਖਾਲਾ ਹੋ ਸਕੇਗਾ।

# ਹਲਕਾ ਇੰਚਾਰਜ ਸ਼ਮਸ਼ੇਰ ਸਿੰਘ ਨੇ ਬਹਿਰਾਮਪੁਰ ਪਿੰਡ ਵਿੱਚ ਮਾਪੇ-ਅਧਿਆਪਕ ਮਿਲਣੀ ਵਿੱਚ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ

ਗੁਰਦਾਸਪੁਰ/ਦੀਨਾਨਗਰ, 10 ਅਕਤੂਬਰ (ਗੁਲਸ਼ਨ ਰਣੀਆਂ) ਪੰਜਾਬ ਸਿੱਖਿਆ ਕ੍ਰਾਂਤੀ ਦੇ ਹਿੱਸੇ ਵਜੋਂ ਬਹਿਰਾਮਪੁਰ ਪਿੰਡ ਵਿੱਚ ਇੱਕ ਮਾਪੇ-ਅਧਿਆਪਕ ਮਿਲਣੀ ਕਰਵਾਈ ਗਈ। ਆਮ ਆਦਮੀ ਪਾਰਟੀ ਦੇ ਹਲਕਾ ਇੰਚਾਰਜ ਸ਼ਮਸ਼ੇਰ ਸਿੰਘ ਨੇ ਇਸ ਸਮਾਗਮ ਵਿੱਚ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ। ਉਨ੍ਹਾਂ ਨੇ ਮਾਪਿਆਂ ਨਾਲ ਗੱਲਬਾਤ ਕੀਤੀ ਅਤੇ ਸਿੱਖਿਆ ਖੇਤਰ ਵਿੱਚ ਆਏ ਬਦਲਾਅ, ਬੱਚਿਆਂ ਦੀ ਪੜ੍ਹਾਈ ਅਤੇ ਉਨ੍ਹਾਂ ਦੇ ਸਰਵਪੱਖੀ ਵਿਕਾਸ ਬਾਰੇ ਚਰਚਾ ਕੀਤੀ।ਇਸ ਸਮਾਗਮ ਦੌਰਾਨ ਮਾਪਿਆਂ ਅਤੇ ਅਧਿਆਪਕਾਂ ਵਿਚਕਾਰ ਬਿਹਤਰ ਤਾਲਮੇਲ ਕਾਇਮ ਕਰਨ ਤੇ ਜ਼ੋਰ

ਦਿੱਤਾ ਗਿਆ। ਸਿੱਖਿਆ ਵਿੱਚ ਮਾਪਿਆਂ ਦੀ ਸ਼ਮੂਲੀਅਤ ਦੀ ਮਹੱਤਤਾ ਨੂੰ ਉਜਾਗਰ ਕਰਦਿਆਂ ਸ਼ਮਸ਼ੇਰ ਸਿੰਘ ਨੇ ਕਿਹਾ ਕਿ ਬੱਚੇ ਦੇ ਉੱਜਵਲ ਭਵਿੱਖ ਲਈ ਸਕੂਲਾਂ ਅਤੇ ਪਰਿਵਾਰਾਂ ਵਿਚਕਾਰ ਆਪਸੀ ਸਹਿਯੋਗ ਬਹੁਤ ਜ਼ਰੂਰੀ ਹੈ। ਜਦੋਂ ਅਧਿਆਪਕ ਅਤੇ ਮਾਪੇ ਮਿਲ ਕੇ ਕੰਮ ਕਰਦੇ ਹਨ, ਤਾਂ ਬੱਚਿਆਂ ਨੂੰ ਤਰੱਕੀ ਕਰਨ ਦੇ ਬਿਹਤਰ ਮੌਕੇ ਮਿਲਦੇ ਹਨ।ਮਾਪਿਆਂ ਨੇ ਸਿੱਖਿਆ ਪ੍ਰਣਾਲੀ ਵਿੱਚ ਹੋ ਰਹੇ ਬਦਲਾਅ ਤੇ ਖੁਸ਼ੀ ਦਾ ਪ੍ਰਗਟਾਵਾ ਕੀਤਾ। ਇਸ ਮਿਲਣੀ ਦਾ ਉਦੇਸ਼ ਮਾਪਿਆਂ ਨੂੰ ਉਨ੍ਹਾਂ ਦੇ ਬੱਚਿਆਂ ਦੀ ਵਿੱਦਿਅਕ ਪ੍ਰਗਤੀ ਨਾਲ ਜੋੜਨਾ, ਕਿਸੇ ਵੀ ਮੁੱਦੇ ਤੇ ਚਰਚਾ ਕਰਨਾ ਅਤੇ ਸਿੱਖਿਆ ਦੇ ਮਿਆਰ ਨੂੰ ਬਿਹਤਰ ਬਣਾਉਣ ਲਈ ਸਾਂਝੇ ਯਤਨ ਕਰਨਾ ਸੀ।ਇਸ ਮੌਕੇ ਬਹਿਰਾਮਪੁਰ ਦੇ ਸਰਪੰਚ, ਬੀ.ਸੀ. ਵਿੰਗ ਦੇ ਜ਼ਿਲ੍ਹਾ ਪ੍ਰਧਾਨ ਦਰਮੇਸ਼ ਪਾਲ, ਦੀਪਕ (ਵਿੱਕੀ) ਮਿਆਣੀ, ਸੋਨੂੰ ਬਹਿਰਾਮਪੁਰ ਅਤੇ ਚਰਨਜੀਤ ਆਦਿ ਸ਼ਾਮਲ ਸਨ।

# ਸਰਕਾਰੀ ਸਕੂਲਾਂ ਦੇ 786 ਵਿਦਿਆਰਥੀਆਂ ਨੇ ਜੇ ਈ ਈ ਅਤੇ 2,166 ਬੱਚਿਆਂ ਨੀਟ ਪਾਸ ਕੀਤਾ

ਬਟਾਲਾ, 10 ਅਕਤੂਬਰ (ਸੰਜੀਵ ਨਈਅਰ) ਮੁੱਖ ਮੰਤਰੀ ਪੰਜਾਬ ਭਗਵੰਤ ਸਿੰਘ ਮਾਨ ਦੀ ਅਗਵਾਈ ਵਿੱਚ ਪੰਜਾਬ ਸਰਕਾਰ ਵਲੋਂ ਸਕੂਲਾਂ ਦੀ ਵਿਕਾਸ ਪੱਖੋਂ ਨੁਹਾਰ ਬਦਲੀ ਗਈ ਹੈ ਅਤੇ ਸਕੂਲਾਂ ਵਿੱਚ ਬੁਨਿਆਦੀ ਢਾਂਚੇ ਨੂੰ ਮਜ਼ਬੂਤ ਕੀਤਾ ਗਿਆ ਹੈ। ਇਹ ਪ੍ਰਗਟਾਵਾ ਪੰਜਾਬ ਦੇ ਕਾਰਜਕਾਰੀ ਪ੍ਰਧਾਨ ਅਤੇ ਵਿਧਾਇਕ ਸ਼ੈਰੀ ਕਲਸੀ ਨੇ ਪੀ.ਐੱਸ. ਸ਼੍ਰੀ ਸ. ਸ. ਸ. ਸਕੂਲ, ਨੌਸ਼ਹਿਰਾ ਮੱਝਾ ਸਿੰਘ ਵਿਖੇ ਅਧਿਆਪਕ-ਮਾਪੇ ਮਿਲਣੀ ਦੌਰਾਨ ਕਰਵਾਏ ਸਮਾਗਮ ਵਿੱਚ

ਕੀਤਾ। ਇਸ ਮੌਕੇ ਅਧਿਆਪਕਾਂ ਅਤੇ ਮਾਪਿਆਂ ਦੇ ਆਪਸੀ ਸਹਿਯੋਗ ਰਾਹੀਂ ਬੱਚਿਆਂ ਦੇ ਸੁਨਹਿਰੀ ਭਵਿੱਖ ਨੂੰ ਯਕੀਨੀ ਬਣਾਉਣ ਅਤੇ ਸਿੱਖਿਆ ਦੇ ਪੱਧਰ ਨੂੰ ਹੋਰ ਉੱਚਾ ਚੁੱਕਣ 'ਤੇ ਜ਼ੋਰ ਦਿੱਤਾ ਗਿਆ। ਵਿਧਾਇਕ ਸ਼ੈਰੀ ਕਲਸੀ ਨੇ ਸੰਬੋਧਨ ਕਰਦਿਆਂ ਨੇ ਕਿਹਾ ਕਿ ਆਮ ਆਦਮੀ ਪਾਰਟੀ ਵਲੋਂ ਪੰਜ ਸਾਲ ਪਹਿਲਾਂ ਲੋਕਾਂ ਨਾਲ ਨਾਲ ਇੱਕ ਵਾਅਦਾ ਕੀਤਾ ਸੀ ਕਿ ਭਾਵੇਂ ਉਹ ਬੱਚਾ ਕਿਸੇ ਮਜ਼ਦੂਰ, ਡਰਾਈਵਰ ਜਾਂ ਕਿਸਾਨ ਦਾ ਹੋਵੇ ਉਹ ਉਸੇ ਪੱਧਰ ਦੀ ਸਿੱਖਿਆ ਹਾਸਲ ਕਰੇਗਾ, ਜੋ ਕਿਸੇ ਅਮੀਰ ਘਰ ਦੇ ਬੱਚੇ ਨੂੰ ਮਿਲਦੀ ਹੈ। ਅਸੀਂ ਵਾਅਦਾ ਕੀਤਾ ਸੀ ਕਿ ਸਾਡੇ ਸਰਕਾਰੀ ਸਕੂਲ ਦੇਸ਼ ਦੇ ਸਭ ਤੋਂ ਵਧੀਆ ਸਕੂਲ ਬਣਨਗੇ ਅਤੇ ਅੱਜ ਅਸੀਂ ਮਾਣ ਨਾਲ ਕਹਿ ਸਕਦੇ ਹਾਂ ਕਿ ਅਸੀਂ ਆਪਣਾ ਇਹ ਵਾਅਦਾ ਨਿਭਾਇਆ ਹੈ। ਸਰਕਾਰੀ ਸਕੂਲਾਂ ਦੇ 786 ਵਿਦਿਆਰਥੀਆਂ ਨੇ ਜੇ ਈ ਈ ਅਤੇ 2,166 ਬੱਚਿਆਂ ਨੀਟ ਪਾਸ ਕੀਤਾ। ਜਿਨ੍ਹਾਂ ਬੱਚਿਆਂ ਨੂੰ ਕਦੇ ਮਾਰਗਦਰਸ਼ਨ ਦੇਣ ਵਾਲਾ ਕੋਈ ਨਹੀਂ ਸੀ, ਉਹ ਅੱਜ ਇੰਜੀਨੀਅਰ ਅਤੇ ਡਾਕਟਰ ਬਣਨ ਦੇ ਰਾਹ ਤੇ ਹਨ। ਕੇਂਦਰ ਸਰਕਾਰ ਦੀ ਰਿਪੋਰਟ ਨੇ ਪੰਜਾਬ ਨੂੰ ਸਿੱਖਿਆ ਦੇ ਖੇਤਰ ਵਿੱਚ ਨੰਬਰ 1 ਦਰਜਾ ਦਿੱਤਾ ਹੈ। ਸਕੂਲ ਸਿੱਖਿਆ ਵਿਭਾਗ ਪੰਜਾਬ ਵਲੋਂ ਮਾਪੇ -ਅਧਿਆਪਕ ਰਿਸ਼ਤੇ ਨੂੰ ਹੋਰ ਗੂੜ੍ਹਾ ਕਰਨ ਲਈ ਅਤੇ ਸਰਕਾਰੀ ਸਕੂਲਾਂ ਵਿੱਚ ਸਿੱਖਿਆ ਹਾਸਲ ਕਰ ਰਹੇ ਵਿਦਿਆਰਥੀਆਂ ਦੇ ਮਾਪਿਆਂ ਨੂੰ ਵਿਦਿਆਰਥੀਆਂ ਦੀ ਵਿਦਿਅਕ ਕਾਰਗੁਜਾਰੀ ਅਤੇ ਉਨ੍ਹਾਂ ਦੀਆਂ ਪ੍ਰਾਪਤੀਆਂ ਤੋਂ ਜਾਣੂ ਕਰਵਾਉਣ ਦੇ ਨਾਲ ਸੂਬੇ ਭਰ ਵਿੱਚ ਮੈਗਾ ਮਾਪੇ ਅਧਿਆਪਕ ਮਿਲਣੀ ਕਰਵਾਈ ਗਈ। ਮਾਪਿਆਂ ਦੀ ਵਰਕਸ਼ਾਪ ਦਾ ਮੁੱਖ ਉਦੇਸ਼ ਸਰਕਾਰੀ ਸਕੂਲਾਂ ਦੇ ਐਸ. ਐਮ. ਸੀ. ਦੇ ਮੈਂਬਰਾਂ ਅਤੇ ਵਿਦਿਆਰਥੀਆਂ ਦੇ ਮਾਪਿਆਂ ਦੀ ਸਕੂਲ ਵਿਕਾਸ ਵਿੱਚ ਭਾਈਚਾਰਕ ਸ਼ਮੂਲੀਅਤ ਨੂੰ ਮਜ਼ਬੂਤ ਕਰਨਾ, ਮਾਪਿਆਂ ਨੂੰ ਆਪਣੇ ਬੱਚਿਆਂ ਦੀ ਸਿੱਖਿਆ ਵਿੱਚ ਸਰਗਰਮ ਭੂਮਿਕਾ ਨਿਭਾਉਣ ਲਈ ਜਾਗਰੂਕ ਕਰਨਾ ਅਤੇ ਸਕੂਲ ਦੇ ਕਾਰਜ ਵਿੱਚ ਮਾਪਿਆਂ ਦੀ ਭਾਗੀਦਾਰੀ ਨੂੰ ਵਧਾਉਣਾ ਹੈ।

# ਵਾਰਡ ਨੰਬਰ 35 ਬੂਟਾ ਪਿੰਡ 'ਚ ਨਸ਼ਿਆਂ ਵਿਰੁੱਧ ਜਾਗਰੂਕਤਾ ਲਈ ਕਰਵਾਇਆ ਸਮਾਗਮ

ਜਲੰਧਰ 10 ਅਕਤੂਬਰ (ਪਰਮਜੀਤ ਸਿੰਘ) ਪੰਜਾਬ ਸਰਕਾਰ ਵਲੋਂ ਨਸ਼ਿਆਂ ਦੇ ਖਾਤਮੇ ਲਈ ਸ਼ੁਰੂ ਕੀਤੀ ਗਈ 'ਯੁੱਧ ਨਸ਼ਿਆਂ ਵਿਰੁੱਧ' ਮੁਹਿੰਮ ਤਹਿਤ ਸ਼ਹਿਰ ਦੇ ਵਾਰਡ ਨੰਬਰ 35, ਬੂਟਾ ਪਿੰਡ ਵਿਖੇ ਨਸ਼ਿਆਂ ਦੇ ਮਾੜੇ ਪ੍ਰਭਾਵਾਂ ਬਾਰੇ ਲੋਕਾਂ ਨੂੰ ਜਾਣੂ ਕਰਵਾਉਣ ਲਈ ਏ.ਡੀ.ਸੀ.ਪੀ. ਸਿਟੀ-1 ਮਾਧਵੀ ਸ਼ਰਮਾ ਅਤੇ ਜ਼ਿਲ੍ਹਾ ਕੋਆਰਡੀਨੇਟਰ ਸ਼ੈਂਕੀ ਭਗਤ ਦੀ ਅਗਵਾਈ ਵਿੱਚ ਜਾਗਰੂਕਤਾ ਸੈਮੀਨਾਰ ਕਰਵਾਇਆ ਗਿਆ। ਏ.ਡੀ.ਸੀ.ਪੀ.ਸਿਟੀ-1 ਮਾਧਵੀ ਸ਼ਰਮਾ ਨੇ ਦੱਸਿਆ ਕਿ ਪੁਲਿਸ ਵਿਭਾਗ ਨਸ਼ਿਆਂ ਦੇ ਖਾਤਮੇ ਲਈ ਦ੍ਰਿੜ ਵਚਨਬੱਧ ਹੈ ਅਤੇ ਪੰਜਾਬ ਸਰਕਾਰ ਦੀਆਂ ਹਦਾਇਤਾਂ ਅਨੁਸਾਰ ਇਸ ਅਲਾਮਤ ਨੂੰ ਜੜ੍ਹੋਂ ਖਤਮ ਕਰਨ ਲਈ ਲਗਾਤਾਰ ਸੰਜੀਦਾ ਯਤਨ ਕੀਤੇ ਜਾ ਰਹੇ ਹਨ। ਪੁਲਿਸ ਵਿਭਾਗ ਵਲੋਂ ਲੋਕਾਂ ਨੂੰ ਨਸ਼ਿਆਂ ਦੇ ਮਾੜੇ ਪ੍ਰਭਾਵਾਂ ਬਾਰੇ ਜਾਗਰੂਕ ਵੀ ਕੀਤਾ ਜਾ ਰਿਹਾ ਹੈ।ਪੰਜਾਬ ਸਰਕਾਰ ਵਲੋਂ ਸ਼ੁਰੂ ਕੀਤੀ ਗਈ 'ਯੁੱਧ ਨਸ਼ਿਆਂ ਵਿਰੁੱਧ' ਮੁਹਿੰਮ ਤਹਿਤ ਨਸ਼ਾ ਤਸਕਰਾਂ ਖਿਲਾਫ਼ ਸਖ਼ਤ ਕਾਰਵਾਈ ਅਮਲ ਵਿੱਚ ਲਿਆਂਦੀ ਜਾ ਰਹੀ ਹੈ। ਕੋਈ ਵੀ ਮੁਹਿੰਮ ਲੋਕਾਂ ਦੇ ਸਰਗਰਮ ਸਹਿਯੋਗ ਤੋਂ ਬਿਨਾਂ ਸਫ਼ਲ ਨਹੀਂ ਹੋ ਸਕਦੀ। ਉਨ੍ਹਾਂ ਲੋਕਾਂ ਨੂੰ ਸੱਦਾ ਦਿੱਤਾ ਕਿ ਨਸ਼ਿਆਂ ਦੇ ਖਾਤਮੇ ਲਈ ਸ਼ੁਰੂ ਕੀਤੀ ਗਈ 'ਯੁੱਧ ਨਸ਼ਿਆਂ ਵਿਰੁੱਧ' ਮੁਹਿੰਮ ਨੂੰ ਲੋਕ ਲਹਿਰ ਬਣਾਉਣ ਵਿੱਚ ਪੂਰਨ ਸਹਿਯੋਗ ਦੇਣ ਲਈ ਅੱਗੇ ਆਉਣ।ਜੇਕਰ ਨਸ਼ਿਆਂ ਸਬੰਧੀ ਕੋਈ ਵੀ ਗਤੀਵਿਧੀ ਉਨ੍ਹਾਂ ਦੇ ਧਿਆਨ ਵਿੱਚ ਆਉਂਦੀ ਹੈ, ਤਾਂ ਉਸ ਬਾਰੇ ਤੁਰੰਤ

ਪੁਲਿਸ ਵਿਭਾਗ ਨੂੰ ਸੂਚਨਾ ਦਿੱਤੀ ਜਾਵੇ। ਜ਼ਿਲ੍ਹਾ ਕੋਆਰਡੀਨੇਟਰ ਸ਼ੈਂਕੀ ਭਗਤ ਨੇ ਕਿਹਾ ਕਿ ਮੁੱਖ ਮੰਤਰੀ, ਪੰਜਾਬ ਸ੍ਰ. ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਸੂਬਾ ਸਰਕਾਰ ਵਲੋਂ ਨਸ਼ਿਆਂ ਦੇ ਖਾਤਮੇ ਲਈ ਫੈਸਲਾਕੁੰਨ ਲੜਾਈ ਲੜੀ ਜਾ ਰਹੀ ਹੈ। ਉਨ੍ਹਾਂ ਲੋਕਾਂ ਨੂੰ ਸਰਕਾਰ ਅਤੇ ਪ੍ਰਸ਼ਾਸਨ ਨਾਲ ਮਿਲ ਕੇ ਨਸ਼ਿਆਂ ਖਿਲਾਫ਼ ਸਾਂਝਾ ਹੰਭਲਾ ਮਾਰਨ ਦਾ ਸੱਦਾ ਦਿੱਤਾ। ਲੋਕਾਂ ਨੂੰ ਅਪੀਲ ਕੀਤੀ ਕਿ ਆਪਣੇ ਬੱਚਿਆਂ ਨੂੰ ਵੱਧ ਤੋਂ ਵੱਧ ਖੇਡਾਂ ਨਾਲ ਜੁੜਨ ਲਈ ਪ੍ਰੇਰਿਤ ਕਰਨ। ਉਨ੍ਹਾਂ ਪੰਜਾਬ ਸਰਕਾਰ ਵਲੋਂ ਨਸ਼ਿਆਂ 'ਤੇ ਨਿਰਭਰ ਲੋਕਾਂ ਦੇ ਮੁੜ ਵਸੇਬੇ ਲਈ ਕੀਤੇ ਜਾ ਰਹੇ ਯਤਨਾਂ ਤੇ ਵੀ ਚਾਨਣਾ ਪਾਇਆ। ਹਾਜ਼ਰ ਲੋਕਾਂ ਨੇ ਪੰਜਾਬ ਸਰਕਾਰ, ਪ੍ਰਸ਼ਾਸਨ ਅਤੇ ਜ਼ਿਲ੍ਹਾ ਪੁਲਿਸ ਵਲੋਂ ਨਸ਼ਿਆਂ ਦੇ ਖਾਤਮੇ ਲਈ ਕੀਤੇ ਜਾ ਰਹੇ ਠੋਸ ਉਪਰਾਲਿਆਂ ਦੀ ਸ਼ਲਾਘਾ ਕੀਤੀ। ਇਸ ਮੌਕੇ ਹਾਜ਼ਰ ਲੋਕਾਂ ਨੇ ਪੰਜਾਬ ਸਰਕਾਰ ਵਲੋਂ ਨਸ਼ਿਆਂ ਦੇ ਖਾਤਮੇ ਲਈ ਸ਼ੁਰੂ ਕੀਤੀ ਗਈ 'ਯੁੱਧ ਨਸ਼ਿਆਂ ਵਿਰੁੱਧ' ਮੁਹਿੰਮ ਨੂੰ ਸਫ਼ਲ ਬਣਾਉਣ ਲਈ ਪੂਰਨ ਸਹਿਯੋਗ ਦਾ ਭਰੋਸਾ ਵੀ ਦਿੱਤਾ।

# ਜਗਰਾਉਂ: ਨਸ਼ਾ ਤਸਕਰਾਂ ਖ਼ਿਲਾਫ਼ ਪੁਲਿਸ ਦਾ ਸ਼ਿਕੰਜਾ, ਹੌਟ ਸਪਾਟ ਇਲਾਕਿਆਂ 'ਚ ਸਰਚ ਅਭਿਆਨ

ਜਗਰਾਉਂ, 10 ਅਕਤੂਬਰ (ਜਗਦੀਪ ਸਿੰਘ) ਪੰਜਾਬ ਸਰਕਾਰ ਵੱਲੋਂ ਨਸ਼ਿਆਂ ਦੇ ਖਾਤਮੇ ਲਈ ਚਲਾਈ ਜਾ ਰਹੀ ਮੁਹਿੰਮ 'ਯੁੱਧ ਨਸ਼ਿਆਂ ਵਿਰੁੱਧ' ਤਹਿਤ ਪੁਲਿਸ ਜ਼ਿਲ੍ਹਾ ਲੁਧਿਆਣਾ ਦਿਹਾਤੀ ਵੱਲੋਂ ਨਸ਼ਾ ਤਸਕਰਾਂ ਅਤੇ ਸ਼ੱਕੀ ਵਿਅਕਤੀਆਂ ਖ਼ਿਲਾਫ਼ ਕਾਰਵਾਈ ਕਰਦਿਆਂ ਜਗਰਾਉਂ ਦੇ ਵੱਖ-ਵੱਖ ਹੌਟ ਸਪਾਟ ਇਲਾਕਿਆਂ ਵਿੱਚ ਸਰਚ ਅਭਿਆਨ ਚਲਾਇਆ ਗਿਆ। ਇਹ ਅਭਿਆਨ ਐਸਐਸਪੀ ਡਾ. ਅੰਕੁਰ ਗੁਪਤਾ ਦੇ ਦਿਸ਼ਾ-ਨਿਰਦੇਸ਼ਾਂ ਹੇਠ ਐਸਪੀ ਸੰਜੀਵ ਕੁਮਾਰ ਅਤੇ ਇੰਸਪੈਕਟਰ ਪਰਮਿੰਦਰ ਸਿੰਘ ਦੀ ਅਗਵਾਈ ਵਿੱਚ ਚਲਾਇਆ ਗਿਆ। ਪੁਲਿਸ ਟੀਮਾਂ ਵੱਲੋਂ ਜਗਰਾਉਂ ਦੇ ਕੋਠੇ ਖੰਜੂਰਾ, ਮੁਹੱਲਾ ਮਾਈ ਜੀਨਾ, ਗਾਂਧੀ ਨਗਰ ਸਮੇਤ ਹੋਰ ਸ਼ੱਕੀ ਇਲਾਕਿਆਂ ਵਿੱਚ ਪਹੁੰਚ ਕੇ ਸ਼ੱਕੀ ਵਿਅਕਤੀਆਂ ਦੇ ਘਰਾਂ ਦੀ ਬਾਰੀਕੀ ਨਾਲ ਚੈਕਿੰਗ ਕੀਤੀ ਗਈ। ਇਸ ਦੌਰਾਨ ਪੁਲਿਸ ਨੇ ਨਸ਼ਿਆਂ ਦੇ ਕਾਰੋਬਾਰ ਨਾਲ ਜੁੜੇ ਸ਼ੱਕੀ ਵਿਅਕਤੀਆਂ ਦੀਆਂ ਗਤੀਵਿਧੀਆਂ ਬਾਰੇ ਜਾਣਕਾਰੀ ਇਕੱਠੀ ਕਰਨ ਅਤੇ ਨਸ਼ਾ ਤਸਕਰੀ 'ਤੇ ਰੋਕ ਲਗਾਉਣ ਦੇ ਮਕਸਦ ਨਾਲ ਤਲਾਸ਼ੀ ਅਭਿਆਨ ਚਲਾਇਆ। ਇਸ



ਮੌਕੇ ਐਸਪੀ ਸੰਜੀਵ ਕੁਮਾਰ ਨੇ ਕਿਹਾ ਕਿ ਨਸ਼ਿਆਂ ਦੇ ਖਾਤਮੇ ਲਈ ਪੁਲਿਸ ਪੂਰੀ ਤਰ੍ਹਾਂ ਵਚਨਬੱਧ ਹੈ ਅਤੇ ਇਸ ਮੁਹਿੰਮ ਤਹਿਤ ਨਸ਼ਾ ਤਸਕਰਾਂ ਤੇ ਸਮਾਜ ਵਿਰੋਧੀ ਅਨਸਰਾਂ ਖ਼ਿਲਾਫ਼ ਸਖ਼ਤ ਕਾਰਵਾਈ ਕੀਤੀ ਜਾ ਰਹੀ ਹੈ। ਉਨ੍ਹਾਂ ਕਿਹਾ ਕਿ ਨਸ਼ਿਆਂ ਦੇ ਮਾੜੇ ਪ੍ਰਭਾਵਾਂ ਤੋਂ ਨੌਜਵਾਨ ਪੀੜ੍ਹੀ ਨੂੰ ਬਚਾਉਣਾ ਪੁਲਿਸ ਦੀ ਮੁੱਖ ਤਰਜੀਹ ਹੈ ਅਤੇ ਇਸ ਲਈ ਸਮੇਂ-ਸਮੇਂ 'ਤੇ ਸ਼ੱਕੀ ਇਲਾਕਿਆਂ ਵਿੱਚ ਸਰਚ ਅਭਿਆਨ ਚਲਾਏ ਜਾ ਰਹੇ ਹਨ।ਐਸਪੀ ਸੰਜੀਵ ਕੁਮਾਰ ਨੇ ਕਿਹਾ ਕਿ ਨਸ਼ਿਆਂ ਦਾ ਖਾਤਮਾ ਪੁਲਿਸ ਦੀ ਮੁੱਖ ਤਰਜੀਹ ਹੈ ਅਤੇ ਇਸ ਮਕਸਦ ਲਈ 'ਯੁੱਧ ਨਸ਼ਿਆਂ ਵਿਰੁੱਧ' ਮੁਹਿੰਮ ਤਹਿਤ ਲਗਾਤਾਰ ਕਾਰ

# ਕੈਬਨਿਟ ਮੰਤਰੀ ਨੇ ਜਲੰਧਰ 'ਚ 'ਖੇਡਾਂ ਵਤਨ ਪੰਜਾਬ ਦੀਆਂ-2026' ਤਹਿਤ ਰਾਜ ਪੱਧਰੀ ਮੁਕਾਬਲਿਆਂ ਦੀ ਕੀਤੀ ਸ਼ੁਰੂਆਤ

ਜਲੰਧਰ, 10 ਅਕਤੂਬਰ (ਪਰਮਜੀਤ ਸਿੰਘ) ਪੰਜਾਬ ਦੇ ਬਾਗਬਾਨੀ, ਸੁਤੰਤਰਤਾ ਸੈਨਾਨੀ ਅਤੇ ਰੱਖਿਆ ਸੇਵਾਵਾਂ ਭਲਾਈ ਮੰਤਰੀ ਮੋਹਿੰਦਰ ਭਗਤ ਵੱਲੋਂ ਅੱਜ ਸਰਕਾਰੀ ਆਰਟਸ ਐਂਡ ਸਪੋਰਟਸ ਕਾਲਜ, ਜਲੰਧਰ ਵਿਖੇ ਖੇਡਾਂ ਵਤਨ ਪੰਜਾਬ ਦੀਆਂ-2026' ਤਹਿਤ ਰਾਜ ਪੱਧਰੀ ਮੁਕਾਬਲਿਆਂ ਦੀ ਰਸਮੀ ਸ਼ੁਰੂਆਤ ਕੀਤੀ ਗਈ। ਇਨ੍ਹਾਂ ਖੇਡਾਂ ਦੌਰਾਨ ਵਾਲੀਬਾਲ ਸ਼ੂਟਿੰਗ, ਸ਼ਤਰੰਜ ਅਤੇ ਟੇਬਲ ਟੈਨਿਸ ਦੇ ਸ਼ਾਨਦਾਰ ਮੁਕਾਬਲੇ ਹੋਣਗੇ। ਇਸ ਮੌਕੇ ਇਕੱਠ ਨੂੰ ਸੰਬੋਧਨ ਕਰਦਿਆਂ ਕੈਬਨਿਟ ਮੰਤਰੀ ਨੇ ਨਿੱਘੀਆਂ ਸ਼ੁਭਕਾਮਨਾਵਾਂ ਦਿੱਤੀਆਂ ਅਤੇ ਕਿਹਾ ਕਿ ਮੁੱਖ ਮੰਤਰੀ ਸ੍ਰ. ਭਗਵੰਤ ਸਿੰਘ ਮਾਨ ਦੀ ਦੂਰਅੰਦੇਸ਼ੀ ਅਗਵਾਈ ਹੇਠ ਸੂਬਾ ਸਰਕਾਰ ਖੇਡਾਂ ਦੇ ਖੇਤਰ ਵਿੱਚ ਪੰਜਾਬ ਦੀ ਪੁਰਾਤਨ ਸ਼ਾਨ ਨੂੰ ਮੁੜ ਸੁਰਜੀਤ ਕਰਨ ਲਈ ਲਗਾਤਾਰ ਕੰਮ ਕਰ ਰਹੀ ਹੈ। ਸ਼੍ਰੀ ਭਗਤ ਨੇ ਕਿਹਾ ਕਿ ਮੁੱਖ ਮੰਤਰੀ ਸ੍ਰ. ਭਗਵੰਤ ਸਿੰਘ ਮਾਨ, ਜੋ ਖੁਦ ਬਹੁਤ ਵੱਡੇ ਖੇਡ ਪ੍ਰੇਮੀ ਹਨ, ਨੇ ਫੁੱਟਬਾਲ ਅਤੇ ਹਾਕੀ ਤੋਂ ਲੈ ਕੇ ਵਾਲੀਬਾਲ ਤੱਕ, ਸਭ ਦੀਆਂ ਖੇਡਾਂ ਦੇ ਵਿਕਾਸ ਨੂੰ ਲਗਾਤਾਰ ਤਰਜੀਹ ਦਿੱਤੀ ਹੈ। ਉਨ੍ਹਾਂ ਇਸ ਗੱਲ ਤੇ ਜ਼ੋਰ ਦਿੱਤਾ ਕਿ ਸੂਬੇ ਵਿੱਚੋਂ ਨਸ਼ਿਆਂ ਦੀ ਸਮੱਸਿਆ ਨੂੰ ਖਤਮ ਕਰਨ ਲਈ ਖੇਡਾਂ ਨੂੰ ਉਤਸ਼ਾਹਿਤ ਕਰਨਾ ਇਕ ਅਹਿਮ ਕਦਮ ਹੈ। ਉਨ੍ਹਾਂ ਅੱਗੇ ਕਿਹਾ ਕਿ ਇੱਕ ਖਿਡਾਰੀ ਕਦੇ ਵੀ ਨਸ਼ਿਆਂ ਵਿੱਚ ਨਹੀ ਪੈਂਦਾ ਅਤੇ ਖੇਡਾਂ ਸਾਡੇ ਨੌਜਵਾਨਾਂ ਦੀ ਊਰਜਾ ਨੂੰ ਉਸਾਰੂ ਗਤੀਵਿਧੀਆਂ ਵਿੱਚ ਲਗਾਉਣ ਦਾ ਸਭ ਤੋਂ ਕਾਰਗਰ ਹਥਿਆਰ ਹਨ। ਕੈਬਨਿਟ ਮੰਤਰੀ ਨੇ ਕਿਹਾ ਕਿ ਸੂਬੇ ਵਿੱਚ ਖੇਡ ਸੱਭਿਆਚਾਰ ਨੂੰ ਵੱਡੇ ਪੱਧਰ 'ਤੇ ਹੁਲਾਰਾ ਦੇਣ ਲਈ ਪੰਜਾਬ ਸਰਕਾਰ ਵੱਲੋਂ 1,800 ਕਰੋੜ ਰੁਪਏ ਦਾ ਇਤਿਹਾਸਕ ਬਜਟ ਰੱਖਿਆ ਗਿਆ ਹੈ। ਉਨ੍ਹਾਂ ਕਿਹਾ ਕਿ ਇਹ ਰਾਸ਼ੀ ਪੇਂਡੂ ਅਤੇ ਸ਼ਹਿਰੀ ਦੋਵਾਂ ਖੇਤਰਾਂ ਵਿੱਚ ਮਾਡਲ ਖੇਡ ਮੈਦਾਨਾਂ ਦੇ ਨਿਰਮਾਣ ਲਈ ਵਰਤੀ ਜਾ ਰਹੀ ਹੈ, ਤਾਂ ਜੋ ਪਿੰਡਾਂ ਦੇ ਖਿਡਾਰੀਆਂ ਨੂੰ ਉੱਚ-ਪੱਧਰੀ ਸਹੂਲਤਾਂ ਮਿਲ ਸਕਣ। ਉਨ੍ਹਾਂ ਕਿਹਾ ਕਿ ਸਰਕਾਰ ਵੱਲੋਂ ਰਾਸ਼ਟਰੀ ਅਤੇ ਅੰਤਰਰਾਸ਼ਟਰੀ ਪੱਧਰ ਤੇ ਮੁਕਾਬਲਿਆਂ ਦੀ ਤਿਆਰੀ ਕਰ ਰਹੇ ਖਿਡਾਰੀਆਂ ਨੂੰ ਖੁਰਾਕ ਅਤੇ ਸਿਖ਼ਲਾਈ ਲਈ ਅਗਾਊਂ ਹੀ ਵਿੱਤੀ ਸਹਾਇਤਾ ਪ੍ਰਦਾਨ ਕੀਤੀ ਜਾਂਦੀ ਹੈ ਤਾਂ ਜੋ ਕਿਸੇ ਵੀ ਯੋਗ ਖਿਡਾਰੀ ਨੂੰ ਵਿੱਤੀ ਰੁਕਾਵਟਾਂ ਦਾ ਸਾਹਮਣਾ ਨਾ ਕਰਨਾ ਪਵੇ। ਸ਼੍ਰੀ ਭਗਤ ਨੇ ਜ਼ਿਲ੍ਹਾ ਪ੍ਰਸ਼ਾਸਨ ਅਤੇ ਖੇਡ ਵਿਭਾਗ ਵੱਲੋਂ ਕੀਤੇ ਗਏ ਸੁਚੱਜੇ ਪ੍ਰਬੰਧਾਂ ਦੀ ਵੀ ਸ਼ਲਾਘਾ ਕੀਤੀ ਅਤੇ ਸਾਰੇ ਨੌਜਵਾਨ ਭਾਗੀਦਾਰਾਂ ਨੂੰ ਸਮਰਪਣ, ਦ੍ਰਿੜ੍ਹਤਾ ਅਤੇ ਸੱਚੀ ਖੇਡ ਭਾਵਨਾ ਨਾਲ ਖੇਡਣ ਲਈ ਉਤਸ਼ਾਹਿਤ ਕੀਤਾ। ਇਸ ਤੋਂ ਪਹਿਲਾਂ ਜ਼ਿਲ੍ਹਾ ਖੇਡ ਅਫ਼ਸਰ ਗੁਰਪ੍ਰੀਤ ਸਿੰਘ ਬਾਜਵਾ, ਤੈਰਾਕੀ ਕੋਚ ਉਮੇਸ਼ ਸ਼ਰਮਾ, ਵਾਲੀਬਾਲ ਕੋਚ ਅੰਮ੍ਰਿਤਪਾਲ ਸਿੰਘ, ਪਲਵਿੰਦਰ ਕੌਰ, ਸ਼ਤਰੰਜ ਕੋਚ ਦਿਨੇਸ਼ ਘੇਰਾ ਅਤੇ ਖਿਡਾਰੀਆਂ ਤੇ ਅਧਿਕਾਰੀਆਂ ਵੱਲੋਂ ਕੈਂਪਸ ਵਿੱਚ ਪਹੁੰਚਣ ਤੇ ਮੁੱਖ ਮਹਿਮਾਨ ਦਾ ਸਵਾਗਤ ਕੀਤਾ ਗਿਆ।

# ਪ੍ਰੈੱਸ ਕਲੱਬ ਬਟਾਲਾ ਲੈਜੈਂਡ ਪੱਤਰਕਾਰ ਭਾਈਚਾਰੇ ਦੀਆਂ ਮੁਸ਼ਕਲਾਂ ਦੇ ਹੱਲ ਲਈ ਵਚਨਬੱਧ: ਪ੍ਰਧਾਨ ਯੋਗੇਸ਼ ਬੇਰੀ

ਬਟਾਲਾ, 10 ਅਕਤੂਬਰ (ਸੰਜੀਵ ਨਈਅਰ) ਪ੍ਰੈੱਸ ਕਲੱਬ ਬਟਾਲਾ ਲੈਜੈਂਡ ਦੀ ਇੱਕ ਵਿਸ਼ੇਸ਼ ਮੀਟਿੰਗ ਬੀਤੀ ਰਾਤ ਸਥਾਨਕ ਬਟਾਲਾ ਕਲੱਬ ਵਿਖੇ ਕਲੱਬ ਦੇ ਪ੍ਰਧਾਨ ਯੋਗੇਸ਼ ਬੇਰੀ ਦੀ ਅਗਵਾਈ ਹੇਠ ਹੋਈ। ਇਸ ਮੀਟਿੰਗ ਦੌਰਾਨ ਪੱਤਰਕਾਰ ਭਾਈਚਾਰੇ ਦੀਆਂ ਮੁਸ਼ਕਲਾਂ, ਕਲੱਬ ਦੀਆਂ ਗਤੀਵਿਧੀਆਂ ਅਤੇ ਸਮਾਜ ਨਾਲ ਜੁੜੇ ਵੱਖ-ਵੱਖ ਅਹਿਮ ਮੁੱਦਿਆਂ 'ਤੇ ਵਿਚਾਰ-ਵਟਾਂਦਰਾ ਕੀਤਾ ਗਿਆ। ਇਸ ਮੌਕੇ ਚੇਅਰਮੈਨ ਰਾਜਿੰਦਰ ਦਰਦੀ, ਨੀਰਜ ਲੂਥਰਾ, ਨਿਤਿਨ ਲੂਥਰਾ, ਅਮਰਜੀਤ ਕਵਾਤਰਾ, ਰਾਕੇਸ਼ ਰੇਖੀ, ਅਜੈ ਰੇਖੀ, ਰਮੇਸ਼ ਨੋਨਾ, ਸੁਖਦੇਵ ਸਿੰਘ, ਸ਼ਿਆਮ ਤਿਵਾੜੀ, ਸੌਰਵ ਉੱਪਲ ਅਤੇ ਵਿੱਕੀ ਮਲਿਕ ਸਮੇਤ ਹੋਰ ਮੈਂਬਰ ਵਿਸ਼ੇਸ਼ ਤੌਰ 'ਤੇ ਹਾਜ਼ਰ ਹੋਏ। ਇਸ ਮੌਕੇ ਸੰਬੋਧਨ ਕਰਦਿਆਂ ਕਲੱਬ ਦੇ ਪ੍ਰਧਾਨ ਯੋਗੇਸ਼ ਬੇਰੀ ਨੇ ਕਿਹਾ ਕਿ ਪ੍ਰੈੱਸ ਕਲੱਬ ਬਟਾਲਾ ਲੈਜੈਂਡ ਪੱਤਰਕਾਰ ਭਾਈਚਾਰੇ ਦੀ ਭਲਾਈ ਅਤੇ ਉਨ੍ਹਾਂ ਦੀਆਂ ਮੁਸ਼ਕਲਾਂ ਦੇ ਹੱਲ ਲਈ ਲਗਾਤਾਰ ਕੰਮ ਕਰ ਰਿਹਾ ਹੈ। ਕਲੱਬ ਦਾ ਮੁੱਖ ਉਦੇਸ਼ ਸਮਾਜ ਦੇ ਅਹਿਮ ਮੁੱਦਿਆਂ ਨੂੰ ਸਰਕਾਰ ਅਤੇ ਪ੍ਰਸ਼ਾਸਨ ਦੇ ਧਿਆਨ ਵਿੱਚ ਲਿਆਉਣਾ ਅਤੇ ਪੱਤਰਕਾਰਾਂ ਦੇ ਹਿੱਤਾਂ ਦੀ ਰਾਖੀ ਕਰਨ ਦੇ ਨਾਲ-ਨਾਲ ਉਨ੍ਹਾਂ ਦੀ ਬਿਹਤਰੀ ਲਈ ਯਤਨ ਕਰਨਾ ਹੈ। ਉਨ੍ਹਾਂ ਦੱਸਿਆ ਕਿ ਕਲੱਬ ਦੀਆਂ ਗਤੀਵਿਧੀਆਂ ਅਤੇ ਉਦੇਸ਼ਾਂ ਤੋਂ ਪ੍ਰਭਾਵਿਤ ਹੋ ਕੇ ਪੰਜ ਨਵੇਂ ਮੈਂਬਰ ਸੁਖਜੀਤ ਸਿੰਘ, ਰਵੀ ਤਿਵਾੜੀ, ਭੋਪਾਲ ਸਿੰਘ, ਸੋਨੂੰ ਚੌਹਾਨ, ਜੱਸੀ ਅਤੇ ਲੱਕੀ ਕਲੱਬ ਨਾਲ ਜੁੜੇ ਹਨ। ਉਨ੍ਹਾਂ ਕਿਹਾ ਕਿ ਕਲੱਬ ਵਿੱਚ ਸ਼ਾਮਲ ਹੋਣ ਵਾਲੇ ਨਵੇਂ ਮੈਂਬਰਾਂ ਨੂੰ ਬਣਦਾ ਮਾਣ-ਸਤਿਕਾਰ ਦਿੱਤਾ ਜਾਵੇਗਾ ਅਤੇ ਉਨ੍ਹਾਂ ਦੀਆਂ ਮੁਸ਼ਕਲਾਂ ਨੂੰ ਪਹਿਲ ਦੇ ਆਧਾਰ 'ਤੇ ਹੱਲ ਕਰਵਾਉਣ ਲਈ ਯਤਨ ਕੀਤੇ ਜਾਣਗੇ। ਉਨ੍ਹਾਂ ਭਰੋਸਾ ਦਿੱਤਾ ਕਿ ਕਲੱਬ ਭਵਿੱਖ ਵਿੱਚ ਵੀ ਪੱਤਰਕਾਰ ਭਾਈਚਾਰੇ ਦੀ ਬਿਹਤਰੀ ਲਈ ਇਸੇ ਤਰ੍ਹਾਂ ਕੰਮ ਕਰਦਾ ਰਹੇਗਾ। ਕਲੱਬ ਦੇ ਚੇਅਰਮੈਨ ਰਾਜਿੰਦਰ ਦਰਦੀ ਨੇ ਕਿਹਾ ਕਿ ਪੱਤਰਕਾਰ ਸਮਾਜ ਨਾਲ ਜੁੜੀਆਂ ਸਮੱਸਿਆਵਾਂ ਅਤੇ ਆਮ ਲੋਕਾਂ ਦੀਆਂ ਮੁਸ਼ਕਲਾਂ ਨੂੰ ਸਰਕਾਰ ਅਤੇ ਪ੍ਰਸ਼ਾਸਨ ਤੱਕ ਪਹੁੰਚਾਉਣ ਵਿੱਚ ਅਹਿਮ ਭੂਮਿਕਾ ਨਿਭਾਉਂਦੇ ਹਨ। ਪੱਤਰਕਾਰਾਂ ਦਾ ਫ਼ਰਜ਼ ਹੈ ਕਿ ਉਹ ਲੋਕ ਹਿੱਤ ਦੇ ਮੁੱਦਿਆਂ ਨੂੰ ਪ੍ਰਮੁੱਖਤਾ ਨਾਲ ਉਠਾਉਣ, ਤਾਂ ਜੋ ਸਬੰਧਤ ਸਮੱਸਿਆਵਾਂ ਦਾ ਹੱਲ ਹੋ ਸਕੇ। ਉਨ੍ਹਾਂ ਕਿਹਾ ਕਿ ਪੱਤਰਕਾਰ ਭਾਈਚਾਰੇ ਦੀ ਏਕਤਾ ਅਤੇ ਆਪਸੀ ਸਹਿਯੋਗ ਨਾਲ ਸਮਾਜ ਭਲਾਈ ਦੇ ਕੰਮਾਂ ਨੂੰ ਹੋਰ ਪ੍ਰਭਾਵਸ਼ਾਲੀ ਬਣਾਇਆ ਜਾ ਸਕਦਾ ਹੈ। ਇਸ ਮੌਕੇ ਕਲੱਬ ਵਿੱਚ ਸ਼ਾਮਲ ਹੋਏ ਨਵੇਂ ਮੈਂਬਰਾਂ ਨੇ ਅਹੁਦੇਦਾਰਾਂ ਨੂੰ ਭਰੋਸਾ ਦਿਵਾਇਆ ਕਿ ਉਹ ਕਲੱਬ ਵੱਲੋਂ ਸੌਂਪੀ ਗਈ ਹਰ ਜ਼ਿੰਮੇਵਾਰੀ ਨੂੰ ਪੂਰੀ ਮਿਹਨਤ ਅਤੇ ਇਮਾਨਦਾਰੀ ਨਾਲ ਨਿਭਾਉਣਗੇ। ਉਨ੍ਹਾਂ ਪੱਤਰਕਾਰ ਭਾਈਚਾਰੇ ਦੀਆਂ ਸਮੱਸਿਆਵਾਂ ਦੇ ਹੱਲ ਅਤੇ ਸਮਾਜ ਦੀ ਭਲਾਈ ਲਈ ਕੰਮ ਕਰਨ ਵਾਸਤੇ ਆਪਣਾ ਪੂਰਾ ਸਹਿਯੋਗ ਦੇਣ ਦਾ ਭਰੋਸਾ ਵੀ ਦਿੱਤਾ। ਮੀਟਿੰਗ ਦੌਰਾਨ ਹਾਜ਼ਰ ਮੈਂਬਰਾਂ ਨੇ ਕਲੱਬ ਦੀਆਂ ਗਤੀਵਿਧੀਆਂ ਨੂੰ ਹੋਰ ਅੱਗੇ ਵਧਾਉਣ ਅਤੇ ਪੱਤਰਕਾਰਾਂ ਵਿਚਕਾਰ ਆਪਸੀ ਤਾਲਮੇਲ, ਏਕਤਾ ਅਤੇ ਸਹਿਯੋਗ ਨੂੰ ਮਜ਼ਬੂਤ ਕਰਨ ਬਾਰੇ ਵੀ ਵਿਚਾਰ-ਵਟਾਂਦਰਾ ਕੀਤਾ।

# ਵਿਧਾਇਕ ਮਨਜੀਤ ਸਿੰਘ ਬਿਲਾਸਪੁਰ ਨੂੰ ਮਾਤਾ ਜੀ ਦੇ ਦੇਹਾਂਤ ਦਾ ਗਹਿਰਾ ਸਦਮਾ

ਜਲੰਧਰ (ਜੇ ਐਸ ਸੰਧੂ ਤੇ ਕੰਵਲਜੀਤ ਸਿੰਘ ਮੱਕੜ) ਬਿਲਾਸਪੁਰ: ਸ. ਮਨਜੀਤ ਸਿੰਘ ਬਿਲਾਸਪੁਰ, ਵਿਧਾਇਕ ਨਿਹਾਲ ਸਿੰਘ ਵਾਲਾ ਜੀ ਦੇ ਮਾਤਾ ਜੀ ਮਾਤਾ ਵਿਦਿਆ ਕੌਰ ਜੀ ਦਾ 1 ਅਕਤੂਬਰ 2026 ਨੂੰ ਦੇਹਾਂਤ ਹੋ ਗਿਆ ਸੀ। ਉਨ੍ਹਾਂ ਦੇ ਦੇਹਾਂਤ ਨਾਲ ਪਰਿਵਾਰ, ਰਿਸ਼ਤੇਦਾਰਾਂ ਅਤੇ ਇਲਾਕੇ ਵਿੱਚ ਸੋਗ ਦੀ ਲਹਿਰ ਪਾਈ ਜਾ ਰਹੀ ਹੈ। ਮਾਤਾ ਵਿਦਿਆ ਕੌਰ ਜੀ ਧਰਮ ਪਤਨੀ ਸੇਵਾ ਮੁਕਤ ਸੂਬੇਦਾਰ ਮੇਜਰ ਸ. ਤੇਜਾ ਸਿੰਘ ਸਨ। ਉਹ ਧਾਰਮਿਕ ਵਿਚਾਰਾਂ ਵਾਲੇ, ਮਿਲਾਪੜੇ ਅਤੇ ਸੇਵਾ-ਭਾਵਨਾ ਵਾਲੇ ਸੁਭਾਅ ਦੇ ਸਨ। ਉਨ੍ਹਾਂ ਨੇ ਆਪਣੇ ਪਰਿਵਾਰ ਨੂੰ ਹਮੇਸ਼ਾ ਪਿਆਰ, ਸਤਿਕਾਰ ਅਤੇ ਧਾਰਮਿਕ ਕਦਰਾਂ-ਕੀਮਤਾਂ ਨਾਲ ਜੋੜ ਕੇ ਰੱਖਿਆ। ਉਨ੍ਹਾਂ ਦੇ ਅਕਾਲ ਚਲਾਣੇ ਨਾਲ ਪਰਿਵਾਰ ਨੂੰ ਕਦੇ ਵੀ ਨਾ ਪੂਰਾ ਹੋਣ ਵਾਲਾ ਘਾਟਾ ਪਿਆ ਹੈ। ਪਰਿਵਾਰ ਵੱਲੋਂ ਦਿੱਤੀ ਜਾਣਕਾਰੀ ਅਨੁਸਾਰ ਮਾਤਾ ਵਿਦਿਆ ਕੌਰ ਜੀ ਦੀ ਅੰਤਿਮ ਅਰਦਾਸ ਅਤੇ ਭੋਗ 11 ਅਕਤੂਬਰ 2026, ਦਿਨ ਐਤਵਾਰ ਨੂੰ ਦੁਪਹਿਰ 12:30 ਵਜੇ ਤੋਂ 1:30 ਵਜੇ ਤੱਕ ਦਾਣਾ ਮੰਡੀ, ਨਜ਼ਦੀਕ ਮੈਨ ਬੱਸ ਸਟੈਂਡ, ਪਿੰਡ ਬਿਲਾਸਪੁਰ ਵਿਖੇ ਪਾਇਆ ਜਾਵੇਗਾ। ਇਸ ਮੌਕੇ ਪਰਿਵਾਰ ਵੱਲੋਂ ਰਿਸ਼ਤੇਦਾਰਾਂ, ਸਾਕ-ਸਬੰਧੀਆਂ, ਸਨੇਹੀਆਂ ਅਤੇ ਸਮੂਹ ਇਲਾਕਾ ਨਿਵਾਸੀਆਂ ਨੂੰ ਅੰਤਿਮ ਅਰਦਾਸ ਵਿੱਚ ਸ਼ਾਮਲ ਹੋ ਕੇ ਵਿਛੜੀ ਆਤਮਾ ਨੂੰ ਸ਼ਰਧਾਂਜਲੀ ਭੇਟ ਕਰਨ ਦੀ ਅਪੀਲ ਕੀਤੀ ਗਈ ਹੈ। ਗੁਰੂ ਦੇ ਭਾਣੇ ਵਿੱਚ: ਸ. ਹਰਪ੍ਰੀਤ ਸਿੰਘ ਫੌਜੀ, ਸ. ਗੁਰਪ੍ਰੀਤ ਸਿੰਘ, ਸ. ਮਨਜੀਤ ਸਿੰਘ ਬਿਲਾਸਪੁਰ ਵਿਧਾਇਕ ਨਿਹਾਲ ਸਿੰਘ ਵਾਲਾ ਜੀ ਅਤੇ ਸਮੂਹ ਪਰਿਵਾਰ।

# ਪੰਜਾਬੀ ਨੌਜਵਾਨ ਵਿਦੇਸ਼ ਜਾਣ ਤੋਂ ਪਹਿਲਾਂ ਪੜ੍ਹਾਈ, ਹੁਨਰ ਅਤੇ ਭਾਸ਼ਾ ਦੀ ਸਿਖਲਾਈ ਪੂਰੀ ਕਰਨ: ਗੁਰਦੀਪ ਸਿੰਘ ਰੰਧਾਵਾ

ਅੰਮ੍ਰਿਤਸਰ 10 ਅਕਤੂਬਰ (ਮੋਹਕਮ ਸਿੰਘ) ਜਰਮਨੀ ਦੀ ਸਿਆਸਤ ਵਿੱਚ ਸਰਗਰਮ ਭੂਮਿਕਾ ਨਿਭਾਅ ਰਹੇ ਗੁਰਦੀਪ ਸਿੰਘ ਰੰਧਾਵਾ ਨੇ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਵਿਖੇ ਮੱਥਾ ਟੇਕ ਕੇ ਗੁਰੂ ਸਾਹਿਬ ਦਾ ਆਸ਼ੀਰਵਾਦ ਪ੍ਰਾਪਤ ਕੀਤਾ। ਸੂਚਨਾ ਕੇਂਦਰ ਵਿਖੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਸੁਪਰਡੈਂਟ ਸਰਦਾਰ ਨਿਸ਼ਾਨ ਸਿੰਘ ਸੂਚਨਾ ਅਧਿਕਾਰੀ ਅੰਮ੍ਰਿਤ ਪਾਲ ਸਿੰਘ ਜਤਿੰਦਰ ਪਾਲ ਸਿੰਘ ਨੇ ਉਹਨਾਂ ਨੂੰ ਸਨਮਾਨਿਤ ਵੀ ਕੀਤਾ ਇਸ ਮੌਕੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਉਨ੍ਹਾਂ ਨੇ ਪੰਜਾਬ ਦੇ ਨੌਜਵਾਨਾਂ ਦੇ ਵਿਦੇਸ਼ ਜਾਣ, ਸਿੱਖਿਆ, ਰੁਜ਼ਗਾਰ, ਨਸ਼ਿਆਂ ਅਤੇ ਬੰਦੀ ਸਿੰਘਾਂ ਦੀ ਰਿਹਾਈ ਸਮੇਤ ਕਈ ਅਹਿਮ ਮੁੱਦਿਆਂ 'ਤੇ ਆਪਣੇ ਵਿਚਾਰ ਸਾਂਝੇ ਕੀਤੇ। ਉਹ ਇਸ ਸਮੇਂ ਜਰਮਨੀ ਦੀ ਕ੍ਰਿਸ਼ਚੀਅਨ ਡੈਮੋਕ੍ਰੈਟਿਕ ਯੂਨੀਅਨ (ਸੀਡੀਯੂ) ਪਾਰਟੀ ਦੇ ਪ੍ਰੈਜ਼ੀਡੀਅਮ ਪੱਧਰ 'ਤੇ ਸਰਗਰਮ ਮੈਂਬਰ ਹਨ ਅਤੇ ਪਿਛਲੇ ਸਾਲ ਜਰਮਨੀ ਵਿੱਚ ਸੰਸਦੀ ਚੋਣ ਵੀ ਲੜ ਚੁੱਕੇ ਹਨ। ਰਾਜਨੀਤੀ ਵਿੱਚ ਕਰੀਬ 35 ਸਾਲਾਂ ਦੀ ਸਰਗਰਮੀ ਤੋਂ ਬਾਅਦ ਉਨ੍ਹਾਂ ਨੂੰ ਇਹ ਮੌਕਾ ਮਿਲਿਆ। ਯੂਰਪ ਵਿੱਚ ਪੱਗੜੀਧਾਰੀ ਭਾਰਤੀ ਵਜੋਂ ਸੰਸਦੀ ਚੋਣ ਲੜਨਾ ਉਨ੍ਹਾਂ ਲਈ ਮਾਣ ਵਾਲੀ ਗੱਲ ਹੈ। ਉਹ ਥਿਊਰਿੰਗੀਆ ਵਿੱਚ ਭਾਰਤੀ ਭਾਈਚਾਰੇ ਦੀ ਨੁਮਾਇੰਦਗੀ ਕਰਦਿਆਂ ਹੋਰਨਾਂ ਭਾਰਤੀਆਂ ਨੂੰ ਵੀ ਰਾਜਨੀਤੀ ਵਿੱਚ ਅੱਗੇ ਆਉਣ ਲਈ ਪ੍ਰੇਰਿਤ ਕਰ ਰਹੇ ਹਨ। ਪੰਜਾਬ ਵਿੱਚ ਨੌਜਵਾਨਾਂ ਨੂੰ ਵਿਦੇਸ਼ ਜਾਣ ਤੋਂ ਪਹਿਲਾਂ ਇੱਥੇ ਹੀ ਮਿਆਰੀ ਸਿੱਖਿਆ, ਤਕਨੀਕੀ ਹੁਨਰ ਅਤੇ ਭਾਸ਼ਾ ਦੀ ਸਿਖਲਾਈ ਹਾਸਲ ਕਰਨੀ ਚਾਹੀਦੀ ਹੈ। ਨੌਜਵਾਨਾਂ ਨੂੰ ਵਿਦੇਸ਼ ਜਾਣ ਤੋਂ ਪਹਿਲਾਂ ਆਪਣੀ ਆਰਥਿਕ ਸਮਰੱਥਾ ਦਾ ਮੁਲਾਂਕਣ ਵੀ ਕਰਨਾ ਚਾਹੀਦਾ ਹੈ, ਤਾਂ ਜੋ ਉਨ੍ਹਾਂ ਦੇ ਮਾਪਿਆਂ 'ਤੇ ਵਾਧੂ ਵਿੱਤੀ ਬੋਝ ਨਾ ਪਵੇ। ਇਸ ਲਈ ਪੰਜਾਬ ਸਰਕਾਰ ਅਤੇ ਸਮਾਜ ਨੂੰ ਵੀ ਨੌਜਵਾਨਾਂ ਦੀ ਸਿਖਲਾਈ ਵਿੱਚ ਅਹਿਮ ਭੂਮਿਕਾ ਨਿਭਾਉਣੀ ਚਾਹੀਦੀ ਹੈ।ਨਸ਼ਿਆਂ ਦੇ ਮੁੱਦੇ 'ਤੇ ਉਨ੍ਹਾਂ ਕਿਹਾ ਕਿ ਇਹ ਸਮੱਸਿਆ ਹੁਣ ਅੰਤਰਰਾਸ਼ਟਰੀ ਪੱਧਰ 'ਤੇ ਫੈਲ ਚੁੱਕੀ ਹੈ ਅਤੇ ਜਰਮਨੀ ਸਮੇਤ ਯੂਰਪ ਦੇ ਕਈ ਹਿੱਸਿਆਂ ਵਿੱਚ ਵੀ ਇਸ ਦਾ ਪ੍ਰਭਾਵ ਦੇਖਣ ਨੂੰ ਮਿਲ ਰਿਹਾ ਹੈ। ਉਨ੍ਹਾਂ ਇਸ ਸਮੱਸਿਆ 'ਤੇ ਕਾਬੂ ਪਾਉਣ ਲਈ ਸਰਕਾਰ ਅਤੇ ਪ੍ਰਸ਼ਾਸਨ ਦੀ ਭੂਮਿਕਾ ਨੂੰ ਅਹਿਮ ਦੱਸਿਆ।ਬੰਦੀ ਸਿੰਘਾਂ ਦੀ ਰਿਹਾਈ ਬਾਰੇ ਰੰਧਾਵਾ ਨੇ ਕਿਹਾ ਕਿ ਉਹ ਇਸ ਸਬੰਧੀ ਪਹਿਲਾਂ ਵੀ ਸੋਸ਼ਲ ਮੀਡੀਆ 'ਤੇ ਆਪਣੀ ਆਵਾਜ਼ ਉਠਾ ਚੁੱਕੇ ਹਨ। ਜਿਹੜੇ ਬੰਦੀ ਸਿੰਘ ਆਪਣੀਆਂ ਸਜ਼ਾਵਾਂ ਪੂਰੀਆਂ ਕਰ ਚੁੱਕੇ ਹਨ, ਉਨ੍ਹਾਂ ਦੇ ਮਾਮਲਿਆਂ 'ਤੇ ਕਾਨੂੰਨ ਅਤੇ ਸੰਵਿਧਾਨ ਅਨੁਸਾਰ ਵਿਚਾਰ ਕਰਦਿਆਂ ਉਹਨਾਂ ਨੂੰ ਰਿਹਾ ਕੀਤਾ ਜਾਣਾ ਚਾਹੀਦਾ । ਜਿਸ ਨਾਲ ਦੇਸ਼ ਵਿਦੇਸ਼ ਦੇ ਸਿੱਖਾਂ ਨੂੰ ਚੰਗਾ ਸੁਨੇਹਾ ਜਾਵੇਗਾ। ਇਸ ਤੋਂ ਇਲਾਵਾ, ਧਾਰਮਿਕ ਖੇਤਰ ਵਿੱਚ ਲੋਕਾਂ ਨੂੰ ਸਾਵਧਾਨ ਰਹਿਣ ਦੀ ਅਪੀਲ ਕਰਦਿਆਂ ਉਨ੍ਹਾਂ ਕਿਹਾ ਕਿ ਕਿਸੇ ਵੀ ਵਿਅਕਤੀ ਬਾਰੇ ਬਿਨਾਂ ਸਬੂਤ ਦੋਸ਼ ਲਗਾਉਣਾ ਠੀਕ ਨਹੀਂ, ਪਰ ਧਾਰਮਿਕ ਗਤੀਵਿਧੀਆਂ ਵਿੱਚ ਜੇਕਰ ਕੁਝ ਗਲਤ ਹੋ ਰਿਹਾ ਹੈ ਤਾਂ ਉਸ ਨੂੰ ਸੁਧਾਰਨ ਦੀ ਲੋੜ ਹੈ।

# ਮਾਪਿਆਂ ਅਤੇ ਅਧਿਆਪਕਾਂ ਦੇ ਆਪਸੀ ਤਾਲਮੇਲ ਨਾਲ ਹੀ ਬੱਚਿਆਂ ਦੀ ਸਿੱਖਿਆ ਵਿੱਚ ਲਿਆਂਦਾ ਜਾ ਸਕਦੈ ਗੁਣਾਤਮਕ ਸੁਧਾਰ : ਜਗਮੋਹਣ ਸਿੰਘ ਤੇ ਜਸਵਿੰਦਰ ਪਾਲ ਬੈਂਸ

ਬਲਾਚੌਰ 10 ਅਕਤੂਬਰ (ਤਜਿੰਦਰ ਜੋਤ ਜਸਵਿੰਦਰ ਕੌਰ) ਸਕੂਲ ਆਫ਼ ਐਮੀਨੈਂਸ (ਮਹਿੰਦੀਪੁਰ), ਬਲਾਚੌਰ ਵਿਖੇ ਵਿਦਿਆਰਥੀਆਂ ਦੀ ਪੜ੍ਹਾਈ ਵਿੱਚ ਹੋਰ ਸੁਧਾਰ ਲਿਆਉਣ, ਸਕੂਲ ਤੇ ਮਾਪਿਆਂ ਵਿਚਕਾਰ ਆਪਸੀ ਤਾਲਮੇਲ ਨੂੰ ਮਜ਼ਬੂਤ ਕਰਨ ਅਤੇ ਵਿਦਿਆਰਥੀਆਂ ਦੀ ਪ੍ਰਤਿਭਾ ਨੂੰ ਉਤਸ਼ਾਹਿਤ ਕਰਨ ਦੇ ਉਦੇਸ਼ ਨਾਲ ਇੱਕ ਪ੍ਰਭਾਵਸ਼ਾਲੀ ਮੈਗਾ ਮਾਪੇ-

# ਮਾਈਨਿੰਗ ਮਾਮਲੇ ਵਿੱਚ ਸੀਬੀਆਈ ਜਾਂਚ 'ਆਪ' ਸਰਕਾਰ ਦੀ ਨਾਕਾਮੀ ਦਾ ਸਬੂਤ : ਕੇਵਲ ਢਿੱਲੋਂ

**ਚੰਡੀਗੜ੍ਹ, 10 ਅਕਤੂਬਰ (ਦੇਸ਼ ਪ੍ਰਦੇਸ਼ ਬਿਊਰੋ) :** ਪੰਜਾਬ ਅਤੇ ਹਰਿਆਣਾ ਹਾਈ ਕੋਰਟ ਵੱਲੋਂ ਨਾਜਾਇਜ਼ ਮਾਈਨਿੰਗ ਦੇ ਮਾਮਲੇ ਦੀ ਜਾਂਚ ਸੀਬੀਆਈ ਨੂੰ ਸੌਂਪਣ ਦਾ ਫ਼ੈਸਲਾ 'ਆਪ' ਸਰਕਾਰ ਦੀ ਨਾਕਾਮੀ ਦਾ ਸਬੂਤ ਹੈ। ਅਦਾਲਤ ਨੇ ਇਹ ਟਿੱਪਣੀ ਕੀਤੀ ਹੈ ਕਿ 110 ਫੁੱਟ ਉੱਚੇ ਪਹਾੜ ਗਾਇਬ ਹੋ ਗਏ ਅਤੇ ਪੰਜਾਬ ਦੇ ਅਧਿਕਾਰੀਆਂ ਨੂੰ ਇਸ ਦੀ ਭਿਣਕ ਤੱਕ ਨਹੀਂ ਲੱਗੀ। ਭਾਜਪਾ ਦੇ ਸੂਬਾ ਪ੍ਰਧਾਨ ਕੇਵਲ ਸਿੰਘ ਢਿੱਲੋਂ ਨੇ ਕਿਹਾ ਕਿ ਇਹ ਘਟਨਾ ਸਰਕਾਰ ਦੀ ਕਾਰਜਪ੍ਰਣਾਲੀ 'ਤੇ ਵੱਡਾ ਸਵਾਲ ਖੜ੍ਹਾ ਕਰਦੀ ਹੈ। ਸੂਬਾ ਪ੍ਰਧਾਨ ਢਿੱਲੋਂ ਨੇ ਕਿਹਾ ਕਿ ਹੁਸ਼ਿਆਰਪੁਰ ਜ਼ਿਲ੍ਹੇ ਦੇ ਦਰਜ 31 ਸਟੋਨ ਕਰਸ਼ਰਾਂ ਵਿੱਚੋਂ 26 ਚੱਲ ਰਹੇ ਸਨ, ਪਰ ਜ਼ਿਲ੍ਹਾ ਮਾਈਨਿੰਗ ਅਧਿਕਾਰੀ ਦੇ ਹਲਫ਼ਨਾਮੇ ਮੁਤਾਬਕ ਮਨਜ਼ੂਰਸ਼ੁਦਾ ਵਪਾਰਕ ਸਾਈਟਾਂ, ਜ਼ਮੀਨ ਮਾਲਕਾਂ ਦੀਆਂ ਸਾਈਟਾਂ ਅਤੇ ਕਰਸ਼ਰ ਮਾਈਨਿੰਗ ਸਾਈਟਾਂ ਵਿੱਚੋਂ ਕੋਈ ਵੀ ਚਾਲੂ ਨਹੀਂ ਸੀ। ਅਦਾਲਤ ਨੇ ਕਰਸ਼ਰਾਂ ਲਈ ਕੱਚੇ ਮਾਲ ਦੇ ਸਰੋਤ ਬਾਰੇ ਭਰੋਸੇਯੋਗ ਜਾਣਕਾਰੀ ਨਾ ਹੋਣ 'ਤੇ ਵੀ ਸਵਾਲ ਉਠਾਏ ਹਨ। ਢਿੱਲੋਂ ਨੇ ਕਿਹਾ ਕਿ ਜੇ ਕੋਈ ਮਨਜ਼ੂਰਸ਼ੁਦਾ ਸਾਈਟ ਚੱਲ ਹੀ ਨਹੀਂ ਰਹੀ, ਤਾਂ 26 ਕਰਸ਼ਰ ਕਿਸ ਮਾਲ 'ਤੇ ਚੱਲ ਰਹੇ ਸਨ ? ਇਹ ਮਾਲ ਕਿੱਥੋਂ ਆਇਆ ? ਇਹ ਸਵਾਲ ਸਰਕਾਰ ਦੀ ਨਿਗਰਾਨੀ ਪ੍ਰਣਾਲੀ ਦੀ ਪੋਲ ਖੋਲ੍ਹਦਾ ਹੈ। ਢਿੱਲੋਂ ਨੇ ਕਿਹਾ ਕਿ ਜੇ ਸਰਕਾਰੀ ਵਿਭਾਗ ਆਪਣੀ ਜ਼ਿੰਮੇਵਾਰੀ ਨਿਭਾ ਰਹੇ ਹੁੰਦੇ ਤਾਂ ਇੰਨੇ ਵੱਡੇ ਪੱਧਰ ਦੇ ਦੋਸ਼ਾਂ ਲਈ ਸੁਤੰਤਰ ਕੇਂਦਰੀ ਏਜੰਸੀ ਦੀ ਲੋੜ ਨਾ ਪੈਂਦੀ। ਉਨ੍ਹਾਂ ਕਿਹਾ ਕਿ ਇਹ ਸਿਰਫ਼ ਖ਼ਜ਼ਾਨੇ ਦੇ ਨੁਕਸਾਨ ਦਾ ਮਾਮਲਾ ਨਹੀਂ। ਪਹਾੜਾਂ, ਦਰਿਆਈ ਖੇਤਰਾਂ ਅਤੇ ਜ਼ਮੀਨ ਦੀ ਬੇਤਰਤੀਬ ਖੁਦਾਈ ਨਾਲ ਕੁਦਰਤੀ ਸੰਤੁਲਨ ਵਿਗੜਦਾ ਹੈ, ਧਰਤੀ ਦੀ ਬਣਤਰ ਪ੍ਰਭਾਵਿਤ ਹੁੰਦੀ ਹੈ ਅਤੇ ਲੋਕਾਂ ਦੀ ਸੁਰੱਖਿਆ ਨੂੰ ਖ਼ਤਰਾ ਪੈਦਾ ਹੁੰਦਾ ਹੈ। "ਪੰਜਾਬ ਦੇ ਕੁਦਰਤੀ ਸਰੋਤ ਕਿਸੇ ਸਰਕਾਰ ਜਾਂ ਨਿੱਜੀ ਧਿਰ ਦੀ ਜਾਇਦਾਦ ਨਹੀਂ, ਇਹ ਆਉਣ ਵਾਲੀਆਂ ਪੀੜ੍ਹੀਆਂ ਦੀ ਸਾਂਝੀ ਵਿਰਾਸਤ ਹਨ। ਇਨ੍ਹਾਂ ਦੀ ਲੁੱਟ ਨੂੰ ਕਿਸੇ ਵੀ ਕੀਮਤ 'ਤੇ ਬਰਦਾਸ਼ਤ ਨਹੀਂ ਕੀਤਾ ਜਾਵੇਗਾ। ਪੰਜਾਬ ਭਾਜਪਾ ਦੇ ਸੂਬਾ ਪ੍ਰਧਾਨ ਕੇਵਲ ਸਿੰਘ ਢਿੱਲੋਂ ਨੇ ਕਿਹਾ ਕਿ 'ਆਪ' ਸਰਕਾਰ ਹੇਠ ਹਰ ਖੇਤਰ ਭ੍ਰਿਸ਼ਟਾਚਾਰ ਵਿੱਚ ਫਸਿਆ ਹੋਇਆ ਹੈ ਅਤੇ ਪੰਜਾਬ ਦੇ ਹਰ ਖੇਤਰ ਨੂੰ ਲੁੱਟਿਆ ਗਿਆ ਹੈ। ਉਨ੍ਹਾਂ ਕਿਹਾ ਕਿ ਇਹ ਸਿਰਫ਼ ਪ੍ਰਸ਼ਾਸਨਿਕ ਅਸਫਲਤਾ ਨਹੀਂ, ਸਗੋਂ ਜਨਤਾ ਦੇ ਭਰੋਸੇ ਨਾਲ ਧੋਖਾ ਹੈ, ਅਤੇ ਹੁਣ ਸਮਾਂ ਆ ਗਿਆ ਹੈ ਕਿ ਇਸ ਸਾਰੇ ਮਾਮਲੇ ਦੀ ਜਵਾਬਦੇਹੀ ਤੈਅ ਕੀਤੀ ਜਾਵੇ। ਢਿੱਲੋਂ ਨੇ ਕਿਹਾ ਕਿ ਚੋਣਾਂ ਤੋਂ ਪਹਿਲਾਂ ਅਰਵਿੰਦ ਕੇਜਰੀਵਾਲ ਨੇ ਰੇਤ-ਬੱਜਰੀ ਦੀ ਮਾਈਨਿੰਗ ਤੋਂ ਸੂਬੇ ਨੂੰ 20,000 ਕਰੋੜ ਰੁਪਏ ਦੀ ਕਮਾਈ ਦਾ ਸੁਪਨਾ ਦਿਖਾਇਆ ਸੀ। ਉਨ੍ਹਾਂ ਵੱਲੋਂ ਪੇਸ਼ ਅੰਕੜਿਆਂ ਮੁਤਾਬਕ ਵਿੱਤੀ ਸਾਲ 2025-26 ਵਿੱਚ ਸਰਕਾਰ ਦੇ ਖ਼ਜ਼ਾਨੇ 'ਚ ਸਿਰਫ਼ 600 ਕਰੋੜ ਦੇ ਕਰੀਬ ਆਏ। "ਬਾਕੀ 19,400 ਕਰੋੜ ਰੁਪਏ ਕਿੱਥੇ ਗਏ ? ਇਹ ਪੈਸਾ ਖ਼ਜ਼ਾਨੇ ਵਿੱਚ ਕਿਉਂ ਨਹੀਂ ਪਹੁੰਚਿਆ ? ਸਰਕਾਰ ਪੰਜਾਬ ਦੇ ਲੋਕਾਂ ਨੂੰ ਇਸ ਦਾ ਸਪੱਸ਼ਟ ਜਵਾਬ ਦੇਵੇ,।

## ਸੜਾ ਇੱਕ ਦੀਆਂ ਬਾਕੀ...

### ਨਸ਼ਿਆਂ ਵਿਰੁੱਧ ਜੰਗ ਦੇ.....

ਅੰਫ਼ ਆਈ ਆਰ. ਦਰਜ ਹੋਈਆਂ। 'ਯੁੱਧ ਨਸ਼ਿਆਂ ਵਿਰੁੱਧ' ਤਹਿਤ ਪੁਲਿਸ ਨੇ 17 ਮਹੀਨਿਆਂ ਵਿੱਚ 75,000 ਤੋਂ ਵੱਧ ਜਨਤਕ ਮੀਟਿੰਗਾਂ ਕੀਤੀਆਂ ਹਨ। ਸਰਕਾਰੀ ਨਸ਼ਾ ਛੁਡਾਊ ਕੇਂਦਰ: ਮੁਫ਼ਤ ਇਲਾਜ ਕਾਰਨ ਸਰਕਾਰੀ ਕੇਂਦਰਾਂ ਵਿੱਚ ਮਰੀਜ਼ਾਂ ਦੀ ਗਿਣਤੀ ਤਿੰਨ ਗੁਣਾ ਵਧੀ ਹੈ ਅਤੇ ਹੁਣ ਤੱਕ 40,000 ਤੋਂ ਵੱਧ ਮਰੀਜ਼ ਭਰਤੀ ਹੋ ਕੇ ਇਲਾਜ ਕਰਵਾ ਰਹੇ ਹਨ। ਨੌਜਵਾਨਾਂ ਦੀ ਊਰਜਾ ਨੂੰ ਹਕਾਰਾਤਮਕ ਦਿਸ਼ਾ ਵਿੱਚ ਲਗਾਉਣ ਲਈ ਸਰਕਾਰ ਦੇ ਉਪਰਾਲੇ ਸਰਕਾਰ ਨੇ ਪੂਰੀ ਪਾਰਦਰਸ਼ਤਾ ਅਤੇ ਯੋਗਤਾ ਦੇ ਆਧਾਰ 'ਤੇ 70,885 ਸਰਕਾਰੀ ਨੌਕਰੀਆਂ ਦਿੱਤੀਆਂ ਹਨ। ਖੇਡਾਂ ਨੂੰ ਉਤਸ਼ਾਹਿਤ ਕਰਨ ਲਈ ਖੇਡ ਬਜਟ ਵਧਾ ਕੇ 1,791 ਕਰੋੜ ਰੁਪਏ ਕੀਤਾ ਗਿਆ ਹੈ। ਪਿੰਡਾਂ ਵਿੱਚ 3,100 ਖੇਡ ਮੈਦਾਨ ਅਤੇ 3,000 ਜਿੰਮ ਤਿਆਰ ਕੀਤੇ ਜਾ ਰਹੇ ਹਨ। ਇਸ ਉਪਰਾਲੇ ਨੇ ਸੂਬੇ ਵਿੱਚ ਖੇਡ ਸੱਭਿਆਚਾਰ ਨੂੰ ਨਵਾਂ ਮੋੜ ਦਿੱਤਾ ਹੈ। ਮੁੱਖ ਮੰਤਰੀ ਨੇ ਭਾਰਤੀ ਕ੍ਰਿਕਟ ਟੀਮ ਦੇ ਕਪਤਾਨ ਸ਼ੁਭਮਨ ਗਿੱਲ, ਮਹਿਲਾ ਕ੍ਰਿਕਟ ਟੀਮ ਦੀ ਕਪਤਾਨ ਹਰਮਨਪ੍ਰੀਤ ਕੌਰ, ਏਸ਼ੀਆਈ ਖੇਡਾਂ ਵਿੱਚ ਸੋਨ ਤਗਮਾ ਜਿੱਤਣ ਵਾਲੀ ਭਾਰਤੀ ਹਾਕੀ ਟੀਮ ਦੇ ਕਪਤਾਨ ਹਰਮਨਪ੍ਰੀਤ ਸਿੰਘ (ਜਿਸ ਟੀਮ ਦੇ 11 ਵਿੱਚੋਂ 9 ਖਿਡਾਰੀ ਪੰਜਾਬ ਦੇ ਸਨ) ਅਤੇ ਬਾਸਕਟਬਾਲ ਖਿਡਾਰੀ ਪ੍ਰੀਤਪਾਲ ਸਿੰਘ ਬਰਾੜ ਦਾ ਵਿਸ਼ੇਸ਼ ਜ਼ਿਕਰ ਕੀਤਾ। ਉਨ੍ਹਾਂ ਮਿਲਖਾ ਸਿੰਘ, ਦਾਰਾ ਸਿੰਘ, ਓਲੰਪੀਅਨ ਬਲਬੀਰ ਸਿੰਘ ਅਤੇ ਓਲੰਪੀਅਨ ਸੁਰਜੀਤ ਸਿੰਘ ਦੀ ਖੇਡ ਵਿਰਾਸਤ ਨੂੰ ਵੀ ਯਾਦ ਕੀਤਾ। ਪੰਜਾਬੀ ਮਨੋਰੰਜਨ ਉਦਯੋਗ ਨੂੰ ਹੁਲਾਰਾ ਦੇਣ ਲਈ ਸੂਬੇ ਵਿੱਚ ਇੱਕ ਵਿਸ਼ਵ ਪੱਧਰੀ ਫ਼ਿਲਮ ਸਿਟੀ ਬਣਾਉਣ ਦੀ ਯੋਜਨਾ ਹੈ।, ਸੀਚੇਵਾਲ ਅਤੇ ਥਾਪਰ ਮਾਡਲ ਰਾਹੀਂ ਪਿੰਡਾਂ ਦੇ ਛੱਪੜਾਂ ਦੀ ਸਫ਼ਾਈ ਅਤੇ ਨਵੀਨੀਕਰਨ ਕੀਤਾ ਜਾ ਰਿਹਾ ਹੈ। ਗੁਰੂ ਗ੍ਰੰਥ ਸਾਹਿਬ ਜੀ ਦੀ ਬੇਅਦਬੀ ਕਰਨ ਵਾਲਿਆਂ ਲਈ ਬਿਨਾਂ ਪੈਰੋਲ ਤੋਂ ਉਮਰ ਕੈਦ ਵਰਗੀ ਸਖ਼ਤ ਸਜ਼ਾ ਦਾ ਕਾਨੂੰਨੀ ਪ੍ਰਬੰਧ ਕੀਤਾ ਗਿਆ ਹੈ। ਸਰਕਾਰ ਦੀਆਂ ਮੁੱਖ ਯੋਜਨਾਵਾਂ ਜਿਵੇਂ ਕਿ ਮੁੱਖ ਮੰਤਰੀ ਮਾਵਾਂ ਧੀਆਂ ਸਤਿਕਾਰ ਯੋਜਨਾ, ਮੁਫ਼ਤ ਬਿਜਲੀ, ਆਮ ਆਦਮੀ ਕਲੀਨਿਕ, ਬਿਹਤਰ ਸਰਕਾਰੀ ਸਿੱਖਿਆ ਅਤੇ ਵਿਸ਼ਵ ਪੱਧਰੀ ਸੜਕੀ ਢਾਂਚੇ ਦਾ ਜ਼ਿਕਰ ਕੀਤਾ ਗਿਆ। ਸੰਬੋਧਨ ਦੇ ਅੰਤ ਵਿੱਚ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਵਿਰੋਧੀ ਧਿਰਾਂ (ਭਾਜਪਾ, ਅਕਾਲੀ ਦਲ ਅਤੇ ਕਾਂਗਰਸ) 'ਤੇ ਨਿਸ਼ਾਨਾ ਸਾਧਦਿਆਂ ਕਿਹਾ ਕਿ ਪਿਛਲੀਆਂ ਸਰਕਾਰਾਂ ਦੀਆਂ ਗਲਤ ਨੀਤੀਆਂ ਨੇ ਪੰਜਾਬ ਦੀ ਸ਼ਾਨ ਨੂੰ ਢਾਹ ਲਗਾਈ ਸੀ, ਪਰ ਮੌਜੂਦਾ ਸਰਕਾਰ ਪੰਜਾਬ ਨੂੰ ਮੁੜ 'ਰੰਗਲਾ ਪੰਜਾਬ' ਬਣਾਉਣ ਲਈ ਪੂਰੀ ਤਰ੍ਹਾਂ ਵਚਨਬੱਧ ਹੈ।

### ਪੀਐਮ ਮੋਦੀ ਦੇ ਜਨ.....

ਦੀ ਦ੍ਰਿਸ਼ਟੀ ਨੇ ਦੇਸ਼ ਵਾਸੀਆਂ ਵਿੱਚ ਆਪਣੀ ਪਛਾਣ ਪ੍ਰਤੀ ਗੌਰਵ ਜਗਾਇਆ ਹੈ। ਮੁੱਖ ਮੰਤਰੀ ਨੇ ਕਿਹਾ ਕਿ ਮੋਦੀ ਜੀ ਦਾ ਹਰਿਆਣਾ ਨਾਲ ਡੂੰਘਾ ਲਗਾਅ ਰਿਹਾ ਹੈ ਅਤੇ ਇਹ ਸੂਬੇ ਉਨ੍ਹਾਂ ਦੀ ਕਰਮ-ਭੂਮੀ ਰਿਹਾ ਹੈ। ਪ੍ਰਧਾਨ ਮੰਤਰੀ ਵਜੋਂ ਪਿਛਲੇ 12 ਸਾਲਾਂ ਵਿੱਚ ਉਨ੍ਹਾਂ ਨੇ ਹਰਿਆਣਾ ਨੂੰ ਨਿਰੰਤਰ ਪਿਆਰ, ਮਾਰਗਦਰਸ਼ਨ ਅਤੇ ਸਹਿਯੋਗ ਪ੍ਰਦਾਨ ਕੀਤਾ ਹੈ। ਮੁੱਖ ਮੰਤਰੀ ਨੇ ਕਿਹਾ ਕਿ ਪ੍ਰਧਾਨ ਮੰਤਰੀ ਨੇ ਧਾਨੀਪਤ ਤੋਂ 'ਬੇਟੀ ਬਚਾਓ-ਬੇਟੀ ਪੜ੍ਹਾਓ' ਮੁਹੱਈਆ ਦੀ ਸ਼ੁਰੂਆਤ ਕਰਕੇ ਧੀਆਂ ਦੇ ਸਨਮਾਨ ਦਾ ਸੰਦੇਸ਼ ਪੂਰੇ ਦੇਸ਼ ਨੂੰ ਦਿੱਤਾ। ਉਨ੍ਹਾਂ ਕਿਹਾ ਕਿ ਆਧੁਨਿਕ ਆਵਾਜਾਈ ਅਤੇ ਸਵੱਛ ਊਰਜਾ ਦੇ ਖੇਤਰ ਵਿੱਚ ਵੀ ਹਰਿਆਣਾ ਨੂੰ ਨਵੀਂ ਪਛਾਣ ਦਿੰਦੇ ਹੋਏ, ਪ੍ਰਧਾਨ ਮੰਤਰੀ ਸ਼੍ਰ ?ਰੀ ਨਰਿੰਦਰ ਮੋਦੀ ਜੀ ਨੇ ਜੀਂਦ ਤੋਂ ਦੇਸ਼ ਦੀ ਪਹਿਲੀ ਹਾਈਡ੍ਰੋਜਨ ਟ੍ਰੇਨ ਪਰਿਯੋਜਨਾ ਦਾ ਸ਼ੁਭਾਰੰਭ ਕੀਤਾ। ਇਸ ਮੌਕੇ ਵਿਕਾਸ ਅਤੇ ਪੰਚਾਇਤ ਮੰਤਰੀ ਕ੍ਰਿਸ਼ਨ ਲਾਲ ਪੰਵਾਰ, ਵਿਰਾਸਤ ਅਤੇ ਸੈਰ-ਸਪਾਟਾ ਮੰਤਰੀ ਡਾ. ਅਰਵਿੰਦ ਸ਼ਰਮਾ, ਸਮਾਜਿਕ ਨਿਆਂ ਅਤੇ ਅਧਿਕਾਰਤਾ ਮੰਤਰੀ ਕ੍ਰਿਸ਼ਨ ਕੁਮਾਰ ਬੇਦੀ, ਖੁਰਾਕ, ਸਪਲਾਈ ਅਤੇ ਖਪਤਕਾਰ ਮਾਮਲੇ ਮੰਤਰੀ ਰਾਜੇਸ਼ ਨਾਗਰ, ਵਧੀਕ ਮੁੱਖ ਸਕੱਤਰ ਸੁਧੀਰ ਰਾਜਪਾਲ, ਪ੍ਰਧਾਨ ਸਕੱਤਰ ਸ਼ ?ਰੀਮਤੀ ਅਮਨੀਤ ਪੀ ਕੁਮਾਰ, ਸੂਚਨਾ, ਜਨ ਸੰਪਰਕ ਅਤੇ ਭਾਸ਼ਾ ਵਿਭਾਗ ਦੇ ਕਮਿਸ਼ਨਰ ਅਤੇ ਸਕੱਤਰ ਕੇ.ਐਮ. ਪਾਂਡੁਰੰਗ, ਡਾਇਰੈਕਟਰ ਡਾ. ਆਦਿੱਤਿਆ ਦਹੀਆ ਅਤੇ ਵਧੀਕ ਡਾਇਰੈਕਟਰ ਕੈਪਟਨ ਮਨੀਸ਼ ਲੋਹਾਨ ਵੀ ਮੌਜੂਦ ਸਨ।

### ਦਿੱਲੀ 'ਚ ਚੋਣ ਕਮਿਸ਼ਨ.....

ਹੋਰ ਵਿਰੋਧੀ ਪਾਰਟੀਆਂ ਦੇ ਆਗੂਆਂ ਨੇ ਵੀ ਚੋਣ ਕਮਿਸ਼ਨ ਖ਼ਿਲਾਫ਼ ਰੋਸ ਪ੍ਰਗਟਾਇਆ। ਪੰਜਾਬ ਵਿੱਚ ਵੀ ਇਸ ਮੁੱਦੇ 'ਤੇ ਸਿਆਸੀ ਸਰਗਰਮੀ ਦੇਖਣ ਨੂੰ ਮਿਲੀ। ਦੂਜੇ ਪਾਸੇ, ਚੋਣ ਕਮਿਸ਼ਨ ਅਤੇ ਕੇਂਦਰ ਸਰਕਾਰ ਨੇ ਵੋਟਰਾਂ ਨਾਲ ਹੇਰਾਫੇਰੀ ਦੇ ਦੋਸ਼ਾਂ ਨੂੰ ਰੱਦ ਕੀਤਾ ਹੈ। ਉਨ੍ਹਾਂ ਮੁਤਾਬਕ, ਵੋਟਰ ਸੂਚੀਆਂ ਦੀ ਸੋਧ ਦਾ ਮਕਸਦ ਡੁਪਲੀਕੇਟ ਅਤੇ ਅਯੋਗ ਐਂਟਰੀਆਂ ਨੂੰ ਹਟਾਉਣਾ ਹੈ। ਇਸ ਲਈ ਵੋਟਰਾਂ ਦੇ ਨਾਂ ਕੱਟਣ ਬਾਰੇ ਦੋਵਾਂ ਪੱਖਾਂ ਦੇ ਦਾਅਵਿਆਂ ਦੀ ਜਾਂਚ ਅਤੇ ਤੱਥਾਂ ਦੀ ਪੁਸ਼ਟੀ ਮਹੱਤਵਪੂਰਨ ਹੈ।

### ਮੁਲਾਜ਼ਮਾਂ ਅਤੇ ਪੈਨਸ਼ਨਰਾਂ ਨੇ.....

ਵਿਧਾਨ ਸਭਾ ਸੈਸ਼ਨ ਦੌਰਾਨ ਜਬਰਦਸਤ ਐਕਸ਼ਨ ਦਿੱਤੇ ਜਾਣਗੇ। ਇਸ ਮੌਕੇ ਰੈਲੀ ਨੂੰ ਸੰਬੋਧਨ ਕਰਦਿਆਂ ਸਾਂਝੀ ਤਾਲਮੇਲ ਕਮੇਟੀ ਦੇ ਆਗੂਆਂ ਸਤੀਸ਼ ਰਾਣਾ, ਗੁਰਨਾਮ ਸਿੰਘ ਵਿਰਕ, ਰਣਜੀਤ ਰਾਣਵਾਂ, ਸੁਖਚੈਨ ਸਿੰਘ ਖਹਿਰਾ, ਜਰਮਨਜੀਤ ਸਿੰਘ, ਸੁਸ਼ੀਲ ਕੁਮਾਰ ਫੌਜੀ, ਕਰਮ ਸਿੰਘ ਧਨੋਆ, ਸਾਹਿਲ ਸ਼ਰਮਾਂ, ਧਨਵੰਤ ਸਿੰਘ ਭੱਠਲ, ਮਨਦੀਪ ਸਿੰਘ ਸਿੱਧੂ, ਗਗਨਦੀਪ ਸਿੰਘ, ਹਰਚਰਨਜੀਤ ਸਿੰਘ, ਸੁਖਦੇਵ ਸੈਣੀ, ਕੁਲਵੰਤ ਸਿੰਘ, ਭਜਨ ਸਿੰਘ ਗਿੱਲ, ਹਰਜਿੰਦਰਪਾਲ ਸਿੰਘ ਪੰਨੂ, ਕੁਲਵਿੰਦਰ ਸਿੰਘ ਢਿੱਲੋਂ, ਪਰਗਟਜੀਤ ਕਿਸ਼ਨਪੁਰਾ, ਅਮਰੀਕ ਸਿੰਘ ਕੰਗ, ਅਮਿਤ ਕਟੋਚ ਆਦਿ ਨੇ ਕਿਹਾ ਕਿ ਪੰਜਾਬ ਅਤੇ ਹਰਿਆਣਾ ਹਾਈਕੋਰਟ ਦੇ ਸਖ਼ਤ ਹੁਕਮਾਂ ਦੇ ਬਾਵਜੂਦ ਮਹਿੰਗਾਈ ਭੱਤੇ ਦੀਆਂ ਕਿਸ਼ਤਾਂ ਅਤੇ ਬਕਾਏ ਨਾ ਜਾਰੀ ਕੀਤੇ ਜਾਣ, ਪੈਨਸ਼ਨਰਾਂ ਅਤੇ ਅਣ-ਰਿਵਾਇਜ਼ਡ ਕੈਟਾਗਰੀਆਂ ਦੇ ਮੁਲਾਜ਼ਮਾਂ 'ਤੇ 2.59 ਦਾ ਗੁਣਾਂਕ ਲਾਗੂ ਨਾ ਕੀਤੇ ਜਾਣ, ਪੁਰਾਣੀ ਪੈਨਸ਼ਨ ਸਕੀਮ ਬਹਾਲ ਨਾ ਕੀਤੇ ਜਾਣ, ਵੱਖ-ਵੱਖ ਕਿਸਮ ਦੇ ਕੱਚੇ ਅਤੇ ਆਊਟਸੋਰਸ ਮੁਲਾਜ਼ਮਾਂ ਨੂੰ ਰੈਗੂਲਰ ਨਾ ਕੀਤੇ ਜਾਣ, ਮਾਣਭੱਤਾ ਵਰਕਰਾਂ (ਮਿਡ-ਡੇ-ਮੀਲ, ਆਸ਼ਾ ਤੇ ਆਂਗਣਵਾੜੀ) ਉੱਤੇ ਘੱਟੋ-ਘੱਟ ਉਜ਼ਰਤਾਂ ਲਾਗੂ ਨਾ ਕੀਤੇ ਜਾਣ, ਪੇਂਡੂ ਅਤੇ ਬਾਰਡਰ ਏਰੀਆ ਸਮੇਤ ਬੰਦ ਕੀਤੇ ਗਏ 37 ਕਿਸਮ ਦੇ ਭੱਤੇ ਅਤੇ ਏਸੀਪੀ ਸਕੀਮ ਬਹਾਲ ਨਾ ਕੀਤੇ ਜਾਣ, 17/07/2020 ਤੋਂ ਬਾਅਦ ਭਰਤੀ ਹੋਏ ਮੁਲਾਜ਼ਮਾਂ 'ਤੇ ਪੰਜਾਬ ਦੇ ਤਨਖਾਹ ਸਕੇਲ ਲਾਗੂ ਨਾ ਕੀਤੇ ਜਾਣ, ਪਰਖ ਕਾਲ ਦੌਰਾਨ ਪੂਰੀ ਤਨਖਾਹ ਨਾ ਦਿੱਤੇ ਜਾਣ, ਕੰਪਿਊਟਰ ਅਧਿਆਪਕਾਂ ਨੂੰ ਸਿੱਖਿਆ ਵਿਭਾਗ ਵਿੱਚ ਸੰਮਿਲਤ ਨਾ ਕੀਤੇ ਜਾਣ,16 ਮਈ 2023 ਦੀ ਪਾਲਿਸੀ ਰੱਦ ਕਰਕੇ ਸਪੈਸ਼ਲ ਕਾਡਰ ਅਧਿਆਪਕਾਂ ਤੇ ਹੋਰ ਮੁਲਾਜ਼ਮਾਂ ਉੱਤੇ ਸਿਵਲ ਸਰਵਿਸਿਜ਼ ਰੂਲਜ਼ ਅਤੇ ਪੰਜਾਬ ਦਾ ਤਨਖਾਹ ਸਕੇਲ ਲਾਗੂ ਨਾ ਕਰਨ ਅਤੇ ਹੋਰ ਮੰਗਾਂ ਨਜ਼ਰਅੰਦਾਜ਼ ਕੀਤੇ ਜਾਣ 6ਖ਼ਲਾਫ਼ ਲੰਮੇ ਸਮੇਂ ਤੋਂ ਸੰਘਰਸ਼ ਲੜਿਆ ਜਾ ਰਿਹਾ ਹੈ ਪਰ ਪੰਜਾਬ ਸਰਕਾਰ ਲਗਾਤਾਰ ਟਾਲ-ਮਟੋਲ ਦੀ ਨੀਤੀ ਤੇ ਚੱਲ ਰਹੀ ਹੈ। ਆਗੂਆਂ ਨੇ ਕਿਹਾ ਕਿ ਪੰਜਾਬ ਸਰਕਾਰ ਨੇ ਕੇਵਲ 8% ਮਹਿੰਗਾਈ ਭੱਤੇ ਦਾ ਐਲਾਨ ਕਰਕੇ ਇਸ ਤਰ੍ਹਾਂ ਬਿਰਤਾਂਤ ਸਿਰਜਿਆ ਗਿਆ ਜਿਵੇਂ ਮੁਲਾਜ਼ਮਾਂ ਤੇ ਪੈਨਸ਼ਨਰਾਂ ਦੇ ਸਾਰੇ ਮਸਲੇ ਹੱਲ ਹੋ ਗਏ ਹੋਣ ਜਦੋਂਕਿ ਸਰਕਾਰ ਵੱਲੋਂ ਉਹਨਾਂ ਦੀ ਕੋਈ ਇੱਕ ਮੰਗ ਵੀ ਮੁਕੰਮਲ ਤੌਰ ਤੇ ਪੂਰੀ ਨਹੀਂ ਕੀਤੀ ਗਈ। ਦਿਗਵਿਜੇਪਾਲ ਸ਼ਰਮਾਂ, ਜਗਦੀਸ਼ ਠਾਕੁਰ, ਜਗਦੀਸ਼ ਚਾਹਲ, ਖੁਸ਼ਵਿੰਦਰ ਕਪਿਲਾ, ਰਾਜ ਕੁਮਾਰ ਅਰੋੜਾ, ਦੇਵੀ ਦਿਆਲ, ਬਲਦੇਵ ਵਾਲੀਆ, ਸੁਖਵਿੰਦਰ ਸੈਣੀ, ਬਲਵੀਰ ਗਰਚਾ, ਜਸਵੀਰ ਤਲਵਾੜਾ, ਦੀਦਾਰ ਸ਼ੋਕਰ, ਪਿਪਲ ਸਿੰਘ ਸਿੱਧੂ, ਗਾਧੇ ਸ਼ਿਆਮ, ਜੋਗਿੰਦਰ ਸਿੰਘ, ਸੁਰਜੀਤ ਗਗੜਾ, ਮਨਪ੍ਰੀਤ ਸਿੰਘ, ਸੁਰਿੰਦਰ ਪੁਆਰੀ, ਨਿਰਮਲਜੀਤ ਵਾਲੀਆ, ਕੁਲਦੀਪ ਖੰਨਾ, ਬਲਰਾਜ ਦਾਊਂ ਆਦਿ ਆਗੂਆਂ ਨੇ ਕਿਹਾ ਕਿ ਪੰਜਾਬ ਸਰਕਾਰ ਉਹਨਾਂ ਦੀਆਂ ਮੰਗਾਂ ਸੰਬੰਧੀ ਪੰਜਾਬ ਦੇ ਲੋਕਾਂ ਨੂੰ ਤਾਂ ਝੂਠ ਬੋਲ ਕੇ ਗੁੰਮਰਾਹ ਕਰ ਹੀ ਰਹੀ ਸੀ ਪਰ ਪੰਜਾਬ ਦੇ ਮੁੱਖ ਸਕੱਤਰ ਵੱਲੋਂ ਪੰਜਾਬ ਅਤੇ ਹਰਿਆਣਾ ਹਾਈ ਕੋਰਟ ਵਿੱਚ ਝੂਠ ਬੋਲਣ ਦਾ ਸ਼ਰਮਨਾਕ ਕਾਰਾ ਵੀ ਕੀਤਾ ਗਿਆ ਜੋ ਕਿ ਅਤਿ ਨਿੰਦਣਯੋਗ ਕਾਰਵਾਈ ਹੈ। ਆਗੂਆਂ ਨੇ ਕਿਹਾ ਕਿ 18 ਸਤੰਬਰ ਦੀ ਮੀਟਿੰਗ ਦੌਰਾਨ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਸੀ ਕਿ ਉਹਨਾਂ ਦੀਆਂ ਮੰਗਾਂ ਦੇ ਨਿਪਟਾਰੇ ਲਈ ਅਕਤੂਬਰ ਮਹੀਨੇ ਦੇ ਪਹਿਲੇ ਹਫ਼ਤੇ ਤਾਲਮੇਲ ਕਮੇਟੀ ਨਾਲ ਮੁੜ ਮੀਟਿੰਗ ਕੀਤੀ ਜਾਵੇਗੀ ਪਰ ਹੁਣ ਸਰਕਾਰ ਮੀਟਿੰਗ ਕਰਨ ਤੋਂ ਮੁਨਕਰ ਹੋ ਚੁੱਕੀ ਹੈ ਜਿਸਤੋਂ ਸਾਬਿਤ ਹੁੰਦਾ ਹੈ ਕਿ ਸਰਕਾਰ ਦੀ ਕਹਿਣੀ ਅਤੇ ਕਰਨੀ ਵਿਚ ਵੱਡਾ ਅੰਤਰ ਹੈ। ਆਗੂਆਂ ਨੇ ਕਿਹਾ ਕਿ ਜੇਕਰ ਸਰਕਾਰ ਦੁਆਰਾ ਉਹਨਾਂ ਦੇ ਸਮੁੱਚੇ ਮਸਲੇ ਹੱਲ ਨਾ ਕੀਤੇ ਗਏ ਤਾਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਸਕੱਤਰੇਤ ਤੋਂ ਸਤੋਂਜ ਵਾਪਸੀ ਕਰਵਾ ਕੇ ਰਹਾਂਗੇ ਇਸ ਮੌਕੇ ਸੰਦ

# ਬੀਕੇਐਸ ਬੀਡੀਐਸ ਇੰਟਰਨੈਸ਼ਨਲ ਸਕੂਲ ਦੇ ਖਿਡਾਰੀਆਂ ਨੇ 24ਵੀਂ ਇੰਟਰ-ਸਕੂਲ ਐਥਲੈਟਿਕਸ ਚੈਮਪੀਅਨਸ਼ਿੱਪ ਵਿੱਚ ਬੇਹਤਰੀਨ ਪ੍ਰਦਰਸ਼ਨ ਕੀਤਾ

ਅੰਮ੍ਰਿਤਸਰ 10 ਅਕਤੂਬਰ ( ਰਾਜੇਸ਼ ਡੈਨੀ) ਬੀਕੇਐਸ ਬੀਡੀਐਸ ਇੰਟਰਨੈਸ਼ਨਲ ਸਕੂਲ ਆਪਣੇ ਨੰਨੇ-ਮੁੰਨੇ ਅਤੇ ਪ੍ਰਤਿਭਾਸ਼ਾਲੀ ਖਿਡਾਰੀਆਂ ਦੀ ਸ਼ਾਨਦਾਰ ਉਪਲਬਧੀ @ਤੇ ਮਾਣ ਮਹਿਸੂਸ ਕਰਦਾ ਹੈ। 6 ਅਕਤੂਬਰ 2026 ਨੂੰ ਸਰਹੱਦ-ਏ-ਪੰਜਾਬ ਸਪੋਰਟਸ ਕਲੱਬ (ਰਜਿ) ਅੰਮ੍ਰਿਤਸਰ ਵੱਲੋਂ ਪ੍ਰਧਾਨ ਗੁਰਿੰਦਰ ਸਿੰਘ ਮੱਟੂ ਦੀ ਯੋਗ ਅਗਵਾਈ ਹੇਠ ਪ੍ਰਭਾਕਰ ਸੀਨੀਅਰ ਸੈਕੰਡਰੀ ਸਕੂਲ, ਛੇਹਰਟਾ ਵਿਖੇ ਆਯੋਜਿਤ 24ਵੀਂ ਇੰਟਰ-ਸਕੂਲ ਐਥਲੈਟਿਕਸ ਚੈਮਪੀਅਨਸ਼ਿੱਪ ਵਿੱਚ ਸਾਡੇ ਖਿਡਾਰੀਆਂ ਨੇ ਸ਼ਾਨਦਾਰ ਪ੍ਰਦਰਸ਼ਨ ਕੀਤਾ।

ਸਾਡੇ ਵਿਦਿਆਰਥੀਆਂ ਨੇ ਅੰਡਰ-8, ਅੰਡਰ-7 ਅਤੇ ਅੰਡਰ-6 ਵਰਗਾਂ ਵਿੱਚ ਬੜੇ ਉਤਸ਼ਾਹ, ਦ੍ਰਿੜ੍ਹ ਇਰਾਦੇ ਅਤੇ ਖੇਡ ਭਾਵਨਾ ਨਾਲ ਭਾਗ ਲਿਆ ਅਤੇ ਕਈ ਸੋਨੇ, ਚਾਂਦੀ ਅਤੇ ਕਾਂਸੀ ਦੇ ਤਮਗੇ ਜਿੱਤ ਕੇ ਸਕੂਲ ਦਾ ਨਾਮ ਰੌਸ਼ਨ ਕੀਤਾ। ਉਨ੍ਹਾਂ ਦਾ ਸ਼ਾਨਦਾਰ ਪ੍ਰਦਰਸ਼ਨ ਉਨ੍ਹਾਂ ਦੀ ਮਿਹਨਤ, ਅਨੁਸ਼ਾਸਨ, ਸਮਰਪਣ ਅਤੇ ਮੁਕਾਬਲੇ ਦੀ ਭਾਵਨਾ ਨੂੰ ਦਰਸਾਉਂਦਾ ਹੈ। ਇਹ ਸ਼ਾਨਦਾਰ ਸਫਲਤਾ ਸਾਡੇ ਸਕੂਲ ਪ੍ਰਿੰਸੀਪਲ ਡਾ. ਸੁਲੇਖਾ ਵਰਮਾ ਦੀ ਪ੍ਰੇਰਣਾਦਾਇਕ ਅਗਵਾਈ ਅਤੇ ਖੇਡ ਅਧਿਆਪਕ ਕੁਲਦੀਪ ਸਿੰਘ ਦੀ ਯੋਗ ਅਗਵਾਈ ਹੇਠ ਪ੍ਰਾਪਤ ਹੋਈ। ਉਨ੍ਹਾਂ ਦਾ ਨਿਰੰਤਰ ਉਤਸ਼ਾਹ, ਸਿਖਲਾਈ ਅਤੇ ਸਹਿਯੋਗ ਨੰਨੇ ਖਿਡਾਰੀਆਂ ਨੂੰ ਆਪਣਾ ਸਰਵੋਤਮ ਪ੍ਰਦਰਸ ਕਰਨ ਲਈ ਪ੍ਰੇਰਿਤ ਕਰਨ ਵਿੱਚ ਬਹੁਤ ਮਹੱਤਵਪੂਰਨ ਰਿਹਾ।

ਸੋਨੇ ਦੇ ਤਮਗੇ ਜੇਤੂ
ਜਪਤੇਜ ਸਿੰਘ - ਜਮਾਤ ਦੂਜੀ
ਮਨਜੋਤ ਸਿੰਘ - ਜਮਾਤ ਤੀਜੀ
ਦਿਵਿਆ - ਜਮਾਤ ਦੂਜੀ
ਗੁਰਫਤਿਹ ਸਿੰਘ - ਜਮਾਤ ਪਹਿਲੀ
ਚਾਂਦੀ ਦੇ ਤਮਗੇ ਜੇਤੂ
ਗੁਰਮੰਨਤ ਕੌਰ -ਯੂਕੇਜੀ
ਨਵਨੀਤ ਕੌਰ - ਜਮਾਤ ਦੂਜੀ
ਗੁਰਫਤਿਹ ਸਿੰਘ - ਜਮਾਤ ਦੂਜੀ ਕਾਂਸੀ ਦੇ ਤਮਗੇ ਜੇਤੂ-
ਸਰਗੁਣ ਕੌਰ - ਯੂਕੇਜੀ
ਅਸੀਸ ਕੌਰ - ਐਲਕੇਜੀ
ਜਪਨੂਰ ਸਿੰਘ ਸਿੰਘ - ਯੂਕੇਜੀ
ਸ਼ਾਨਦਾਰ ਪ੍ਰਦਰਸ਼ਨ ਕਰਨ ਵਾਲੇ ਵਿਦਿਆਰਥੀਆਂ ਨੂੰ ਉਨ੍ਹਾਂ ਦੀ ਬੇਮਿਸਾਲ ਪ੍ਰਾਪਤੀ ਲਈ ਸੁੰਦਰ ਇਨਾਮਾਂ ਅਤੇ ਤਮਗਿਆਂ ਨਾਲ ਸਨਮਾਨਿਤ ਕੀਤਾ ਗਿਆ। ਸਕੂਲ ਦੀਆਂ ਉਪਲਬਧੀਆਂ ਵਿੱਚ ਇੱਕ ਹੋਰ ਸੁਨਹਿਰਾ ਅਧਿਆਇ ਜੋੜਦਿਆਂ ਬੀਕੇਐਸ ਬੀਡੀਐਸ ਇੰਟਰਨੈਸ਼ਨਲ ਸਕੂਲ ਇੰਟਰਨੈਸ਼ਨਲ ਸਕੂਲ ਨੇ ਮੁਕਾਬਲੇ ਵਿੱਚ ਸ਼ਾਨਦਾਰ ਪ੍ਰਦਰਸ਼ਨ ਲਈ ਰਨਰ-ਅੱਪ ਟਰਾਫੀ ਵੀ ਹਾਸਲ ਕੀਤੀ।

ਇਹ ਸ਼ਾਨਦਾਰ ਪ੍ਰਾਪਤੀ ਪੂਰੇ ਬੀਕੇਐਸ ਬੀਡੀਐਸ ਇੰਟਰਨੈਸ਼ਨਲ ਸਕੂਲ ਪਰਿਵਾਰ ਲਈ ਬੇਹੱਦ ਮਾਣ ਵਾਲੀ ਗੱਲ ਹੈ। ਇਹ ਸਫਲਤਾ ਸਾਡੇ ਵਿਦਿਆਰਥੀਆਂ ਦੀ ਪ੍ਰਤਿਭਾ ਅਤੇ ਸਮਰੱਥਾ ਦੇ ਨਾਲ-ਨਾਲ ਸਕੂਲ ਵੱਲੋਂ ਮਿਲ ਰਹੇ ਨਿਰੰਤਰ ਉਤਸ਼ਾਹ ਅਤੇ ਮਾਰਗਦਰਸ਼ਨ ਦਾ ਪ੍ਰਮਾਣ ਹੈ।

ਸਕੂਲ ਦੀ ਪ੍ਰਿੰਸੀਪਲ ਵੱਲੋਂ ਸਾਰੇ ਤਮਗਾ ਜੇਤੂਆਂ ਅਤੇ ਭਾਗ ਲੈਣ ਵਾਲੇ ਵਿਦਿਆਰਥੀਆਂ ਨੂੰ ਉਨ੍ਹਾਂ ਦੇ ਸ਼ਾਨਦਾਰ ਪ੍ਰਦਰਸ਼ਨ ਲਈ ਹਾਰਦਿਕ ਵਧਾਈ ਦਿੱਤੀ ਗਈ। ਉਨ੍ਹਾਂ ਦੀ ਸਫਲਤਾ ਨੇ ਸੱਚਮੁੱਚ ਸਕੂਲ ਦਾ ਮਾਣ ਵਧਾਇਆ ਹੈ ਅਤੇ ਹੋਰ ਵਿਦਿਆਰਥੀਆਂ ਨੂੰ ਖੇਡਾਂ ਅਤੇ ਜੀਵਨ ਦੇ ਹਰ ਖੇਤਰ ਵਿੱਚ ਉੱਤਮਤਾ ਹਾਸਲ ਕਰਨ ਲਈ ਪ੍ਰੇਰਿਤ ਕੀਤਾ ਹੈ।

ਨੰਨੇ ਚੈਂਪੀਅਨਾਂ ਨੂੰ ਦਿਲੋਂ ਵਧਾਈਆ

# ਬਾਰਵੀਂ ਜਮਾਤ ਦੀ ਵਿਦਿਆਰਥਣ ਦ੍ਰਿਸ਼ਟੀ ਸ਼ਰਮਾ ਨੇ ਤਾਈਕਵਾਂਡੋ ਚੈਂਪੀਅਨਸ਼ਿਪ 2026 ਵਿੱਚ ਜਿੱਤਿਆ ਚਾਂਦੀ ਦਾ ਤਮਗਾ

ਖਰੜ 10 ਅਕਤੂਬਰ (ਸ਼ਸ਼ੀ ਪਾਲ ਜੈਨ) ਏ.ਪੀ.ਜੇ. ਪਬਲਿਕ ਸਕੂਲ, ਮੁੰਡੀ ਖਰੜ ਸਕੂਲ ਦੀ ਬਾਰਵੀਂ ਜਮਾਤ ਦੀ ਵਿਦਿਆਰਥਣ ਦ੍ਰਿਸ਼ਟੀ ਸ਼ਰਮਾ ਨੇ ਅੰਡਰ-17 ਵਰਗ ਵਿੱਚ ਤਾਈਕਵਾਂਡੋ ਚੈਂਪੀਅਨਸ਼ਿਪ 2026 ਵਿੱਚ ਦੂਜਾ ਸਥਾਨ ਹਾਸਲ ਕਰਕੇ ਚਾਂਦੀ ਦਾ ਤਮਗਾ ਜਿੱਤਿਆ। ਦ੍ਰਿਸ਼ਟੀ ਦੀ ਇਸ ਸ਼ਾਨਦਾਰ ਪ੍ਰਾਪਤੀ ਪਿੱਛੇ ਉਸਦੀ ਮਿਹਨਤ, ਲਗਨ, ਅਨੁਸਾਸ਼ਨ ਅਤੇ ਖੇਡਾਂ ਪ੍ਰਤੀ ਜਨੂੰਨ ਹੈ। ਉਸਦੀ ਇਸ ਕਾਮਯਾਬੀ ਨੇ ਸਕੂਲ ਦਾ ਨਾਮ ਰੌਸ਼ਨ ਕੀਤਾ ਹੈ ਅਤੇ ਹੋਰ ਵਿਦਿਆਰਥੀਆਂ ਨੂੰ ਵੀ ਪੜਾਈ ਦੇ ਨਾਲ-ਨਾਲ ਖੇਡਾਂ ਵਿੱਚ ਵਧੀਆ ਪ੍ਰਦਰਸ਼ਨ ਕਰਨ ਲਈ ਪ੍ਰੇਰਿਤ ਕੀਤਾ ਹੈ। ਸਕੂਲ ਦੇ ਪ੍ਰਿੰਸੀਪਲ ਜਸਵੀਰ ਚੰਦਰ ਨੇ ਦ੍ਰਿਸ਼ਟੀ ਸ਼ਰਮਾ ਦੀ ਇਸ ਸ਼ਾਨਦਾਰ ਪ੍ਰਾਪਤੀ ਦੀ ਭਰਪੂਰ ਸਲਾਘਾ ਕੀਤੀ ਅਤੇ ਉਸਨੂੰ ਇਸ ਸਫਲਤਾ ਲਈ ਵਧਾਈ ਦਿੱਤੀ। ਉਨਾਂ ਨੇ ਦ੍ਰਿਸ਼ਟੀ ਦੀ ਮਿਹਨਤ, ਲਗਨ ਅਤੇ ਖੇਡ ਭਾਵਨਾ ਦੀ ਪ੍ਰਸੰਸਾ ਕਰਦਿਆਂ ਕਿਹਾ ਕਿ ਖੇਡਾਂ ਵਿਦਿਆਰਥੀਆਂ ਵਿੱਚ ਆਤਮ-ਵਿਸਵਾਸ, ਅਨੁਸਾਸ਼ਨ, ਦ੍ਰਿੜਤਾ ਅਤੇ ਅਗਵਾਈ ਕਰਨ ਦੇ ਗੁਣਾਂ ਦਾ ਵਿਕਾਸ ਕਰਦੀਆਂ ਹਨ। ਉਨਾਂ ਨੇ ਦ੍ਰਿਸ਼ਟੀ ਨੂੰ ਭਵਿੱਖ ਵਿੱਚ ਵੀ ਇਸੇ ਤਰਾਂ ਮਿਹਨਤ ਕਰਦੇ ਰਹਿਣ ਅਤੇ ਹੋਰ ਉੱਚੀਆਂ ਮੰਜਿਲਾਂ ਹਾਸਲ ਕਰਨ ਲਈ ਉਤਸਾਹਿਤ ਕੀਤਾ।

# ਪਾਥਫਾਈਂਡਰ ਗਲੋਬਲ ਸਕੂਲ ਦੇ ਖਿਡਾਰੀਆਂ ਨੇ ਗੱਡੇ ਜਿੱਤਾਂ ਦੇ झੰਡੇ, 300 ਤੋਂ ਵੱਧ ਮੈਡਲ ਜਿੱਤ ਕੇ ਆਪਣਾ ਹੀ ਰਿਕਾਰਡ ਤੋੜਿਆ

## ਜ਼ੋਨ, ਜ਼ਿਲ੍ਹਾ ਤੇ ਸੂਬਾ ਪੱਧਰੀ ਖੇਡ ਮੁਕਾਬਲਿਆਂ 'ਚ ਖਿਡਾਰੀਆਂ ਦਾ ਸ਼ਾਨਦਾਰ ਪ੍ਰਦਰਸ਼ਨ

ਬਠਿੰਡਾ 10 ਅਕਤੂਬਰ ( ਰਾਣਾ ਸ਼ਰਮਾ ) ਪਾਥਫਾਈਂਡਰ ਗਲੋਬਲ ਸਕੂਲ, ਰਾਮਪੁਰਾ ਦੇ ਖਿਡਾਰੀਆਂ ਨੇ ਖੇਡਾਂ ਦੇ ਖੇਤਰ ਵਿੱਚ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ ਨਵੀਆਂ ਮੱਲਾਂ ਮਾਰੀਆਂ ਹਨ। ਸਕੂਲ ਦੇ ਵਿਦਿਆਰਥੀਆਂ ਨੇ ਇਸ ਖੇਡ ਸੈਸ਼ਨ ਦੌਰਾਨ ਜ਼ੋਨ, ਜ਼ਿਲ੍ਹਾ ਅਤੇ ਸੂਬਾ ਪੱਧਰ ਦੇ ਵੱਖ-ਵੱਖ ਖੇਡ ਮੁਕਾਬਲਿਆਂ ਵਿੱਚ 300 ਤੋਂ ਵੱਧ ਮੈਡਲ ਜਿੱਤ ਕੇ ਆਪਣਾ ਹੀ ਪੁਰਾਣਾ ਰਿਕਾਰਡ ਤੋੜ ਦਿੱਤਾ। ਖਿਡਾਰੀਆਂ ਦੀ ਇਸ ਪ੍ਰਾਪਤੀ ਨਾਲ ਸਕੂਲ ਵਿੱਚ ਖੁਸ਼ੀ ਦਾ ਮਾਹੌਲ ਹੈ।ਸਕੂਲ ਦੇ ਖਿਡਾਰੀਆਂ ਨੇ ਵੱਖ-ਵੱਖ ਖੇਡ ਮੁਕਾਬਲਿਆਂ ਵਿੱਚ ਭਾਗ ਲੈਦਿਆਂ ਸੋਨੇ, ਚਾਂਦੀ ਅਤੇ ਕਾਂਸੀ ਦੇ ਮੈਡਲ ਜਿੱਤ ਕੇ ਆਪਣੀ ਖੇਡ ਪ੍ਰਤਿਭਾ ਦਾ ਲੋਹਾ ਮਨਵਾਇਆ। ਸਕੂਲ ਪ੍ਰਬੰਧਕਾਂ ਅਨੁਸਾਰ ਖਿਡਾਰੀ ਲਗਾਤਾਰ ਵਧੀਆ ਪ੍ਰਦਰਸ਼ਨ ਕਰਦਿਆਂ ਜ਼ੋਨ ਤੋਂ ਜ਼ਿਲ੍ਹਾ ਅਤੇ ਜ਼ਿਲ੍ਹੇ ਤੋਂ ਸੂਬਾ ਪੱਧਰ ਤੱਕ ਆਪਣੀ ਪਛਾਣ ਬਣਾ ਰਹੇ ਹਨ। ਸਕੂਲ ਦੀ ਪ੍ਰਿੰਸੀਪਲ ਮੈਡਮ ਇਸ਼ੂ ਰਾਣੀ ਅਤੇ ਮੈਨੇਜਮੈਂਟ ਨੇ ਇਸ ਸ਼ਾਨਦਾਰ ਪ੍ਰਾਪਤੀ ਲਈ ਸਾਰੇ ਜੇਤੂ ਖਿਡਾਰੀਆਂ, ਉਨ੍ਹਾਂ ਦੇ ਮਾਪਿਆਂ, ਸਰੀਰਕ ਸਿੱਖਿਆ ਵਿਭਾਗ ਅਤੇ ਕੋਚਿੰਗ ਟੀਮ ਨੂੰ ਵਧਾਈ ਦਿੱਤੀ। ਉਨ੍ਹਾਂ ਕਿਹਾ ਕਿ ਵਿਦਿਆਰਥੀਆਂ ਦੀ ਅਗਵਾਈ ਹੇਠ ਵਿਦਿਆਰਥੀਆਂ ਨੇ ਵੱਖ-ਵੱਖ ਖੇਡਾਂ ਵਿੱਚ ਮਿਹਨਤ ਅਤੇ ਲਗਨ ਨਾਲ ਮੁਕਾਬਲਿਆਂ ਵਿੱਚ ਹਿੱਸਾ ਲਿਆ ਅਤੇ ਸ਼ਾਨਦਾਰ ਨਤੀਜੇ ਹਾਸਲ ਕੀਤੇ।ਸਕੂਲ ਮੈਨੇਜਮੈਂਟ ਨੇ ਕਿਹਾ ਕਿ ਖੇਡਾਂ ਵਿਦਿਆਰਥੀਆਂ ਵਿੱਚ ਅਨੁਸ਼ਾਸਨ, ਆਤਮ-ਵਿਸ਼ਵਾਸ, ਟੀਮ ਭਾਵਨਾ ਅਤੇ ਅਗਵਾਈ ਦੇ ਗੁਣ ਪੈਦਾ ਕਰਨ ਵਿੱਚ ਅਹਿਮ ਭੂਮਿਕਾ ਨਿਭਾਉਂਦੀਆਂ ਹਨ। 300 ਤੋਂ ਵੱਧ ਮੈਡਲ ਜਿੱਤਣਾ ਵਿਦਿਆਰਥੀਆਂ ਦੀ ਮਿਹਨਤ, ਅਧਿਆਪਕਾਂ ਦੀ ਲਗਨ ਅਤੇ ਮਾਪਿਆਂ ਦੇ ਸਹਿਯੋਗ ਦਾ ਨਤੀਜਾ ਹੈ। ਪ੍ਰਬੰਧਕਾਂ ਨੇ ਭਵਿੱਖ ਵਿੱਚ ਵੀ ਖਿਡਾਰੀਆਂ ਨੂੰ ਬਿਹਤਰ ਪ੍ਰਦਰਸ਼ਨ ਲਈ ਉਤਸ਼ਾਹਿਤ ਕਰਨ ਅਤੇ ਉਨ੍ਹਾਂ ਨੂੰ ਹਰ ਸੰਭਵ ਸਹਿਯੋਗ ਦੇਣ ਦਾ ਭਰੋਸਾ ਦਿੱਤਾ।

# ਸ੍ਰੀ ਸ਼ੰਕਰ ਦਾਸ ਸਰਕਾਰੀ ਸੀਨੀਅਰ ਸੈਕੰਡਰੀ ਸਮਾਰਟ ਸਕੂਲ ਸ੍ਰੀ ਮਾਛੀਵਾੜਾ ਸਾਹਿਬ ਵਿੱਖੇ ਮਾਪੇ ਅਧਿਆਪਕ ਮਿਲਣੀ ਹੋਈ ਮਾਪੇ ਆਪਣੇ ਬੱਚਿਆਂ ਨੂੰ ਬਣਦਾ ਸਮਾਂ ਜ਼ਰੂਰ ਦੇਣ - ਪ੍ਰਿੰਸੀਪਲ ਨਿਰੰਜਨ ਕੁਮਾਰ

ਸ੍ਰੀ ਮਾਛੀਵਾੜਾ ਸਾਹਿਬ – ਦਰਸ਼ਨ ਚੌਪੜਾ, ਰਾਜੀਵ ਕੁਮਾਰ ਰੋਜ਼ੀ, ਨਰੇਸ਼ ਭਾਟੀਆ –ਸਿੱਖਿਆ ਵਿਭਾਗ ਪੰਜਾਬ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਇਥੋਂ ਦੇ ਸ੍ਰੀ ਸ਼ੰਕਰ ਦਾਸ ਸਰਕਾਰੀ ਸੀਨੀਅਰ ਸੈਕੰਡਰੀ ਸਮਾਰਟ ਸਕੂਲ ਵਿਖੇ ਵਿਸ਼ਾਲ ਮਾਪੇ ਅਧਿਆਪਕ ਮਿਲਣੀ ਹੋਈ ਜਿਸ ਵਿੱਚ ਵੱਡੀ ਗਿਣਤੀ ਵਿੱਚ ਵਿਦਿਆਰਥੀਆਂ ਦੇ ਮਾਪਿਆਂ ਨੇ ਉਤਸ਼ਾਹ ਦਿਖਾਉਂਦਿਆਂ ਨਾ ਸਿਰਫ ਆਪਣੇ ਬੱਚਿਆਂ ਦੀ ਵਿੱਦਿਅਕ ਕਾਰਗੁਜ਼ਾਰੀ ਬਾਰੇ ਜਾਣਕਾਰੀ ਹਾਸਿਲ ਕੀਤੀ ਬਲਕਿ ਸਕੂਲ ਵਿੱਚ ਚੱਲ ਰਹੀਆਂ ਵੱਖ-ਵੱਖ ਗਤੀਵਿਧੀਆਂ ਬਾਰੇ ਜਾਣਕਾਰੀ ਪ੍ਰਿੰਸੀਪਲ ਸ੍ਰੀ ਨਿਰੰਜਨ ਕੁਮਾਰ ਰਾਹੀਂ ਸਾਂਝੀ ਕੀਤੀ ਗਈ ਅਤੇ ਮਾਪਿਆਂ ਨੂੰ ਬੇਨਤੀ ਕੀਤੀ ਕਿ ਉਹ ਆਪਣੇ ਬੱਚਿਆਂ ਨੂੰ ਬਣਦਾ ਸਮਾਂ ਜਰੂਰ ਦੇਣ। ਸਕੂਲ ਮੈਨੇਜਮੈਂਟ ਕਮੇਟੀ ਤੇ ਸਕੱਤਰ ਅਤੇ ਪ੍ਰਿੰਸੀਪਲ ਸ੍ਰੀ ਨਿਰੰਜਨ ਕੁਮਾਰ,ਐੱਸ ਐੱਮ ਸੀ ਚੇਅਰਮੈਨ ਕੁਲਦੀਪ ਕੌਰ, ਕੌਂਸਲਰ ਜਗਮੀਤ ਸਿੰਘ ਮੱਕੜ, ਅਧਿਆਪਕ ਮੈਂਬਰ ਮਨਪ੍ਰੀਤ ਬਖਸ਼ੀ, ਐੱਸ ਐੱਮ ਸੀ ਇੰਚਾਰਜ ਰਾਕੇਸ਼ ਕੁਮਾਰ ਅਤੇ ਨੇ ਯੁੱਧ ਨਸ਼ਿਆਂ ਵਿਰੁੱਧ ਦੇ ਨਾਲ ਨਾਲ ਮਿਸ਼ਨ ਸਮਰੱਥ ਅਤੇ ਸਕੂਲ ਵਿੱਚ ਸਮੇਂ ਸਮੇਂ ਤੇ ਚੱਲ ਰਹੀਆਂ ਵੱਖ-ਵੱਖ ਗਤੀਵਿਧੀਆਂ ਬਾਰੇ ਬੱਚਿਆਂ ਦੇ ਆਏ ਮਾਤਾ ਪਿਤਾ ਨਾਲ ਜਾਣਕਾਰੀ ਸਾਂਝੀ ਕੀਤੀ। ਇਸ ਮੌਕੇ ਸਕੂਲ ਦੇ ਪ੍ਰਿੰਸੀਪਲ ਸ੍ਰੀ ਨਿਰੰਜਨ ਕੁਮਾਰ ਨੇ ਵਿਭਾਗ ਵੱਲੋਂ ਜਾਰੀ ਸਕੂਲ ਮੈਨੇਜਮੈਂਟ ਕਮੇਟੀ ਦੇ ਚੇਅਰਮੈਨ ਅਤੇ ਮੈਂਬਰਾਂ ਨੂੰ ਉਹਨਾਂ ਦੀ ਵਧੀਆ ਕਾਰਗੁਜ਼ਾਰੀ ਬਦਲੇ ਪਰਸ਼ੰਸ਼ਾ ਪੱਤਰ ਦੇ ਕੇ ਸਨਮਾਨਿਤ ਕੀਤਾ ਗਿਆ। ਇਸ ਮੌਕੇ ਕੌਂਸਲਰ ਨਿਰੰਜਣ ਨੂਰ ਵੀ ਹਾਜ਼ਰ ਸਨ।ਫੀਡਬੈਕ ਦੇ ਰੂਪ ਵਿੱਚ ਬੱਚਿਆਂ ਦੇ ਮਾਪਿਆਂ ਵੱਲੋਂ ਖੂਬਸੂਰਤ ਟਿੱਪਣੀਆਂ ਕੀਤੀਆਂ ਗਈਆਂ। ਇਸ ਵਿਸ਼ਾਲ ਮਾਪੇ ਅਧਿਆਪਕ ਮਿਲਣੀ ਨੂੰ ਸੁਚਾਰੂ ਢੰਗ ਨਾਲ ਨੇਪਰੇ ਚਾੜ੍ਹਨ ਵਿੱਚ ਹਾਊਸ ਇੰਚਾਰਜ ਸ੍ਰੀਮਤੀ ਰੀਨਾ ਸ਼ਰਮਾ , ਕੁਆਡੀਨੇਟਰ ਸ੍ਰੀਮਤੀ ਸਰਬਜੀਤ ਕੌਰ, ਸ੍ਰੀਮਤੀ ਉਰਵਸ਼ੀ ਨਾਇਕ ਹਰਮਨਦੀਪ ਸਿੰਘ ਮੈਡਮ ਗੁਰਪ੍ਰੀਤ ਕੌਰ ਅਮਰਜੀਤ ਸਿੰਘ ਅਤੇ ਕੈਂਪਸ ਮੈਨੇਜਰ ਨਰਿੰਦਰ ਸਿੰਘ ਦੇ ਨਾਲ ਨਾਲ ਸਮੂਹ ਟੀਮ ਮੈਂਬਰਾਂ ਨੇ ਤਨਦੇਹੀ ਨਾਲ ਸਾਥ ਦਿੱਤਾ।

# ਵੁਸ਼ੂ ਚੈਂਪੀਅਨਸ਼ਿਪ ਵਿੱਚ ਸੇਕਰਡ ਸੌਲਜ਼ ਸਕੂਲ ਦੀ ਸ਼ਾਨਦਾਰ ਜਿੱਤ, ਖਿਡਾਰੀਆਂ ਨੇ ਜਿੱਤੇ ਸੋਨੇ ਤੇ ਕਾਂਸੀ ਦੇ ਤਗਮੇ

ਸਰਦੂਲਗੜ੍ਹ 10 ਅਕਤੂਬਰ (ਕੁਲਵਿੰਦਰ ਕੜਵਲ) ਸੇਕਰਡ ਸੌਲਜ਼ ਸਕੂਲ, ਕੌੜੀਵਾੜਾ ਦੇ ਵਿਦਿਆਰਥੀਆਂ ਨੇ 'ਖੇਡਾਂ ਵਤਨ ਪੰਜਾਬ ਦੀਆਂ' ਤਹਿਤ ਕਰਵਾਈ ਗਈ ਵੁਸ਼ੂ ਲੜਕਿਆਂ ਦੀ ਜ਼ਿਲ੍ਹਾ ਪੱਧਰੀ ਚੈਂਪੀਅਨਸ਼ਿਪ ਵਿੱਚ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ ਸਕੂਲ ਦਾ ਨਾਂ ਰੌਸ਼ਨ ਕੀਤਾ। ਇਸ ਮੁਕਾਬਲੇ ਵਿੱਚ ਜੋਬਨਪ੍ਰੀਤ ਸਿੰਘ ਅਤੇ ਗੁਰਨੂਰ ਸਿੰਘ ਨੇ ਸੋਨੇ ਦੇ ਤਗਮੇ ਜਿੱਤ ਕੇ ਆਪਣੀ ਕਾਬਲੀਅਤ ਦਾ ਸ਼ਾਨਦਾਰ ਪ੍ਰਦਰਸ਼ਨ ਕੀਤਾ। ਇਸੇ ਤਰ੍ਹਾਂ ਵਿਹਾਨ, ਨਿਰਮਲ ਸਿੰਘ ਅਤੇ ਸੁਖਮਨਦੀਪ ਸਿੰਘ ਨੇ ਕਾਂਸੀ ਦੇ ਤਗਮੇ ਹਾਸਲ ਕਰਕੇ ਸਕੂਲ ਦੀਆਂ ਪ੍ਰਾਪਤੀਆਂ ਵਿੱਚ ਵਾਧਾ ਕੀਤਾ। ਵਿਦਿਆਰਥੀਆਂ ਦੀ ਇਸ ਸ਼ਾਨਦਾਰ ਸਫ਼ਲਤਾ ਪਿੱਛੇ ਉਨ੍ਹਾਂ ਦੀ ਮਿਹਨਤ, ਲਗਨ, ਅਨੁਸ਼ਾਸਨ ਅਤੇ ਖੇਡ ਭਾਵਨਾ ਦੀ ਅਹਿਮ ਭੂਮਿਕਾ ਰਹੀ। ਇਸ ਮਾਣਮੱਤੀ ਪ੍ਰਾਪਤੀ 'ਤੇ ਸਕੂਲ ਮੈਨੇਜਮੈਂਟ ਅਤੇ ਸਮੂਹ ਸਟਾਫ਼ ਵੱਲੋਂ ਤਗਮਾ ਜੇਤੂ ਵਿਦਿਆਰਥੀਆਂ ਨੂੰ ਦਿਲੋਂ ਵਧਾਈ ਦਿੱਤੀ ਗਈ ਅਤੇ ਉਨ੍ਹਾਂ ਦੇ ਸੁਨਹਿਰੀ ਭਵਿੱਖ ਦੀ ਕਾਮਨਾ ਕੀਤੀ ਗਈ। ਸਕੂਲ ਨੇ ਆਸ ਪ੍ਰਗਟਾਈ ਕਿ ਵਿਦਿਆਰਥੀ ਭਵਿੱਖ ਵਿੱਚ ਵੀ ਆਪਣੀ ਮਿਹਨਤ ਅਤੇ ਲਗਨ ਨਾਲ ਨਵੀਆਂ ਬੁਲੰਦੀਆਂ ਹਾਸਲ ਕਰਦੇ ਰਹਿਣਗੇ।

# ਮਾਤਾ ਹਰਦੇਈ ਨੈਸ਼ਨਲ ਕਾਲਜੀਏਟ ਸੀਨੀਅਰ ਸੈਕੰਡਰੀ ਸਕੂਲ ਸ੍ਰੀ ਮਾਛੀਵਾੜਾ ਸਾਹਿਬ ਵਿੱਖੇ ਵਿਦਿਆਰਥੀਆਂ ਨੂੰ ਐਚ ਆਈ ਵੀ (ਏਡਸ ) ਵਰਗੀ ਗੰਭੀਰ ਬਿਮਾਰੀ ਪ੍ਰਤੀ ਜਾਗਰੂਕ ਕੀਤਾ ਗਿਆ

ਸ੍ਰੀ ਮਾਛੀਵਾੜਾ ਸਾਹਿਬ :- ਦਰਸ਼ਨ ਚੌਪੜਾ, ਰਾਜੀਵ ਕੁਮਾਰ ਰੋਜ਼ੀ, ਨਰੇਸ਼ ਭਾਟੀਆ –ਸਥਾਨਕ ਮਾਤਾ ਹਰਦੇਈ ਨੈਸ਼ਨਲ ਕਾਲਜੀਏਟ ਸੀਨੀਅਰ ਸੈਕੰਡਰੀ ਸਕੂਲ ਦੇ ਵਿਦਿਆਰਥੀਆਂ ਨੂੰ ਐੱਚਆਈਵੀ/ਏਡਜ਼ ਵਰਗੀ ਗੰਭੀਰ ਬਿਮਾਰੀ ਬਾਰੇ ਜਾਗਰੂਕ ਕਰਨ ਦੇ ਉਦੇਸ਼ ਨਾਲ ਜਾਗਰੂਕਤਾ ਸੈਮੀਨਾਰ ਦਾ ਆਯੋਜਨ ਕੀਤਾ ਗਿਆ। ਇਸ ਉਪਰੰਤ ਵਿਦਿਆਰਥੀਆਂ ਵੱਲੋਂ ਜਾਗਰੂਕਤਾ ਰੈਲੀ ਵੀ ਕੱਢੀ ਗਈ ਸੈਮੀਨਾਰ ਦੌਰਾਨ ਵਿਦਿਆਰਥਣਾਂ ਨੂੰ ਐੱਚਆਈਵੀ/ਏਡਜ਼ ਦੇ ਕਾਰਨਾਂ, ਇਸ ਤੋਂ ਬਚਾਅ ਦੇ ਤਰੀਕਿਆਂ ਅਤੇ ਇਸ ਨਾਲ ਜੁੜੀਆਂ ਗਲਤ ਧਾਰਨਾਵਾਂ ਬਾਰੇ ਜਾਣਕਾਰੀ ਦਿੱਤੀ ਗਈ। ਵਿਦਿਆਰਥਣਾਂ ਨੂੰ ਸਮਝਾਇਆ ਗਿਆ ਕਿ ਸਹੀ ਜਾਣਕਾਰੀ, ਸਾਵਧਾਨੀ ਅਤੇ ਜਾਗਰੂਕਤਾ ਰਾਹੀਂ ਇਸ ਬਿਮਾਰੀ ਦੇ ਫੈਲਾਅ ਨੂੰ ਰੋਕਣ 'ਚ ਮੱਦਦ ਮਿਲ ਸਕਦੀ ਹੈ। ਇਸਦੇ ਨਾਲ ਹੀ ਐੱਚਆਈਵੀ/ਏਡਜ਼ ਨਾਲ ਜੀ ਰਹੇ ਲੋਕਾਂ ਪ੍ਰਤੀ ਸਨਮਾਨ, ਹਮਦਰਦੀ ਅਤੇ ਬਿਨਾਂ ਕਿਸੇ ਭੇਦਭਾਵ ਦੇ ਵਿਵਹਾਰ ਕਰਨ ਦਾ ਸੰਦੇਸ਼ ਵੀ ਦਿੱਤਾ ਗਿਆ।ਇਸ ਮੌਕੇ ਸ

# ਸ਼੍ਰੀਮੱਦ ਭਾਗਵਤ ਕਥਾ ਦੌਰਾਨ ਰੁਕਮਣੀ ਮੰਗਲ

## ਝਾਕੀਆਂ ਰਹੀਆਂ ਖਿੱਚ ਦਾ ਮੁੱਖ ਕੇਂਦਰ

ਸ਼੍ਰੀ ਮੁਕਤਸਰ ਸਾਹਿਬ, 10 ਅਕਤੂਬਰ (ਆਦੇਸ਼ ) ? ਸ਼੍ਰੀਮਦ ਭਾਗਵਤ ਕਥਾ ਸੁਸਾਇਟੀ ਵੱਲੋਂ ਅਜਮੇਰ ਪੈਲੇਸ ਵਿੱਚ ਆਯੋਜਿਤ ਸ਼੍ਰੀਮਦ ਭਾਗਵਤ ਕਥਾ ਦੇ ਛੇਵੇਂ ਦਿਨ ਰੁਕਮਣੀ ਮੰਗਲ ਹੋਇਆ। ਇਸ ਦੌਰਾਨ ਵੱਡੀ ਗਿਣਤੀ ਵਿੱਚ ਸ਼ਰਧਾਲੂ ਉਮੜੇ ਨਜ਼ਰ ਆਏ ਅਤੇ ਭਜਨਾਂ ਦੀ ਗੰਗਾ ਵਿੱਚ ਡੁਬਕੀਆਂ ਲਗਾਉਂਦੇ ਦਿਖਾਈ ਦਿੱਤੇ। ਰੁਕਮਣੀ ਮੰਗਲ ਦੌਰਾਨ ਭਗਵਾਨ ਕ੍ਰਿਸ਼ਨ ਅਤੇ ਰੁਕਮਣੀ ਦੀ ਝਾਕੀ ਜਿੱਥੇ ਖਿੱਚ ਦਾ ਕੇਂਦਰ ਰਹੀ, ਉੱਥੇ ਹੀ ਹੋਰ ਝਾਕੀਆਂ ਦੀ ਵੀ ਭਰਪੂਰ ਪ੍ਰਸ਼ੰਸਾ ਹੋਈ। ਇਸ ਦੌਰਾਨ ਵਿਆਹ ਸਮਾਰੋਹ ਵਰਗਾ ਮਾਹੌਲ ਬਣਿਆ ਹੋਇਆ ਸੀ ਅਤੇ ਬਰਾਤੀਆਂ ਲਈ ਵੱਖ-ਵੱਖ ਤਰ੍ਹਾਂ ਦੇ ਖਾਣ-ਪੀਣ ਦੇ ਸਟਾਲ ਵੀ ਲਗਾਏ ਗਏ ਸਨ। ਸੁਸਾਇਟੀ ਦੇ ਅਹੁਦੇਦਾਰ ਤੇ ਹੋਰ

ਸ਼ਰਧਾਲੂ ਖੂਬ ਨੱਚੇ-ਝੂਮੇ। ਕਥਾ ਵਿਆਸ ਸ਼੍ਰੀ ਅਨਿਲ ਦਾਸ ਨੇ ਪ੍ਰਵਚਨਾਂ ਦੀ ਅੰਮ੍ਰਿਤਵਰਖਾ ਦੌਰਾਨ ਰੁਕਮਣੀ ਮੰਗਲ ਦੀ ਕਥਾ ਸੁਣਾਈ। ਨਾਲ ਹੀ ਸ਼ਰਧਾਲੂਆਂ ਨੂੰ ਗਊ ਸੇਵਾ ਕਰਨ ਲਈ ਪ੍ਰੇਰਿਤ ਕੀਤਾ।

ਕਥਾ ਦੇ ਛੇਵੇਂ ਦਿਨ ਗਾਂਧੀ ਨਗਰ ਸਥਿਤ ਡੇਰਾ ਸੰਤ ਬਾਬਾ ਬੱਗੂ ਭਗਤ ਸਾਂਝਾ ਦਰਬਾਰ ਦੇ ਗੱਦੀਨਸ਼ੀਨ ਬਾਊ ਸ਼ੰਮੀ ਚਾਵਲਾ ਜੀ ਨੇ ਵਿਸ਼ੇਸ਼ ਤੌਰ @ਤੇ ਪਹੁੰਚ ਕੇ ਸ਼ਰਧਾਲੂਆਂ ਨੂੰ ਆਸ਼ੀਰਵਾਦ ਦਿੱਤਾ। ਉਨ੍ਹਾਂ ਦੇ ਨਾਲ ਅਵਤਾਰ ਚੁਘ, ਨੀਰਜ ਚਾਵਲਾ, ਅਸ਼ਵਨੀ ਗੁੰਬਰ ਵੀ ਮੌਜੂਦ ਰਹੇ। ਜਦਕਿ ਕਥਾ ਦੌਰਾਨ ਜੋਤੀ ਪ੍ਰਚੰਡ ਕਰਨ ਦੀ ਰਸਮ ਮੁੱਖ ਮਹਿਮਾਨ ਸ਼੍ਰੋਮਣੀ ਅਕਾਲੀ ਦਲ ਦੇ ਜ਼ਿਲ੍ਹਾ ਪ੍ਰਧਾਨ ਅਤੇ ਸਾਬਕਾ ਵਿਧਾਇਕ ਕੰਵਰਜੀਤ ਸਿੰਘ ਰੋਜ਼ੀ ਬਰਕੰਦੀ, ਸੰਜੀਵ ਧੂੜੀਆ, ਸੇਵਾਮੁਕਤ ਡੀ.ਟੀ.ਓ. ਗੁਰਚਰਨ ਸਿੰਘ ਸੰਧੂ ਸਮੂਹ ਪਰਿਵਾਰ, ਸੁਸਾਇਟੀ ਦੇ ਪ੍ਰਧਾਨ ਤਰਸੇਮ ਗੋਇਲ ਅਤੇ ਹੋਰਨਾਂ ਨੇ ਸੰਯੁਕਤ ਰੂਪ ਵਿੱਚ ਨਿਭਾਈ। ਮੰਚ ਸੰਚਾਲਨ ਜੀਵਨ ਸ਼ਰਮਾ ਨੇ ਕੀਤਾ। ਪ੍ਰਧਾਨ ਤਰਸੇਮ ਗੋਇਲ ਅਤੇ ਹੋਰ ਅਹੁਦੇਦਾਰਾਂ ਨੇ ਆਏ ਮਹਿਮਾਨਾਂ ਦਾ ਸਨਮਾਨ ਕੀਤਾ।

ਇਸ ਮੌਕੇ ਕੁਲਦੀਪ ਥਾਂਦੇਵਾਲਾ, ਜੱਗੂ ਸਰਪੰਚ ਸੰਗਰਾਣਾ, ਗੁੱਲੂ ਬਰੀਵਾਲਾ, ਪੱਪੂ ਸਿੰਗਲਾ, ਜੀਵਨ ਸ਼ਰਮਾ ਸੰਜੀਵ ਜਿੰਦਲ, ਭਾਰਤ ਅਗਰਵਾਲ, ਸੋਨੂੰ ਗੋਇਲ, ਸਵਿਕੀ ਗਰਗ, ਈਸ਼ਵਰ, ਹੈਪੀ ਬਾਂਸਲ, ਸੁਨੀਲ ਜੈਨ, ਅਜੈ ਕੁੱਚਲ, ਕੁਲਦੀਪ ਗੋਇਲ, ਰਾਜਨ ਬਾਂਸਲ, ਦੀਪਕਪਾਲ ਸ਼ਰਮਾ, ਪੰਡਿਤ ਆਦੇਸ਼ ਸ਼ਰਮਾ ਮੰਨੂ, ਜਗਦੀਸ਼ ਚੰਦਰ ਜੋਸ਼ੀ, ਰਾਜੂ ਸ਼ਰਮਾ, ਡਾ. ਵਿਜੇ ਭੋਲੀ, ਅਨਿਲ ਵਾਟਸ, ਡਾ. ਸੁਭਾਸ਼ ਖੁਰਾਣਾ, ਦਵਿੰਦਰ ਤਾਇਲ, ਵਰੁਣ ਕਟਾਰੀਆ ਸਮੇਤ ਵੱਡੀ ਗਿਣਤੀ ਵਿੱਚ ਸ਼ਰਧਾਲੂ ਹਾਜ਼ਰ ਸਨ।

ਫੋਟੋ ਕੈਪਸ਼ਨ ? ਮੁਕਤਸਰ ਵਿੱਚ ਸ਼੍ਰੀਮਦ ਭਾਗਵਤ ਕਥਾ ਮੌਕੇ ਜੋਤੀ ਪ੍ਰਚੰਡ ਕਰਦੇ ਹੋਏ ਮੁੱਖ ਮਹਿਮਾਨ ਕੰਵਰਜੀਤ ਸਿੰਘ ਰੋਜ਼ੀ ਬਰਕੰਦੀ ਤੇ ਹੋਰ, ਰੋਜ਼ੀ ਬਰਕੰਦੀ ਨੂੰ ਸਨਮਾਨਿਤ ਕਰਦੇ ਹੋਏ ਪ੍ਰਧਾਨ ਤਰਸੇਮ ਗੋਇਲ, ਬਾਊ ਸ਼ੰਮੀ ਚਾਵਲਾ ਜੀ ਦੇ ਨਾਲ ਸੁਸਾਇਟੀ ਦੇ ਅਹੁਦੇਦਾਰ, ਕਥਾ ਕਰਦੇ ਹੋਏ ਕਥਾ ਵਿਆਸ ਅਨਿਲ ਦਾਸ ਜੀ, ਕ੍ਰਿਸ਼ਨ-ਰੁਕਮਣੀ ਦੀ ਝਾਕੀ।

# ਖੇਡਾਂ ਵਤਨ ਪੰਜਾਬ ਦੀਆਂ 2026 ਰਗਬੀ ਖੇਡ ਲਈ ਟਰਾਇਲ 13 ਨੂੰ

ਬਠਿੰਡਾ, 10 ਅਕਤੂਬਰ :(ਰਾਣਾ ਸ਼ਰਮਾ) ਮੁੱਖ ਮੰਤਰੀ ਪੰਜਾਬ ਸਰਦਾਰ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਸੂਬਾ ਸਰਕਾਰ ਵੱਲੋਂ ਕਰਵਾਈਆਂ ਜਾ ਰਹੀਆਂ ਖੇਡਾਂ ਵਤਨ ਪੰਜਾਬ ਦੀਆਂ 2026 ਤਹਿਤ ਸੂਬੇ ਭਰ ਵਿੱਚ ਨੌਜਵਾਨਾਂ ਵੱਲੋਂ ਆਪਣੀ ਖੇਡ ਦੇ ਜੌਹਰ ਦਿਖਾਈ ਜਾ ਰਹੇ ਹਨ। ਇਸੇ ਲੜੀ ਤਹਿਤ ਜਾਣਕਾਰੀ ਦਿੰਦਿਆਂ ਜ਼ਿਲ੍ਹਾ ਖੇਡ ਅਫਸਰ ਸ. ਰੁਪਿੰਦਰ ਸਿੰਘ ਬਰਾੜ ਨੇ ਦੱਸਿਆ ਕਿ ਰਾਜ ਪੱਧਰੀ ਖੇਡਾਂ ਰਗਬੀ ਗੇਮ ਦੇ ਟਰਾਇਲ ਜੋ ਪਹਿਲਾਂ 4 ਅਕਤੂਬਰ 2026 ਨੂੰ ਰੱਖੇ ਗਏ ਸੀ, ਵਿੱਚ ਕੁਝ ਖਿਡਾਰੀ ਰਗਬੀ ਗੇਮ ਦੇ ਟਰਾਇਲ ਵਿੱਚ ਭਾਗ ਲੈਣਾ ਚਾਹੁੰਦੇ ਸੀ, ਪਰੰਤੂ ਜਾਣਕਾਰੀ ਤੋਂ ਵਾਂਝੇ ਰਹਿ ਜਾਣ ਕਰਕੇ ਟਰਾਇਲ ਵਿੱਚ ਭਾਗ ਨਹੀ ਲੈ ਸਕੇ ਸਨ। ਉਹਨਾਂ ਖਿਡਾਰੀਆਂ ਵੱਲੋਂ ਵਾਰ-ਵਾਰ ਕੀਤੀ ਜਾ ਰਹੀ ਬੇਨਤੀ ਤਹਿਤ ਟਰਾਇਲ ਹੁਣ 13 ਅਕਤੂਬਰ 2026 (ਮੰਗਲਵਾਰ) ਨੂੰ ਟਰਾਇਲ ਸਵੇਰੇ 9 ਵਜੇ ਸ਼ਹੀਦ ਭਗਤ ਸਿੰਘ ਖੇਡ ਸਟੇਡੀਅਮ ਬਠਿੰਡਾ ਵਿਖੇ ਲਏ ਜਾਣਗੇ। ਉਹਨਾਂ ਰਗਬੀ ਗੇਮ ਦੇ ਖਿਡਾਰੀਆਂ ਨੂੰ ਅਪੀਲ ਕਰਦਿਆਂ ਕਿਹਾ ਕਿ ਉਹ 13 ਅਕਤੂਬਰ ਨੂੰ ਆਪਣੇ ਟਰਾਇਲ ਦੇਣ ਲਈ ਜ਼ਰੂਰ ਪਹੁੰਚਣ।

# ਮਾਨਸਿਕ ਬਿਮਾਰੀਆਂ ਨੂੰ ਲੁਕਾਉਣ ਦੀ ਬਜਾਏ ਮਾਹਿਰ ਡਾਕਟਰ ਤੋਂ ਇਲਾਜ ਕਰਵਾਉਣਾ ਚਾਹੀਦਾ ਹੈ-ਡਾਕਟਰ ਰੀਤੀਕਾ ਸੋਫ਼ਤ

ਅਹਿਮਦਗੜ੍ਹ ,10 ਅਕਤੂਬਰ (ਕਮਲ ਅਰੋੜਾ) : — ਵਿਸ਼ਵ ਮਾਨਸਿਕ ਸਿਹਤ ਦਿਵਸ ਮੌਕੇ ਵਿਕਟੋਰੀਆ ਪਬਲਿਕ ਸਕੂਲ ਲਹਿਰਾ ਵਿੱਖੇ ਲੋਕਾਂ ਨੂੰ ਮਾਨਸਿਕ ਸਿਹਤ ਪ੍ਰਤੀ ਜਾਗਰੂਕ ਕਰਦਿਆਂ ਪ੍ਰਮੁੱਖ ਮਨੋਰੋਗ ਮਾਹਿਰ ਡਾ. ਰਿਤਿਕਾ ਸੋਫ਼ਤ ਐਮ ਬੀ ਬੀ ਐਸ ,ਐਮ ਡੀ (ਸਾਇਕੈਟਰੀ) ਨੇ ਕਿਹਾ ਕਿ ਮਾਨਸਿਕ ਬਿਮਾਰੀਆਂ ਦਾ ਸਮੇਂ ਸਿਰ ਸਹੀ ਇਲਾਜ ਕਰਵਾਉਣ ਨਾਲ ਮਰੀਜ਼ ਦੀ ਹਾਲਤ ਵਿੱਚ ਕਾਫ਼ੀ ਸੁਧਾਰ ਹੋ ਸਕਦਾ ਹੈ ਅਤੇ ਬਹੁਤ ਸਾਰੇ ਮਰੀਜ਼ ਪੂਰੀ ਤਰ੍ਹਾਂ ਸਿਹਤਯਾਬ ਵੀ ਹੋ ਸਕਦੇ ਹਨ। ਇਸ ਲਈ ਮਾਨਸਿਕ ਸਮੱਸਿਆਵਾਂ ਨੂੰ ਨਜ਼ਰਅੰਦਾਜ਼ ਕਰਨ ਦੀ ਬਜਾਏ ਮਾਹਿਰ ਡਾਕਟਰਾਂ ਦੀ ਸਲਾਹ ਲੈਣੀ ਚਾਹੀਦੀ ਹੈ।ਡਾ. ਸੋਫ਼ਤ ਨੇ ਕਿਹਾ ਕਿ ਅਜੋਕੇ ਸਮੇਂ ਦੀ ਭੱਜ-ਦੌੜ, ਵਧਦੀ ਮੁਕਾਬਲੇਬਾਜ਼ੀ ਅਤੇ ਜੀਵਨ ਦੀਆਂ ਵੱਖ-ਵੱਖ ਚੁਣੌਤੀਆਂ ਕਾਰਨ ਮਾਨਸਿਕ ਤਣਾਅ, ਚਿੰਤਾ ਅਤੇ ਡਿਪ੍ਰੈਸ਼ਨ ਵਰਗੀਆਂ ਸਮੱਸਿਆਵਾਂ ਸਾਹਮਣੇ ਆ ਰਹੀਆਂ ਹਨ। ਮਾਨਸਿਕ ਸਿਹਤ ਵੀ ਸਰੀਰਕ ਸਿਹਤ ਜਿੰਨੀ ਹੀ ਮਹੱਤਵਪੂਰਨ ਹੈ, ਪਰ ਅਕਸਰ ਲੋਕ ਸਮਾਜਿਕ ਝਿਜਕ, ਸ਼ਰਮ ਜਾਂ ਲੋਕਾਂ ਦੇ ਤਾਅਨਿਆਂ ਦੇ ਡਰ ਕਾਰਨ ਆਪਣੀਆਂ ਮਾਨਸਿਕ ਸਮੱਸਿਆਵਾਂ ਬਾਰੇ ਖੁੱਲ੍ਹ ਕੇ ਗੱਲ ਨਹੀਂ ਕਰਦੇ। ਇਸ ਕਾਰਨ ਕਈ ਵਾਰ ਸਮੱਸਿਆ ਗੰਭੀਰ ਰੂਪ ਧਾਰਨ ਕਰ ਸਕਦੀ

ਹੈ।ਉਨ੍ਹਾਂ ਕਿਹਾ ਕਿ ਮਾਨਸਿਕ ਤੌਰ 'ਤੇ ਤੰਦਰੁਸਤ ਰਹਿਣ ਲਈ ਸੰਤੁਲਿਤ ਅਤੇ ਪੌਸ਼ਟਿਕ ਖੁਰਾਕ, ਲੋੜੀਂਦੀ ਨੀਂਦ, ਨਿਯਮਤ ਸਰੀਰਕ ਕਸਰਤ, ਸੈਰ ਅਤੇ ਯੋਗਾ ਨੂੰ ਜੀਵਨ ਦਾ ਹਿੱਸਾ ਬਣਾਉਣਾ ਚਾਹੀਦਾ ਹੈ। ਇਸ ਦੇ ਨਾਲ ਹੀ ਪਰਿਵਾਰਕ ਮੈਂਬਰਾਂ ਅਤੇ ਦੋਸਤਾਂ ਨਾਲ ਆਪਣੀਆਂ ਭਾਵਨਾਵਾਂ ਸਾਂਝੀਆਂ ਕਰਨਾ ਵੀ ਮਾਨਸਿਕ ਸਿਹਤ ਲਈ ਲਾਹੇਵੰਦ ਹੋ ਸਕਦਾ ਹੈ। ਜੇਕਰ ਕਿਸੇ ਵਿਅਕਤੀ ਨੂੰ ਲੰਮੇ ਸਮੇਂ ਤੱਕ ਉਦਾਸੀ, ਬੇਚੈਨੀ, ਡਰ, ਨੀਂਦ ਦੀ ਸਮੱਸਿਆ ਜਾਂ ਰੋਜ਼ਾਨਾ ਦੇ ਕੰਮ ਕਰਨ ਵਿੱਚ ਮੁਸ਼ਕਲ ਆ ਰਹੀ ਹੋਵੇ ਤਾਂ ਉਸ ਨੂੰ ਮਾਹਿਰ ਡਾਕਟਰ ਦੀ ਸਲਾਹ ਲੈਣੀ ਚਾਹੀਦੀ ਹੈ।ਡਾ. ਰਿਤਿਕਾ ਸੋਫ਼ਤ ਨੇ ਕਿਹਾ ਕਿ ਪਹਿਲਾਂ ਮਾਨਸਿਕ ਬਿਮਾਰੀਆਂ ਬਾਰੇ ਜਾਗਰੂਕਤਾ ਦੀ ਘਾਟ ਕਾਰਨ ਕਈ ਲੋਕ ਇਨ੍ਹਾਂ ਸਮੱਸਿਆਵਾਂ ਨੂੰ ਓਪਰੀ ਕਸਰ ਜਾਂ ਪ੍ਰੇਤ-ਚੜ੍ਹੇਲ ਨਾਲ ਜੋੜ ਕੇ ਦੇਖਦੇ ਸਨ। ਇਸ ਕਾਰਨ ਮਰੀਜ਼ਾਂ ਨੂੰ ਸਮੇਂ ਸਿਰ ਡਾਕਟਰੀ ਸਹਾਇਤਾ ਨਹੀਂ ਮਿਲਦੀ ਸੀ। ਪਰ ਹੁਣ ਲੋਕਾਂ ਵਿੱਚ ਜਾਗਰੂਕਤਾ ਵਧਣ ਨਾਲ ਮਾਨਸਿਕ ਸਿਹਤ ਨੂੰ ਇੱਕ ਗੰਭੀਰ ਸਿਹਤ-ਵਿਸ਼ੇ ਵਜੋਂ ਸਮਝਣ ਦੀ ਲੋੜ 'ਤੇ ਜ਼ੋਰ ਦਿੱਤਾ ਜਾ ਰਿਹਾ ਹੈ।ਉਨ੍ਹਾਂ ਕਿਹਾ ਕਿ ਵਿਸ਼ਵ ਮਾਨਸਿਕ ਸਿਹਤ ਦਿਵਸ ਮਨਾਉਣ ਦਾ ਮੁੱਖ ਉਦੇਸ਼ ਮਾਨਸਿਕ ਸਿਹਤ ਪ੍ਰਤੀ ਜਾਗਰੂਕਤਾ ਫੈਲਾਉਣਾ, ਸਮਾਜਿਕ ਭੇਦਭਾਵ ਅਤੇ ਗ਼ਲਤ ਧਾਰਨਾਵਾਂ ਨੂੰ ਦੂਰ ਕਰਨਾ ਅਤੇ ਮਾਨਸਿਕ ਸਮੱਸਿਆਵਾਂ ਨਾਲ ਜੂਝ ਰਹੇ ਲੋਕਾਂ ਨੂੰ ਸਹਿਯੋਗ ਦੇਣਾ ਹੈ। ਇਸ ਮੌਕੇ ਸਿਹਤ ਸੰਸਥਾਵਾਂ ਅਤੇ ਵਿਦਿਅਕ ਅਦਾਰਿਆਂ ਵਿੱਚ ਜਾਗਰੂਕਤਾ ਪ੍ਰੋਗਰਾਮ ਕਰਵਾਉਣ ਦੀ ਮਹੱਤਤਾ ਵੀ ਉਜਾਗਰ ਕੀਤੀ ਜਾਂਦੀ ਹੈ।

ਅੰਤ ਵਿੱਚ ਡਾ. ਸੋਫ਼ਤ ਨੇ ਲੋਕਾਂ ਨੂੰ ਅਪੀਲ ਕੀਤੀ ਕਿ ਮਾਨਸਿਕ ਬਿਮਾਰੀ ਨੂੰ ਕਮਜ਼ੋਰੀ ਜਾਂ ਸ਼ਰਮ ਦਾ ਕਾਰਨ ਨਾ ਸਮਝਿਆ ਜਾਵੇ। ਮਾਨਸਿਕ ਸਮੱਸਿਆਵਾਂ ਨਾਲ ਜੂਝ ਰਹੇ ਵਿਅਕਤੀਆਂ ਪ੍ਰਤੀ ਹਮਦਰਦੀ, ਸਤਿਕਾਰ ਅਤੇ ਸਹਿਯੋਗ ਵਾਲਾ ਰਵੱਈਆ ਅਪਣਾਇਆ ਜਾਵੇ, ਤਾਂ ਜੋ ਉਹ ਬਿਨਾਂ ਕਿਸੇ ਝਿਜਕ ਦੇ ਇਲਾਜ ਕਰਵਾ ਕੇ ਸਿਹਤਮੰਦ ਜੀਵਨ ਬਤੀਤ ਕਰ ਸਕਣ।

# ਪ੍ਰਗਟ ਸਿੰਘ ਨਾਲ ਪਾਲ ਸਿੰਘ ਗਰੇਵਾਲ ਦੀ ਮੁਲਾਕਾਤ ਨੇ ਹਲਕਾ ਸਾਹਨੇਵਾਲ ਦੀ ਸਿਆਸਤ ਵਿੱਚ ਛੇੜੀ ਚਰਚਾ

ਸਰਬਜੀਤ ਸੂਫ਼ੀ ਸਾਹਨੇਵਾਲ ਪੰਜਾਬ ਪ੍ਰਦੇਸ਼ ਕਾਂਗਰਸ ਕਮੇਟੀ ਦੇ ਨਵੇਂ ਬਣੇ ਪ੍ਰਧਾਨ ਪ੍ਰਗਟ ਸਿੰਘ ਨਾਲ ਸਾਬਕਾ ਚੇਅਰਮੈਨ ਸ. ਪਾਲ ਸਿੰਘ ਗਰੇਵਾਲ ਦੀ ਮੁਲਾਕਾਤ ਨੇ ਹਲਕਾ ਸਾਹਨੇਵਾਲ

ਦੀ ਸਿਆਸਤ ਵਿੱਚ ਨਵੀਂ ਚਰਚਾ ਛੇੜ ਦਿੱਤੀ ਹੈ। ਜਾਣਕਾਰੀ ਅਨੁਸਾਰ, ਸ. ਪਾਲ ਸਿੰਘ ਗਰੇਵਾਲ ਨੇ ਪ੍ਰਗਟ ਸਿੰਘ ਨਾਲ ਮੁਲਾਕਾਤ ਕਰਕੇ ਉਨ੍ਹਾਂ ਨੂੰ ਨਵੀਂ ਜ਼ਿੰਮੇਵਾਰੀ ਮਿਲਣ 'ਤੇ ਵਧਾਈ ਦਿੱਤੀ। ਇਸ ਮੌਕੇ ਦੋਵਾਂ ਆਗੂਆਂ ਵਿਚਕਾਰ ਹਲਕਾ ਸਾਹਨੇਵਾਲ ਦੀ ਮੌਜੂਦਾ ਰਾਜਨੀਤਕ ਸਥਿਤੀ ਅਤੇ ਮਿਸ਼ਨ 2027 ਨੂੰ ਲੈ ਕੇ ਵਿਚਾਰ-ਵਟਾਂਦਰਾ ਹੋਣ ਦੀ ਗੱਲ ਸਾਹਮਣੇ ਆਈ ਹੈ।

ਇਸ ਮੁਲਾਕਾਤ ਨੂੰ ਹਲਕਾ ਸਾਹਨੇਵਾਲ ਦੇ ਕਾਂਗਰਸੀ ਸਿਆਸੀ ਹਲਕਿਆਂ ਵਿੱਚ ਅਹਿਮੀਅਤ ਨਾਲ ਦੇਖਿਆ ਜਾ ਰਿਹਾ ਹੈ। ਖ਼ਾਸ ਕਰਕੇ 2027 ਦੀਆਂ ਪੰਜਾਬ ਵਿਧਾਨ ਸਭਾ ਚੋਣਾਂ ਦੇ ਮੱਦੇਨਜ਼ਰ ਕਾਂਗਰਸ ਦੀ ਹਲਕਾ ਪੱਧਰ 'ਤੇ ਰਣਨੀਤੀ, ਜਥੇਬੰਦਕ ਮਜ਼ਬੂਤੀ ਅਤੇ ਆਗੂਆਂ ਦੀ ਭੂਮਿਕਾ ਬਾਰੇ ਚਰਚਾਵਾਂ ਤੇਜ਼ ਹੋਣ ਦੀ ਸੰਭਾਵਨਾ ਹੈ।

ਸ. ਪਾਲ ਸਿੰਘ ਗਰੇਵਾਲ ਅਤੇ ਪ੍ਰਗਟ ਸਿੰਘ ਦੀ ਇਸ ਮੁਲਾਕਾਤ ਤੋਂ ਬਾਅਦ ਰਾਜਨੀਤਕ ਹਲਕਿਆਂ ਵਿੱਚ ਇਹ ਸਵਾਲ ਵੀ ਚਰਚਾ ਦਾ ਵਿਸ਼ਾ ਬਣਿਆ ਹੋਇਆ ਹੈ ਕਿ ਆਉਣ ਵਾਲੇ ਸਮੇਂ ਵਿੱਚ ਹਲਕਾ ਸਾਹਨੇਵਾਲ ਅੰਦਰ ਕਾਂਗਰਸ ਦੀ ਸਰਗਰਮੀ ਕਿਹੜਾ ਰੂਪ ਧਾਰਨ ਕਰੇਗੀ ਅਤੇ ਮਿਸ਼ਨ 2027 ਲਈ ਪਾਰਟੀ ਦੀ ਸਥਾਨਕ ਰਣਨੀਤੀ ਕੀ ਹੋਵੇਗੀ।

ਹਾਲਾਂਕਿ, ਇਸ ਮੁਲਾਕਾਤ ਦੌਰਾਨ ਹੋਈ ਚਰਚਾ ਦੇ ਵੇਰਵਿਆਂ ਜਾਂ ਭਵਿੱਖ ਦੀ ਰਾਜਨੀਤਕ ਰਣਨੀਤੀ ਬਾਰੇ ਦੋਵਾਂ ਆਗੂਆਂ ਵੱਲੋਂ ਕਿਸੇ ਅਧਿਕਾਰਤ ਬਿਆਨ ਦੀ ਪੁਸ਼ਟੀ ਹੋਣੀ ਬਾਕੀ ਹੈ। ਫਿਲਹਾਲ, ਇਸ ਮੁਲਾਕਾਤ ਨੇ ਹਲਕਾ ਸਾਹਨੇਵਾਲ ਦੀ ਕਾਂਗਰਸੀ ਸਿਆਸਤ ਵਿੱਚ ਚਰਚਾ ਦਾ ਮਾਹੌਲ ਜ਼ਰੂਰ ਪੈਦਾ ਕਰ ਦਿੱਤਾ ਹੈ।

# ਵਿਧਾਇਕ ਅਜੀਤਪਾਲ ਸਿੰਘ ਕੋਹਲੀ ਵੱਲੋਂ 20 ਲੱਖ ਰੁਪਏ ਦੀ ਲਾਗਤ ਨਾਲ ਬਣਨ ਵਾਲੇ ਤ੍ਰਿਸ਼ੂਲ ਚੌਕ ਦਾ ਰੱਖਿਆ ਨੀਂਹ ਪੱਥਰ

ਪਟਿਆਲਾ , 10 ਅਕਤੂਬਰ: ਪਟਿਆਲਾ ਸ਼ਹਿਰ ਦੇ ਵਿਧਾਇਕ ਸ੍ਰੀ ਅਜੀਤਪਾਲ ਸਿੰਘ ਕੋਹਲੀ ਨੇ ਅੱਜ ਭੂਤ ਨਾਥ ਮੰਦਰ ਸਨੌਰੀ ਅੱਡਾ ਵਿਖੇ 20ਲੱਖ ਦੀ ਲਾਗਤ ਨਾਲ ਬਣਨ ਵਾਲੇ ਤਿਸ਼ੂਲ ਚੌਕ ਦਾ ਉਦਘਾਟਨ ਕੀਤਾ। ਇਸ ਮੌਕੇ ਉਨ੍ਹਾਂ ਕਿਹਾ ਕਿ ਸ਼ਹਿਰ ਦੇ ਵਿਕਾਸ ਕਾਰਜਾਂ ਨੂੰ ਲਗਾਤਾਰ ਅੱਗੇ ਵਧਾਇਆ ਜਾ ਰਿਹਾ ਹੈ ਅਤੇ ਲੋਕਾਂ ਨੂੰ ਬਿਹਤਰ ਬੁਨਿਆਦੀ ਸਹੂਲਤਾਂ ਮੁਹੱਈਆ ਕਰਵਾਉਣਾ ਮੁੱਖ ਤਰਜੀਹ ਹੈ। ਉਹਨਾਂ ਕਿਹਾ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਸਾਰੇ ਧਰਮਾ ਦਾ ਬਰਾਬਰ ਸਤਿਕਾਰ ਕਰਦੀ ਹੈ !ਉਹਨਾਂ ਕਿਹਾ ਕਿ ਮੰਦਰ ਕਮੇਟੀ ਦੀ ਬੜੇ ਲੰਮੇ ਸਮੇ ਤੋਂ ਤਿਸ਼ੂਲ ਚੌਕ ਬਣਾਉਣ ਦੀ ਮੰਗ ਅੱਜ ਪੂਰੀ ਹੋ ਗਈ ਹੈ ਲੋਕ ਨਿਰਮਾਣ ਵਿਭਾਗ ਵੱਲੋਂ ਇਸ ਚੌਕ ਉਸਾਰੀ ਕੀਤੀ ਜਾਵੇਗੀ! ਮੌਕੇ ਐਕਸੀਅਨ ਸ੍ਰੀ ਪਿਯੂਸ਼ ਅਗਰਵਾਲ ਅਤੇ ਹੋਰ ਅਧਿਕਾਰੀ ਵੀ

ਮੌਜੂਦ ਸਨ।ਵਿਧਾਇਕ ਸ੍ਰੀ ਅਜੀਤਪਾਲ ਸਿੰਘ ਕੋਹਲੀ ਨੇ ਕਿਹਾ ਕਿ ਪਟਿਆਲਾ ਸ਼ਹਿਰ ਦੇ ਸਰਬਪੱਖੀ ਵਿਕਾਸ ਲਈ ਲੋਕਾਂ ਦੀਆਂ ਲੋੜਾਂ ਅਨੁਸਾਰ ਵਿਕਾਸ ਕਾਰਜ ਜਾਰੀ ਰੱਖੇ ਜਾਣਗੇ, ਤਾਂ ਜੋ ਸ਼ਹਿਰ ਵਾਸੀਆਂ ਨੂੰ ਬਿਹਤਰ ਸਹੂਲਤਾਂ ਮਿਲ ਸਕਣ। ਇੱਸ ਮੌਕੇਪੀ ਏ ਰਾਹੁਲ, ਸੁਧਾਰ ਸਭਾ ਪ੍ਰਾਚੀਨ ਮੰਦਰ ਸ਼੍ਰੀ ਭੂਤ ਨਾਥ ਦੇ ਪ੍ਰਧਾਨ ਵਰਿੰਦਰ ਖੰਨਾ ਵਾਇਸ ਪ੍ਰਧਾਨ ਸੁਸ਼ੀਲ ਨਿਆਰ ਚੇਅਰਮੈਨ ਪਵਨ ਸਿੰਗਲਾ,ਪ੍ਰਥਮ ਸ਼ਰਮਾ ਧੀਰਜ ਗੋਇਲ ਅਤੇ ਹੋਰ ਆਗੂ ਇਸ ਮੌਕੇ ਹਾਜ਼ਰ ਸਨ!

# ਵਿਜੀਲੈਂਸ ਬਿਊਰੋ ਨੇ ਏ.ਐਸ.ਆਈ. ਨੂੰ 80,000 ਰੁਪਏ ਰਿਸ਼ਵਤ ਲੈਂਦਿਆਂ ਰੰਗੇ ਹੱਥੀਂ ਕੀਤਾ ਕਾਬੂ

ਫਰੀਦਕੋਟ 10 ਅਕਤੂਬਰ ( ਸਤੀਸ਼ ਕੁਮਾਰ ਫਰੀਦਕੋਟ ) ਪੰਜਾਬ ਵਿਜੀਲੈਂਸ ਬਿਊਰੋ ਨੇ ਸੂਬੇ ਵਿੱਚ ਭ੍ਰਿਸ਼ਟਾਚਾਰ ਵਿਰੁੱਧ ਚੱਲ ਰਹੀ ਮੁਹਿੰਮ ਦੌਰਾਨ, ਥਾਣਾ ਸਦਰ ਫਰੀਦਕੋਟ ਵਿਖੇ ਤਾਇਨਾਤ ਸਹਾਇਕ ਸਬ-ਇੰਸਪੈਕਟਰ ਗੁਰਬਖਸ਼ ਸਿੰਘ ਨੂੰ 80,000 ਰੁਪਏ ਰਿਸ਼ਵਤ ਲੈਂਦਿਆਂ ਰੰਗੇ ਹੱਥੀਂ ਕਾਬੂ ਕੀਤਾ ਹੈ। ਇੱਥੇ ਇਸ ਬਾਰੇ ਜਾਣਕਾਰੀ ਦਿੰਦਿਆਂ ਸਟੇਟ ਵਿਜੀਲੈਂਸ ਬਿਊਰੋ ਦੇ ਇੱਕ ਅਧਿਕਾਰਤ ਬੁਲਾਰੇ ਨੇ ਦੱਸਿਆ ਕਿ ਉਕਤ ਮੁਲਜ਼ਮ ਨੂੰ ਜ਼ਿਲ੍ਹਾ ਫਰੀਦਕੋਟ ਦੇ ਪਿੰਡ ਘੁਗਿਆਣਾ ਦੇ ਇੱਕ ਵਸਨੀਕ ਵੱਲੋਂ ਦਰਜ ਕਰਵਾਈ ਗਈ ਸ਼ਿਕਾਇਤ ਦੇ ਆਧਾਰ @ਤੇ ਗ੍ਰਿਫ਼ਤਾਰ ਕੀਤਾ ਗਿਆ ਹੈ। ਉਨ੍ਹਾਂ ਦੱਸਿਆ ਕਿ ਸ਼ਿਕਾਇਤਕਰਤਾ ਨੇ ਦੋਸ਼ ਲਾਇਆ ਸੀ ਕਿ

# ਫਾਜ਼ਿਲਕਾ ਦੇ ਵਿਧਾਇਕ ਨੇ ਹਲਕੇ ਦੇ ਵੱਖ-ਵੱਖ ਪਿੰਡਾਂ 'ਚ ਵਿਕਾਸ ਦੇ ਕੰਮਾਂ ਦੇ ਕੀਤੇ ਉਦਘਾਟਨ

**ਫਾਜ਼ਿਲਕਾ 10 ਅਕਤੂਬਰ (ਮਨੋਜ ਕੁਮਾਰ)**-ਫਾਜ਼ਿਲਕਾ ਦੇ ਵਿਧਾਇਕ ਨਰਿੰਦਰਪਾਲ ਸਿੰਘ ਸਵਨਾ ਵਲੋਂ ਪਿੰਡ ਪੱਟੀ ਪੂਰਨ ਵਿਖੇ ਤਿਆਰ ਕੀਤੀ ਇੰਟਰਲੌਕ ਗਲੀਆਂ ਤੇ ਨਾਲੀਆਂ ਅਤੇ ਪਿੰਡ ਤੋਂ ਢਾਣੀ ਅਜਾਦ ਸਿੰਘ ਤਕ ਪੀਣ ਵਾਲੇ ਪਾਣੀ ਦੀ ਪਾਈਪ ਲਾਈਨ ਦਾ ਕੀਤਾ ਗਿਆ ਉਦਘਾਟਨ ਕੀਤਾ ਇਸ ਤੋਂ ਬਾਅਦ ਉਨ੍ਹਾਂ ਪਿੰਡ ਅਭੁੱਨ ਵਿਖੇ 10 ਲੱਖ ਦੀ ਲਾਗਤ ਨਾਲ ਇੰਟਰਲਾਕ ਟਾਈਲ ਨਾਲ ਤਿਆਰ ਕੀਤੀ ਫਿਰਨੀ ਦਾ ਵੀ ਉਦਘਾਟਨ ਕੀਤਾ।

ਇਸ ਮੌਕੇ ਬੋਲਦਿਆਂ ਵਿਧਾਇਕ ਨਰਿੰਦਰਪਾਲ ਸਿੰਘ ਸਵਨਾ ਨੇ ਕਿਹਾ ਕਿ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਸੂਬੇ ਦੇ ਵਿਕਾਸ ਲਈ ਨਿਰੰਤਰ ਯਤਨਸ਼ੀਲ ਹੈ ਤੇ ਪੰਜਾਬ ਸਰਕਾਰ ਵੱਲੋਂ ? ਵਿਕਾਸ ਕਾਰਜਾਂ ਲਈ ਫੰਡਾਂ ਦੀ ਝੜੀ ਲਗਾ ਦਿੱਤੀ ਗਈ ਹੈ। ਉਨ੍ਹਾਂ ਕਿਹਾ ਪਿੰਡਾਂ ਵਿੱਚ ਜਿੱਥੇ ਨਵੀਆਂ ਸੜਕਾਂ ਬਣਾਈਆਂ ਜਾ ਰਹੀਆਂ ਹਨ ਉੱਥੇ ਹੀ ਪਿੰਡਾਂ ਤੇ ਢਾਣੀਆਂ ਵਿੱਚ ਪੀਣ ਵਾਲੇ ਪਾਣੀ ਅਤੇ ਗੰਦੇ ਨਾਲੀ ਦੇ ਨਿਕਾਸੀ ਦੇ ਕੰਮ ਵੀ ਕਰਵਾਏ ਜਾ ਰਹੇ ਹਨ। ਉਨ੍ਹਾਂ ਕਿਹਾ ਕਿ ਇਹ ਇਨ੍ਹਾਂ ਪਿੰਡ ਵਾਸੀਆਂ ਦੀ ਅੱਜ ਮੰਗ ਪੂਰੀ ਕੀਤੀ ਗਈ ਹੈ ਤੇ ਆਉਣ ਵਾਲੇ ਸਮੇਂ ਹੋਰ ਵੀ ਮੰਗਾਂ ਪੂਰੀਆਂ ਕੀਤੀਆਂ ਜਾਣਗੀਆਂ। ਉਨ੍ਹਾਂ ਕਿਹਾ ਕਿ ਸਰਕਾਰ ਨੇ ਜੋ ਗਰੰਟੀਆਂ ਕੀਤੀਆਂ ਸਨ ਉਹ ਸਾਰੀਆਂ ਪੂਰੀਆਂ ਕੀਤੀਆਂ ਹੈ ਤੇ ਪਿੰਡ ਵਾਸੀ ਹੋਰ ਵੀ ਜੋ ਸੜਕਾਂ ਬਣਵਾਉਣ ਦੀ ਮੰਗ ਕੀਤੀ ਹੈ ਉਹ ਲਾਗਤ ਨਾਲ ਪਿੰਡ ਦੀ ਇੰਟਰਲਾਕ ਟਾਈਲ ਨਾਲ ਫਿਰਨੀ ਤਿਆਰ ਕੀਤੀ ਗਈ ਹੈ ਤੇ ਅੱਜ ਪਿੰਡ ਵਾਸੀਆਂ ਦੀ ਮੰਗ ਪੂਰੀ ਕਰਦੇ ਹੋਏ ਇਸ ਕਾਰਜ ਦਾ ਉਦਘਾਟਨ ਕਰ ਦਿੱਤਾ ਗਿਆ ਹੈ। ਉਨ੍ਹਾਂ ਪਿੰਡ ਵਾਸੀਆਂ ਨੂੰ ਵਧਾਈ ਦਿੰਦਿਆਂ ਕਿਹਾ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਵਿੱਚ ਨਿਰੰਤਰ ਪਿੰਡਾਂ ਤੇ ਸ਼ਹਿਰਾਂ ਵਿੱਚ ਵਿਕਾਸ ਦੇ ਕਾਰਜ ਜਾਰੀ ਹਨ ਤੇ ਅੱਗੇ ਵੀ ਇਹ ਵਿਕਾਸ ਕਾਰਜ ਜਾਰੀ ਰਹਿਣਗੇ।

ਇਸ ਮੌਕੇ ਪਿੰਡ ਦੇ ਸਰਪੰਚ, ਪੰਚ, ਮੈਂਬਰ, ਅਤੇ ਵੱਖ ਵੱਖ ਆਹੁਦੇਦਾਰ ਹਾਜ਼ਰ ਸਨ।

# ਕੋਟਕਪੂਰਾ 'ਚ 14 ਅਕਤੂਬਰ ਨੂੰ ਬੱਤੀਆਂ ਵਾਲੇ ਚੌਕ ਵਿਖੇ ਮਨਾਇਆ ਜਾਵੇਗਾ 'ਲਾਹਨਤ ਦਿਹਾੜਾ'

**ਫ਼ਰੀਦਕੋਟ 10 ਅਕਤੂਬਰ ( ਸਤੀਸ਼ ਕੁਮਾਰ ਫਰੀਦਕੋਟ )** ਅਕਾਲੀ ਦਲ ਵਾਰਿਸ ਪੰਜਾਬ ਦੇ ਫ਼ਰੀਦਕੋਟ ਜਥੇਬੰਦੀ ਦੀ ਇੱਕ ਅਹਿਮ ਮੀਟਿੰਗ ਸੀਨੀਅਰ ਆਗੂ ਮਨਪ੍ਰੀਤ ਸਿੰਘ ਭੋਲੂਵਾਲਾ ਦੀ ਅਗਵਾਈ ਹੇਠ ਅਵਤਾਰ ਸਿੰਘ ਪੂਰਨ ਸਿੰਘ ਸ਼ੈਲਰ, ਭੋਲੂਵਾਲਾ ਰੋਡ ਵਿਖੇ ਹੋਈ। ਇਸ ਮੌਕੇ ਪਾਰਟੀ ਦੀ ਚੜ੍ਹਦੀ ਕਲਾ, ਜਥੇਬੰਦੀ ਦੀ ਮਜ਼ਬੂਤੀ ਅਤੇ ਪੰਥਕ ਵਿਚਾਰਧਾਰਾ ਨੂੰ ਹੋਰ ਮਜ਼ਬੂਤ ਕਰਨ ਸਬੰਧੀ ਵਿਸਥਾਰਪੂਰਵਕ ਵਿਚਾਰ-ਚਰਚਾ ਕੀਤੀ ਗਈ।

ਮੀਟਿੰਗ ਦੌਰਾਨ 14 ਅਕਤੂਬਰ 2015 ਨੂੰ ਵਾਪਰੀਆਂ ਬੇਅਦਬੀ ਦੀਆਂ ਘਟਨਾਵਾਂ ਅਤੇ ਉਸ ਸਮੇਂ ਦੇ ਸਰਕਾਰੀ ਜਬਰ ਦੀ ਯਾਦ ਵਿੱਚ 'ਦਰਬਾਰ-ਏ-ਖ਼ਾਲਸਾ' ਵੱਲੋਂ ਹਰ ਸਾਲ ਮਨਾਏ ਜਾਂਦੇ ਲਾਹਨਤ ਦਿਹਾੜੇ ਸਬੰਧੀ ਵਿਚਾਰ-ਵਟਾਂਦਰਾ ਕੀਤਾ ਗਿਆ। ਇਸ ਮੌਕੇ ਸਮੂਹ ਹਾਜ਼ਰ ਮੈਂਬਰਾਂ ਨੂੰ ਆਪਣੇ-ਆਪਣੇ ਜਥਿਆਂ ਸਮੇਤ 14 ਅਕਤੂਬਰ ਨੂੰ ਸਵੇਰੇ 5 ਵਜੇ ਅੰਮ੍ਰਿਤ ਵੇਲੇ ਹੋਣ ਵਾਲੇ ਨਿੱਤਨੇਮ ਵਿੱਚ ਸ਼ਮੂਲੀਅਤ ਕਰਨ ਦੀ ਅਪੀਲ ਕੀਤੀ ਗਈ, ਤਾਂ ਜੋ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਸਤਿਕਾਰ ਅਤੇ ਬੇਅਦਬੀ ਦੇ ਮਾਮਲਿਆਂ ਵਿੱਚ ਇਨਸਾਫ਼ ਦੀ ਆਵਾਜ਼ ਨੂੰ ਬੁਲੰਦ ਕੀਤਾ ਜਾ ਸਕੇ। ਇਸ ਮੌਕੇ ਨਛੱਤਰ ਸਿੰਘ ਦਬੜੀਖਾਨਾ (ਜ਼ਿਲਾ ਪ੍ਰਧਾਨ ) , ਹਰਪਿੰਦਰ ਸਿੰਘ ਕੋਟਕਪੂਰਾ (ਦਰਬਾਰ-ਏ-ਖ਼ਾਲਸਾ ਜਥੇਬੰਦੀ), ਕਰਨਵੀਰ ਸਿੱਧੂ (ਸੈਕਟਰੀ, ਲੀਗਲ ਸੈੱਲ ਪੰਜਾਬ), ਜਗਜੀਵਨ ਸਿੰਘ ਸੰਧੂ (ਸਾਬਕਾ ਸਰਪੰਚ, ਹਰਦਿਆਲਿਆਣਾ), ਸਿਮਰਪਾਲ ਸੰਧੂ ਅਰਾਈਆਂਵਾਲਾ, ਮਿੰਟੂ ਦੀਪ ਸਿੰਘ ਵਾਲਾ, ਸੁਖਪਾਲ ਮੁਮਾਰਾ, ਗੁਰਦਿੱਤ ਸਿੰਘ ਸੇਖੋਂ ਹਰੀਏਵਾਲਾ, ਲਾਲਜੀਤ ਸਿੰਘ ਝੋਟੀਵਾਲਾ, ਬਲਜੀਤ ਸਿੰਘ ਖ਼ਾਲਸਾ ਨਵਾਂ ਕਿਲਾ, ਕੁਲਦੀਪ ਸਿੰਘ ਖ਼ਾਲਸਾ, ਸੁਖਚੈਨ, ਸੇਮਲ ਪਹਿਲੂਵਾਲਾ, ਪ੍ਰਭਜੋਤ ਸਿੰਘ, ਅੰਮ੍ਰਿਤਬੀਰ ਸਿੰਘ, ਕੁਲਦੀਪ ਬਰਾੜ, ਜਸਪ੍ਰੀਤ ਭੋਲਾ, ਰਾਜਵੀਰ ਸਿੰਘ ਗੋਲੇਵਾਲਾ, ਅਮਗੀਕ ਸਿੰਘ, ਗੁਰਜੰਟ ਸਿੰਘ, ਅਮਗੀਕ ਸਿੰਘ ਚਾੜੀਵਾਲਾ, ਜਸਵੰਤ ਸਿੰਘ ਟੀਚਰ ਕਲੋਨੀ, ਸੁਖਵਿੰਦਰ ਸਿੰਘ ਮਾਲ੍ਹਾ, ਮਨਪ੍ਰੀਤ ਸਿੰਘ, ਸੇਵਕ ਸਿੰਘ ਪਿੱਪਲੀ, ਵੀਰ ਸਿੰਘ ਕੋਟਕਪੂਰਾ ਅਤੇ ਹਰਨਾਮ ਸਿੰਘ ਬੁਰਜਵਾਰਸਿੰਘਵਾਲਾ ਸਮੇਤ ਹੋਰ ਸਾਥੀ ਹਾਜ਼ਰ ਸਨ। ਇਸ ਮੌਕੇ ਬੁਲਾਰਿਆਂ ਵਜੋਂ ਮਨਪ੍ਰੀਤ ਸਿੰਘ ਭੋਲੂਵਾਲਾ, ਹਰਪਿੰਦਰ ਸਿੰਘ ਕੋਟਕਪੂਰਾ, ਨਛੱਤਰ ਸਿੰਘ ਦਬੜੀਖਾਨਾ , ਕੁਲਦੀਪ ਸਿੰਘ ਬਰਾੜ, ਜਗਜੀਵਨ ਸਿੰਘ ਸੰਧੂ, ਕੁਲਦੀਪ ਸਿੰਘ ਖ਼ਾਲਸਾ, ਗੁਰਦਿੱਤ ਸਿੰਘ ਸੇਖੋਂ ਹਰੀਏਵਾਲਾ ਅਤੇ ਸਿਮਰ ਪਹਿਲੂਵਾਲਾ , ਮਿੰਟੂ ਡੀਪ ਸਿੰਘ ਵਾਲਾ ਨੇ ਆਪਣੇ ਵਿਚਾਰ ਪੇਸ਼ ਕੀਤੇ।

## ਪਿੰਡ ਆਲੋਅਰਖ ਵਿਖੇ ਲਗਾਇਆ ਟੀ. ਬੀ. ਸਬੰਧੀ ਜਾਗਰੂਕ ਕੈਂਪ

**ਭਵਾਨੀਗੜ੍ਹ, 10 ਅਕਤੂਬਰ ( ਹੈਪੀ ਸ਼ਰਮਾ )**-ਪਿੰਡ ਆਲੋਅਰਖ ਵਿਖੇ ਲੋਕਾਂ ਨੂੰ ਟੀ. ਬੀ. (ਤਪਦਿਕ) ਦੀ ਬਿਮਾਰੀ ਪ੍ਰਤੀ ਜਾਗਰੂਕ ਕਰਨ ਲਈ ਕੈਂਪ ਲਗਾਇਆ ਗਿਆ। ਇਸ ਮੌਕੇ ਕਮਿਊਨਿਟੀ ਹੈਲਥ ਅਫਸਰ ਮਨਪ੍ਰੀਤ ਕੌਰ ਵੱਲੋਂ ਲੋਕਾਂ ਨੂੰ ਟੀ. ਬੀ. ਦੇ ਲੱਛਣਾਂ, ਬਚਾਅ, ਜਾਂਚ ਅਤੇ ਇਲਾਜ ਸਬੰਧੀ ਵਿਸਥਾਰਪੂਰਵਕ ਜਾਣਕਾਰੀ ਦਿੱਤੀ ਗਈ। ਉਹਨਾਂ ਦੱਸਿਆ ਕਿ ਟੀ.ਬੀ. ਇੱਕ ਇਲਾਜਯੋਗ ਬਿਮਾਰੀ ਹੈ ਅਤੇ ਸਮੇਂ ਸਿਰ ਪਛਾਣ ਕਰਕੇ ਪੂਰਾ ਇਲਾਜ ਕਰਵਾਉਣ ਨਾਲ ਮਰੀਜ਼ ਠੀਕ ਹੋ ਸਕਦਾ ਹੈ। ਦਵਾਈਆਂ ਡਾਕਟਰੀ ਸਲਾਹ ਅਨੁਸਾਰ ਲੈਣੀਆਂ ਬਹੁਤ ਜ਼ਰੂਰੀ ਹਨ। ਇਸ ਮੌਕੇ ਪ੍ਰੇਮ ਕੁਮਾਰ ਹੈਲਥ ਵਰਕਰ ਬਲਜਿੰਦਰ ਸਿੰਘ, ਮੁਹੰਮਦ ਰਿਜਵਾਨ ਰੇਡੀਓਗਰਾਫਰ ਆਸ਼ਾ ਫੈਸਲੀਟੇਟਰ ਮਨਪ੍ਰੀਤ ਕੌਰ, ਆਸ਼ਾ ਸੀਮਾ ਰਾਣੀ ਹਾਜ਼ਰ ਸਨ।

# ਜਗਰਾਉਂ ਦੀ ਸਿਆਸਤ 'ਚ ਵਿਜੈ ਦਾਨਵ ਦੀ ਸਰਗਰਮੀ ਤੇਜ਼, ਡੋਰ-ਟੂ-ਡੋਰ ਮੁਹਿੰਮ ਰਾਹੀਂ ਲੋਕਾਂ ਨਾਲ ਜੋੜਿਆ ਨਾਤਾ

**ਲੋਕਾਂ ਦੇ ਸਹਿਯੋਗ ਨਾਲ ਪੰਜਾਬ 'ਚ ਮੁੜ 'ਆਪ' ਦੀ ਸਰਕਾਰ ਬਣੇਗੀ: ਵਿਜੈ ਦਾਨਵ**

**ਜਗਰਾਉਂ, 10 ਅਕਤੂਬਰ (ਜਗਦੀਪ ਸਿੰਘ):** ਭਗਵੰਤ ਸਿੰਘ ਮਾਨ ਦੀ ਯੋਗ ਅਗਵਾਈ ਵਾਲੀ ਸਰਕਾਰ ਨੇ ਆਪਣੇ ਕਾਰਜਕਾਲ ਵਿਚ ਪੰਜਾਬ ਦੇ ਲੋਕਾਂ ਨਾਲ ਕੀਤੇ ਸਾਰੇ ਵਾਅਦੇ ਪੂਰੇ ਕੀਤੇ ਹਨ ਅਤੇ ਇਸ ਲਈ ਆਮ ਆਦਮੀ ਪਾਰਟੀ ਨੂੰ ਪੰਜਾਬ ਦੀ ਜਨਤਾ ਦਾ ਭਰਪੂਰ ਸਮਰਥਨ ਮਿਲ ਰਿਹਾ ਹੈ। ਇਨ੍ਹਾਂ ਸ਼ਬਦਾਂ ਦਾ ਪ੍ਰਗਟਾਵਾ ਆਮ ਆਦਮੀ ਪਾਰਟੀ ਦੇ ਸੀਨੀਅਰ ਆਗੂ ਅਤੇ ਦਲਿਤ ਵਿਕਾਸ ਬੋਰਡ ਦੇ ਚੇਅਰਮੈਨ ਵਿਜੈ ਦਾਨਵ ਜਗਰਾਉਂ ਵਿਖੇ ਡੋਰ ਟੂ ਡੋਰ ਮੁਹਿੰਮ ਦਾ ਆਗਾਜ਼ ਕਰਦੇ ਹੋਏ ਕੀਤਾ। ਉਨ੍ਹਾਂ ਵਲੋਂ ਇਹ ਡੋਰ ਟੂ ਡੋਰ ਮੁਹਿੰਮ ਸਥਾਨਕ ਰੇਲਵੇ ਸਟੇਸ਼ਨ ਤੋਂ ਕਮਲ ਚੌਕ ਤੱਕ ਕੀਤੀ ਗਈ ਜਿਸ ਵਿਚ ਉਨ੍ਹਾਂ ਨੂੰ ਸ਼ਹਿਰ ਵਾਸੀਆਂ ਦਾ ਭਰਵਾਂ ਸਮਰਥਨ ਮਿਲਿਆ ਅਤੇ ਵੱਖ ਵੱਖ ਥਾਵਾਂ ਉਤੇ ਵਿਜੈ ਦਾਨਵ ਨੂੰ ਸਨਮਾਨਿਤ ਵੀ ਕੀਤਾ ਗਿਆ ਜਿਸ ਨੇ ਵਿਜੈ ਦਾਨਵ ਦੀ ਜਗਰਾਉਂ ਤੋਂ ਦਾਅਵੇਦਾਰੀ ਨੂੰ ਹੋਰ ਮਜ਼ਬੂਤ ਕੀਤਾ। ਇਸ ਮੌਕੇ ਗੱਲਬਾਤ ਕਰਦੇ ਹੋਏ ਵਿਜੈ ਦਾਨਵ ਨੇ ਦੱਸਿਆ ਕਿ ਪਾਰਟੀ ਸੁਪਰੀਮੋ ਅਰਵਿੰਦ ਕੇਜਰੀਵਾਲ, ਮੁੱਖ ਮੰਤਰੀ ਭਗਵੰਨ ਮਾਨ ਤੇ ਪੰਜਾਬ ਪ੍ਰਭਾਰੀ ਮਨੀਸ਼ ਸਿਸੋਦੀਆ ਤੇ ਦਿਸ਼ਾ ਨਿਰਦੇਸ਼ਾਂ 'ਤੇ ਪਾਰਟੀ ਵਲੋਂ ਇਹ ਮੁਹਿੰਮ ਚਲਾਈ ਗਈ ਜਿਸ ਤਹਿਤ ਪੌਣੇ ਪੰਜ ਸਾਲ ਵਿਚ ਸਰਕਾਰ ਦੁਆਰਾ ਕੀਤੇ ਗਏ ਕੰਮਾਂ ਤੇ ਸਰਕਾਰ ਦੀਆਂ ਯੋਜਨਾਵਾਂ ਨੂੰ ਆਮ ਜਨਤਾ ਤੱਕ ਪਹੁੰਚਾਇਆ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਪਿਛਲੇ ਕਾਫ਼ੀ ਸਮੇਂ ਤੋਂ ਜਗਰਾਉਂ ਦੇ ਲੋਕਾਂ ਵਿਚ ਉਨ੍ਹਾਂ ਦੀ ਸੇਵਾ ਕਰਨ ਰਹੇ ਅਤੇ ਜਗਰਾਉਂ ਸ਼ਹਿਰ ਦੇ ਅਤੇ ਸਮੱਸਿਆਵਾਂ ਬਾਰੇ ਉਨ੍ਹਾਂ ਨੂੰ ਚੰਗੀ ਤਰ੍ਹਾਂ ਜਾਣਕਾਰੀ ਹੋ ਚੁੱਕੀ ਹੈ। ਉਨ੍ਹਾਂ ਕਿਹਾ ਕਿ ਚਾਹੇ ਸਮੱਸਿਆਵਾਂ ਆਮ ਜਨਤਾ, ਵਪਾਰੀ, ਕਿਸਾਨ, ਮਜ਼ਦੂਰ, ਸੀਵਰੇਜ, ਸਾਫ਼ ਪਾਣੀ, ਲਾਈਟਾਂ ਅਤੇ ਸਕੂਲਾਂ ਦੀ ਹੋਵੇ ਸਾਰਿਆ ਨੂੰ ਪਹਿਲ ਦੇ ਆਧਾਰ ਤੇ ਹੱਲ ਕੀਤਾ ਜਾਵੇਗਾ। ਉਨ੍ਹਾਂ ਸ਼ਹਿਰ ਵਾਸੀਆਂ ਪੂਰਨ ਭਰੋਸਾ ਦਿੱਤਾ ਉਹ ਜਗਰਾਉਂ ਸ਼ਹਿਰ ਦੀ ਦਸ਼ਾ ਤੇ ਦਿਸ਼ਾ ਬਦਲਣ ਲਈ ਦਿਨ ਰਾਤ ਇਕ ਕਰ ਦੇਣਗੇ ਅਤੇ ਸ਼ਹਿਰ ਵਾਸੀਆਂ ਦਾ ਹਰ ਵੇਲੇ ਸੁੱਖ ਦੁੱਖ ਵਿਚ ਸਾਥ ਦੇਣਗੇ। ਇਸ ਮੌਕੇ ਵੱਡੀ ਗਿਣਤੀ ਵਿਚ ਆਮ ਆਦਮੀ ਪਾਰਟੀ ਦੇ ਵਲੰਟੀਅਰ, ਸੀਨੀਅਰ ਆਗੂ ਤੇ ਮਹਿਲਾਵਾਂ ਸ਼ਾਮਿਲ ਸਨ।

# ਸ੍ਰੀ ਰਾਮ ਸੇਵਾ ਸੰਮਤੀ ਵੱਲੋਂ ਸ੍ਰੀ ਰਾਮਲੀਲਾ ਦੇ ਮੰਚਨ ਨੂੰ ਲੈ ਕੇ ਤਿਆਰੀਆਂ ਮੁਕੰਮਲ, ਅੱਜ ਤੋਂ ਸ੍ਰੀ ਰਾਮਲੀਲਾ ਦਾ ਮੰਚਨ

**ਸ੍ਰੀ ਮੁਕਤਸਰ ਸਾਹਿਬ, 10 ਅਕਤੂਬਰ (ਆਦੇਸ਼ )** – ਸ੍ਰੀ ਰਾਮ ਸੇਵਾ ਸੰਮਤੀ ਵੱਲੋਂ ਇਸ ਵਾਰ ਵੀ ਸ਼ਹਿਰ ਵਿੱਚ ਸ੍ਰੀ ਰਾਮਲੀਲਾ ਦਾ ਮੰਚਨ ਕੀਤਾ ਜਾਵੇਗਾ। ਜਿਸ ਲਈ ਤਿਆਰੀਆਂ ਮੁਕੰਮਲ ਹੋ ਚੁੱਕੀਆਂ ਹਨ। ਬੀਤੇ ਸਾਲ ਦੀ ਤਰ੍ਹਾਂ ਇਸ ਵਾਰ ਵੀ ਰੈਡਕਰਾਸ ਭਵਨ ਵਿੱਚ ਸ੍ਰੀ ਰਾਮਲੀਲਾ ਦਾ ਮੰਚਨ ਹੋਵੇਗਾ। 11 ਅਕਤੂਬਰ ਤੋਂ ਰਾਮਲੀਲਾ ਦਾ ਮੰਚਨ ਸ਼ੁਰੂ ਹੋ ਜਾਵੇਗਾ। 20 ਅਕਤੂਬਰ ਨੂੰ ਵਿਜੈਦਸ਼ਮੀ ਦਾ ਤਿਉਹਾਰ ਵੀ ਧੂਮ-ਧਾਮ ਨਾਲ ਮਨਾਇਆ ਜਾਵੇਗਾ। ਇਸ ਸਬੰਧ ਵਿੱਚ ਸੰਮਤੀ ਵੱਲੋਂ ਅਧਿਕਾਰੀਆਂ, ਆਗੂਆਂ ਅਤੇ ਪਤਵੰਤੇ ਸੱਜਣਾਂ ਨੂੰ ਸੱਦਾ ਪੱਤਰ ਸੌਂਪਣ ਦੀ ਮੁਹਿੰਮ ਜਾਰੀ ਹੈ। ਇਸ ਤਹਿਤ ਬਾਰ ਐਸੋਸੀਏਸ਼ਨ ਦੇ ਪ੍ਰਧਾਨ ਮਨਜਿੰਦਰ ਸਿੰਘ ਚਾਹਲ, ਸਕੱਤਰ ਵਿੱਕੀ

ਰੁਪਾਣਾ, ਭਾਜਪਾ ਦੇ ਸਪੋਕਸਪਰਸਨ ਮਿੰਕਲ ਬਜਾਜ ਸਮੇਤ ਹੋਰ ਪਤਵੰਤੇ ਲੋਕਾਂ ਨੂੰ ਸੱਦਾ ਪੱਤਰ ਸੌਂਪੇ ਗਏ। ਪ੍ਰਧਾਨ ਰਮਨ ਗਿਰਧਰ ਅਤੇ ਚੇਅਰਮੈਨ ਰਾਹੁਲ ਚੁਘ ਨੇ ਕਿਹਾ ਕਿ ਕਿਸੇ ਕਿਸਮ ਦੀ ਜਾਣਕਾਰੀ ਜਾਂ ਸਹਿਯੋਗ ਦੇਣ ਲਈ ਸੁਰਿੰਦਰ ਧਵਨ ਨਾਲ 94633-82115 ਅਤੇ ਰਾਜੇਸ਼ ਕੁਮਾਰ ਕੁੱਕੂ ਨਾਲ 70097-04379 ਨੰਬਰ 'ਤੇ ਸੰਪਰਕ ਕੀਤਾ ਜਾ ਸਕਦਾ ਹੈ। ਉਨ੍ਹਾਂ ਕਿਹਾ ਕਿ ਸ੍ਰੀ ਰਾਮਲੀਲਾ ਦੇ ਸ਼ੁਰੂਆਤ ਮੌਕੇ ਖੂਨਦਾਨ ਕੈਂਪ ਵੀ ਲਗਾਇਆ ਜਾਵੇਗਾ ਇਸ ਮੌਕੇ ਸੰਜੀਵ ਖੇੜਾ, ਸੰਜੀਵ ਗਾਵਡੀ, ਐਡਵੋਕੇਟ ਸੰਜੀਵ ਗੁਪਤਾ, ਅੰਮ੍ਰਿਤ ਲਾਲ ਖੁਰਾਣਾ, ਸੁਰਿੰਦਰ ਧਵਨ, ਰਾਕੇਸ਼ ਬਾਬਾ ਵਾਟਸ, ਪ੍ਰੋਜੈਕਟ ਇੰਚਾਰਜ ਅਸ਼ਵਨੀ ਆਰੀਆ, ਕ੍ਰਿਸ਼ਨ ਕੁਮਾਰ ਬੰਟੀ ਗੋਇਲ, ਨੀਟੂ ਦੂਮੜਾ, ਰਾਜੇਸ਼ ਬਾਂਸਲ ਡੀਕੇ ਜਵੈਲਰਜ਼, ਰਾਜੀਵ ਆਹੂਜਾ ਵੀ ਮੌਜੂਦ ਸਨ।

# ਮਨਾਵਾਂ ਸੋਸਾਇਟੀ ਵਿਖੇ ਧਾਰਮਿਕ ਸਮਾਗਮ ਕਰਵਾਇਆ

**ਕੋਟ ਈਸੇ ਖਾਂ, 8 ਅਕਤੂਬਰ (ਸੰਜੀਵ ਸੂਦ )** ਦੀ ਮਨਾਵਾਂ ਬਹੁਮਤਵੀ ਸਹਿਕਾਰੀ ਖੇਤੀਬਾੜੀ ਸੇਵਾ ਸਭਾ ਲਿਮਿਟਡ ਪਿੰਡ ਮਨਾਵਾਂ ਵਿਖੇ ਉਸਾਰੀ ਗਈ ਨਵੀਂ ਇਮਾਰਤ ਅਤੇ ਨਵੇਂ ਆਏ ਖੇਤੀਬਾੜੀ ਸੰਦਾ ਦੀ ਖੁਸ਼ੀ ਤੇ ਪਰਮਾਤਮਾ ਦੇ ਸ਼ੁਕਰਾਨੇ ਵਜੋਂ ਧਾਰਮਿਕ ਸਮਾਗਮ ਕਰਵਾਇਆ ਗਿਆ, ਜਿਸ ਵਿੱਚ ਹਲਕਾ ਵਿਧਾਇਕ ਦਵਿੰਦਰਜੀਤ ਸਿੰਘ ਲਾਡੀ ਢੋਸ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਮੁਹਤਬਰਾਂ ਤੇ ਸੰਗਤਾਂ ਨੇ ਸ਼ਮੂਲੀਅਤ ਕੀਤੀ। ਇਸ ਮੌਕੇ ਸ੍ਰੀ ਸੁਖਮਣੀ ਸਾਹਿਬ ਜੀ ਦੇ ਪਾਠ ਤੇ ਕਥਾ ਵਿਚਾਰਾਂ ਹੋਈਆਂ। ਉਪਰੰਤ ਵਿਧਾਇਕ ਦਵਿੰਦਰਜੀਤ ਸਿੰਘ ਲਾਡੀ ਢੋਸ ਨੇ ਸੁਸਾਇਟੀ ਦੇ ਨਵੇਂ ਕਾਰਜਾਂ ਅਤੇ ਕਰਵਾਏ ਗਏ ਧਾਰਮਿਕ ਸਮਾਗਮ ਦੀ

ਵਧਾਈ ਦਿੰਦਿਆਂ ਕਿਹਾ ਕਿ ਮਨਾਵਾਂ ਸੁਸਾਇਟੀ ਵੱਲੋਂ ਕਿਸਾਨਾਂ ਦੀ ਸਹੂਲਤ ਲਈ ਬਣਦੇ ਕਾਰਜ ਕੀਤੇ ਜਾ ਰਹੇ ਹਨ ਅਤੇ ਪਿੰਡ ਦੀ ਪੰਚਾਇਤ ਵੱਲੋਂ ਵੀ ਵਿਕਾਸ ਕਾਰਜਾਂ ਚ ਕੋਈ ਕਸਰ ਨਹੀਂ ਛੱਡੀ ਜਾ ਰਹੀ। ਉਹਨਾਂ ਕਿਹਾ ਕਿ ਹਲਕਾ ਧਰਮਕੋਟ ਦੇ ਪਿੰਡਾਂ ਸ਼ਹਿਰਾਂ ਵਿੱਚ ਉਹਨਾਂ ਵੱਲੋਂ ਪੂਰੀ ਜਿੰਮੇਵਾਰੀ ਨਾਲ ਆਪਣਾ ਫਰਜ ਨਿਭਾਇਆ ਜਾ ਰਿਹਾ ਹੈ। ਧਾਰਮਿਕ ਸਮਾਗਮ ਉਪਰੰਤ ਨਵੀਂ ਇਮਾਰਤ ਤੇ ਨਵੇਂ ਖੇਤੀਬਾੜੀ ਸੰਦਾਂ ਦੇ ਉਦਘਾਟਨ ਸਮੇਂ ਵਿਧਾਇਕ ਲਾਡੀ ਢੋਸ ਨੇ ਕਿਹਾ ਕਿ ਮਨਾਵਾਂ ਸੁਸਾਇਟੀ 'ਚ ਪ੍ਰਧਾਨ ਤੇ ਮੈਂਬਰਾਂ ਵੱਲੋਂ ਪੰਚਾਇਤ ਦੇ ਸਹਿਯੋਗ ਨਾਲ ਸੋਹਣੀ ਬਿਲਡਿੰਗ ਬਣਾਈ ਗਈ ਹੈ ਤੇ ਹੁਣ ਆਏ ਹੋਰ ਨਵੇਂ ਖੇਤੀਬਾੜੀ ਸੰਦਾਂ ਦਾ ਕਿਸਾਨਾਂ ਨੂੰ ਪੂਰਨ ਲਾਭ ਮਿਲੇਗਾ। ਇਸ ਮੌਕੇ ਸੈਕਟਰੀ ਗੁਰਮੀਤ ਸਿੰਘ ਦਾਤੇਵਾਲ ਸਟੇਜ ਸਕੱਤਰ, ਸਰਪੰਚ ਪਰਮਿੰਦਰ ਸਿੰਘ, ਪ੍ਰਧਾਨ ਜਗਰਾਜ ਸਿੰਘ ਤੇ ਹੋਰਨਾਂ ਆਗੂਆਂ ਨੇ ਵੀ ਬੋਲਦਿਆਂ ਅੱਜ ਦੇ ਇਸ ਸਮਾਗਮ ਦੀ ਸਫਲਤਾ ਲਈ ਸਭਨਾਂ ਦਾ ਧੰਨਵਾਦ ਕੀਤਾ। ਇਸ ਸਮਾਗਮ ਦੌਰਾਨ ਰਸਪਾਲ ਸਿੰਘ ਏ. ਆਰ, ਯਾਦਵਿੰਦਰ ਸਿੰਘ ਸੁਸਾਇਟੀ ਸੈਕਟਰੀ, ਸਵਰਨ ਸਿੰਘ ਸਕੱਤਰ, ਗੁਰਪ੍ਰੀਤ ਸਿੰਘ ਪੁਆਰ ਸਕੱਤਰ, ਸੇਵਕ ਸਿੰਘ ਸਾਬਕਾ ਸਰਪੰਚ, ਅਮਰਜੀਤ ਸਿੰਘ ਸੰਧੂ, ਸੁਖਦੇਵ ਸਿੰਘ ਸ